PAIGAM-E-JAGAT
# ਪੈਗ਼ਾਮ-ਏ-ਜਗਤ

'ਅੱਖ ਦੇ ਬਦਲੇ ਅੱਖ ਪੂਰੀ ਦੁਨੀਆ ਨੂੰ ਅੰਨ੍ਹਾ ਕਰ ਦੇਵੇਗੀ।'
-ਮਹਾਤਮਾ ਗਾਂਧੀ

Title code : CHAMUL00914 | E-mail : Info@paigamejagat.com | ਬੁੱਧਵਾਰ, 30 ਸਤੰਬਰ 2026, ਸਾਲ-4, ਅੰਕ-8, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701




ਕੈਂਸਰ ਦੀਆਂ ਦਵਾਈਆਂ ਦੀਆਂ ਉੱਚੀਆਂ ਕੀਮਤਾਂ 'ਤੇ ਸੁਪਰੀਮ ਕੋਰਟ ਸਖ਼ਤ

## 2700 ਰੁ. ਦੀ ਦਵਾਈ 'ਤੇ 27,000 ਐੱਮਆਰਪੀ ਕਿਵੇਂ ਲਿਖੀ : ਅਦਾਲਤ

ਨਵੀਂ ਦਿੱਲੀ, 29 ਸਤੰਬਰ
(ਪੈਗ਼ਾਮ-ਏ-ਜਗਤ)

ਸੁਪਰੀਮ ਕੋਰਟ ਨੇ ਕੈਂਸਰ ਦੀਆਂ ਦਵਾਈਆਂ ਦੀਆਂ ਉੱਚੀਆਂ ਕੀਮਤਾਂ ਨੂੰ ਲੈ ਕੇ ਕੇਂਦਰ ਸਰਕਾਰ ਤੋਂ ਸਖ਼ਤ ਸਵਾਲ ਕੀਤੇ ਹਨ ਅਦਾਲਤ ਨੇ ਇਸ ਨੂੰ ਕਤਲੇਆਮ ਕਰਾਰ ਦਿੱਤਾ ਹੈ। ਅਦਾਲਤ ਨੇ ਪੁੱਛਿਆ ਕਿ ਜੇ ਕਿਸੇ ਕੈਂਸਰ ਦੀ ਦਵਾਈ ਦੀ ਕੀਮਤ 2700 ਰੁਪਏ ਹੈ ਤਾਂ ਉਸ 'ਤੇ 27 ਹਜ਼ਾਰ ਰੁਪਏ ਦੀ ਵੱਧ ਤੋਂ ਵੱਧ ਐੱਮਆਰਪੀ ਕਿਵੇਂ ਲਿਖੀ ਜਾ ਸਕਦੀ ਹੈ। ਅਦਾਲਤ ਨੇ ਦਵਾਈਆਂ ਦੀਆਂ ਕੀਮਤਾਂ 'ਤੇ ਚਿੰਤਾ ਜ਼ਾਹਰ ਕਰਦਿਆਂ ਪੁੱਛਿਆ ਕਿ ਇਹ ਸਭ ਕਿਵੇਂ ਹੋ ਰਿਹਾ ਹੈ।

ਜਸਟਿਸ ਵਿਕਰਮ ਨਾਥ ਅਤੇ ਜਸਟਿਸ ਸੰਦੀਪ ਮਹਿਤਾ ਦੇ ਬੈਂਚ ਨੇ ਮੰਗਲਵਾਰ ਨੂੰ ਦਵਾਈਆਂ ਦੀਆਂ ਕੀਮਤਾਂ ਅਤੇ ਜੈਨਰਿਕ ਦਵਾਈਆਂ ਨਾਲ ਸਬੰਧਤ ਪਟੀਸ਼ਨਾਂ 'ਤੇ ਸੁਣਵਾਈ ਕੀਤੀ। ਕੇਂਦਰ ਸਰਕਾਰ ਵੱਲੋਂ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਅਦਾਲਤ ਵਿੱਚ ਪੇਸ਼ ਹੋਏ।

ਅਦਾਲਤ ਨੇ ਸੁਣਵਾਈ ਦੌਰਾਨ ਦਵਾਈਆਂ ਦੀਆਂ ਕੀਮਤਾਂ 'ਤੇ ਸਖ਼ਤ ਟਿੱਪਣੀ ਕਰਦਿਆਂ ਕਿਹਾ ਕਿ ਇਹ ਬਹੁਤ ਗੰਭੀਰ ਸਥਿਤੀ ਹੈ। ਅਦਾਲਤ ਨੇ ਸਵਾਲ ਕੀਤਾ ਕਿ ਮਰੀਜ਼ਾਂ ਨੂੰ ਇੰਨੀ ਮਹਿੰਗੀ ਦਵਾਈ ਖਰੀਦਣ ਲਈ ਕਿਉਂ ਮਜਬੂਰ ਹੋਣਾ ਪੈ ਰਿਹਾ ਹੈ। ਡਰੱਗ ਪ੍ਰਾਈਸ ਕੰਟਰੋਲ ਆਰਡਰ (ਡੀਪੀਸੀਓ) ਤਹਿਤ ਜ਼ਰੂਰੀ ਦਵਾਈਆਂ ਦੀਆਂ ਕੀਮਤਾਂ ਨੂੰ ਕੰਟਰੋਲ ਕੀਤਾ ਜਾਂਦਾ ਹੈ। 2013 ਦੇ ਡੀਪੀਸੀਓ ਤਹਿਤ ਨੈਸ਼ਨਲ ਲਿਸਟ ਆਫ਼ ਅਸੈਂਸ਼ੀਅਲ ਮੈਡੀਸਿਨਜ਼ (ਐੱਨਐੱਲਈਐੱਮ) ਵਿੱਚ ਸ਼ਾਮਲ ਦਵਾਈਆਂ ਦੀ ਵੱਧ ਤੋਂ ਵੱਧ ਕੀਮਤ ਸਰਕਾਰ ਤੈਅ ਕਰਦੀ ਹੈ। ਜ਼ਰੂਰੀ ਦਵਾਈਆਂ ਦੀ ਕੀਮਤ ਤੈਅ ਕਰਦੇ ਸਮੇਂ ਬਾਜ਼ਾਰ ਵਿੱਚ ਪਹਿਲਾਂ ਤੋਂ ਵਿਕ ਰਹੀਆਂ ਦਵਾਈਆਂ ਦੀਆਂ ਕੀਮਤਾਂ ਨੂੰ ਆਧਾਰ ਬਣਾਇਆ ਜਾਂਦਾ ਹੈ। ਸਰਕਾਰ ਵੱਲੋਂ ਤੈਅ ਕੀਤੀ ਵੱਧ ਤੋਂ ਵੱਧ ਕੀਮਤ ਤੋਂ ਉੱਪਰ ਦਵਾਈ ਵੇਚਣਾ ਗੈਰ-ਕਾਨੂੰਨੀ ਹੁੰਦਾ ਹੈ। ਸਿਹਤ ਮੰਤਰਾਲਾ ਦਵਾਈਆਂ (ਬਾਕੀ ਸਫ਼ਾ 2 'ਤੇ)

### ਤਿੰਨ ਸਾਲਾਂ ਵਿੱਚ ਕੈਂਸਰ ਦੀਆਂ ਦਵਾਈਆਂ ਦੀ ਵਿਕਰੀ 56 ਫ਼ੀਸਦੀ ਵਧੀ

*ਫਾਰਮਾਸਿਊਟੀਕਲਜ਼ ਵਿਭਾਗ ਦੀ 2025-26 ਦੀ ਸਾਲਾਨਾ ਰਿਪੋਰਟ ਮੁਤਾਬਕ 2024-25 ਵਿੱਚ ਭਾਰਤ ਵਿੱਚ ਕੈਂਸਰ ਵਿਰੋਧੀ ਦਵਾਈਆਂ ਦੀ ਸਾਲਾਨਾ ਵਿਕਰੀ 5,281 ਕਰੋੜ ਰੁਪਏ ਰਹੀ। 2021-22 ਵਿੱਚ ਇਹ ਵਿਕਰੀ 3,382 ਕਰੋੜ ਰੁਪਏ ਸੀ। ਇਸ ਤਰ੍ਹਾਂ ਤਿੰਨ ਸਾਲਾਂ ਵਿੱਚ ਕੈਂਸਰ ਦੀਆਂ ਦਵਾਈਆਂ ਦੀ ਵਿਕਰੀ ਵਿੱਚ ਲਗਭਗ 56 ਫ਼ੀਸਦੀ ਵਾਧਾ ਹੋਇਆ ਹੈ। ਸੁਪਰੀਮ ਕੋਰਟ ਨੇ ਸਵਾਲ ਕੀਤਾ ਕਿ ਜੇ ਕੋਈ ਮਰੀਜ਼ ਸਰਕਾਰੀ ਸਿਹਤ ਯੋਜਨਾ ਤਹਿਤ ਇਲਾਜ ਕਰਵਾ ਰਿਹਾ ਹੈ ਤਾਂ ਦਵਾਈ ਦੀ ਇੰਨੀ ਵਧੀ ਹੋਈ ਕੀਮਤ ਦਾ ਭੁਗਤਾਨ ਕੌਣ ਕਰਦਾ ਹੈ। ਅਦਾਲਤ ਨੇ ਕਿਹਾ ਕਿ ਆਖ਼ਰਕਾਰ ਇਸ ਦਾ ਬੋਝ ਸਰਕਾਰੀ ਖ਼ਜ਼ਾਨੇ ਅਤੇ ਟੈਕਸਦਾਤਿਆਂ 'ਤੇ ਹੀ ਪੈਂਦਾ ਹੈ।*

### ਪ੍ਰਾਈਵੇਟ ਹਸਪਤਾਲ ਗਰੀਬਾਂ ਦੀ ਕਰ ਰਹੇ ਹਨ ਲੁੱਟ

*ਅਦਾਲਤ ਨੇ ਇਹ ਵੀ ਕਿਹਾ ਕਿ ਪ੍ਰਾਈਵੇਟ ਹਸਪਤਾਲ ਇੱਕ ਕਾਰੋਬਾਰ ਵਾਂਗ ਕੰਮ ਕਰ ਰਹੇ ਹਨ ਅਤੇ ਮਰੀਜ਼ਾਂ ਨੂੰ ਹਸਪਤਾਲ ਦੀ ਆਪਣੀ ਫਾਰਮੇਸੀ ਤੋਂ ਹੀ ਦਵਾਈ ਖਰੀਦਣ ਲਈ ਮਜਬੂਰ ਕੀਤਾ ਜਾਂਦਾ ਹੈ। ਕੇਂਦਰ ਸਰਕਾਰ ਵੱਲੋਂ ਪੇਸ਼ ਹੋਏ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਕਿਹਾ ਕਿ ਫਾਰਮਾ ਕੰਪਨੀਆਂ ਮੁਨਾਫ਼ਾ ਕਮਾਉਣ ਵਾਲੀਆਂ ਸੰਸਥਾਵਾਂ ਨਹੀਂ ਹਨ। ਉਨ੍ਹਾਂ ਕਿਹਾ ਕਿ ਅਜਿਹਾ ਲੱਗਦਾ ਹੈ ਕਿ ਮੁਨਾਫ਼ਾ ਕਮਾਉਣ ਵਾਲੇ ਨਿੱਜੀ ਹਸਪਤਾਲ ਹਨ। ਪਟੀਸ਼ਨਰਾਂ ਵੱਲੋਂ ਦਲੀਲ ਦਿੱਤੀ ਗਈ ਕਿ ਜਿਨ੍ਹਾਂ ਦਵਾਈਆਂ ਦੀਆਂ ਕੀਮਤਾਂ ਸਰਕਾਰ ਵੱਲੋਂ ਨਿਰਧਾਰਤ ਕੀਤੀਆਂ ਜਾਂਦੀਆਂ ਹਨ, ਉਨ੍ਹਾਂ ਦੀ ਬਾਜ਼ਾਰ ਵਿੱਚ ਹਿੱਸੇਦਾਰੀ ਘੱਟ ਹੈ। ਇਸ ਦੇ ਉਲਟ ਜਿਨ੍ਹਾਂ ਦਵਾਈਆਂ ਦੀਆਂ ਕੀਮਤਾਂ ਸਰਕਾਰ ਵੱਲੋਂ ਸਿੱਧੇ ਤੌਰ 'ਤੇ ਤੈਅ ਨਹੀਂ ਕੀਤੀਆਂ ਜਾਂਦੀਆਂ, ਉਨ੍ਹਾਂ ਦੀ ਬਾਜ਼ਾਰ ਵਿੱਚ ਹਿੱਸੇਦਾਰੀ 80 ਫ਼ੀਸਦੀ ਤੋਂ ਵੱਧ ਹੈ। ਪਟੀਸ਼ਨਰਾਂ ਨੇ ਕਿਹਾ ਕਿ ਇਸ ਕਾਰਨ* (ਬਾਕੀ ਸਫ਼ਾ 2 'ਤੇ)

## ਐੱਫ.ਬੀ.ਆਈ. ਨੇ ਗੋਲਡੀ ਬਰਾੜ ਦੇ ਸਿਰ 'ਤੇ ਸਾਢੇ ਨੌਂ ਕਰੋੜ ਰੁਪਏ ਦਾ ਇਨਾਮ ਐਲਾਨਿਆ

- ਅਮਰੀਕਾ ਦੀ 10 ਮੋਸਟ ਵਾਂਟੇਡ ਸੂਚੀ ਵਿੱਚ ਸ਼ਾਮਲ ਹੈ ਗੋਲਡੀ ਬਰਾੜ ਦਾ ਨਾਂ




ਵੈਨਕੂਵਰ, 29 ਸਤੰਬਰ
(ਪੈਗ਼ਾਮ-ਏ-ਜਗਤ)

ਅਮਰੀਕਾ ਦੀ ਪ੍ਰਮੁੱਖ ਜਾਂਚ ਏਜੰਸੀ ਫੈਡਰਲ ਬਿਊਰੋ ਆਫ਼ ਇਨਵੈਸਟੀਗੇਸ਼ਨ (ਐੱਫ.ਬੀ.ਆਈ.) ਨੇ ਕਈ ਕਥਿਤ ਵੱਡੇ ਅਪਰਾਧਾਂ ਵਿੱਚ ਨਾਮਜ਼ਦ ਕੀਤੇ ਹੋਏ ਭਾਰਤੀ ਮੂਲ ਦੇ ਸਤਿੰਦਰਜੀਤ ਸਿੰਘ ਉਰਫ਼ ਗੋਲਡੀ ਬਰਾੜ ਦੇ ਸਿਰ 'ਤੇ ਰੱਖਿਆ ਇਨਾਮ 1 ਲੱਖ ਡਾਲਰ ਤੋਂ ਵਧਾ ਕੇ 10 ਲੱਖ ਡਾਲਰ ਕਰਨ ਦਾ ਐਲਾਨ ਕੀਤਾ ਹੈ। ਉਸ ਉੱਤੇ ਜੂਨ 2023 ਵਿੱਚ ਸਰੀ ਦੇ ਗੁਰਦੁਆਰਾ ਸਾਹਿਬ ਦੀ ਪਾਰਕਿੰਗ ਵਿੱਚ ਮਾਰੇ ਗਏ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਸਾਜ਼ਿਸ਼ ਦਾ ਵੀ ਦੋਸ਼ ਹੈ। ਮਾਰੇ ਜਾਣ ਮੌਕੇ ਨਿੱਝਰ ਉਸੇ ਗੁਰਦੁਆਰਾ ਕਮੇਟੀ ਦਾ ਪ੍ਰਧਾਨ ਸੀ। ਕੈਨੇਡਾ ਪੁਲੀਸ ਵੱਲੋਂ ਉਸ ਕਤਲ ਦੇ ਦੋਸ਼ ਵਿੱਚ ਤਿੰਨ ਜਣਿਆਂ ਨੂੰ ਗ੍ਰਿਫ਼ਤਾਰ ਕਰਕੇ ਦੋਸ਼ ਆਇਦ ਕੀਤੇ ਗਏ ਸਨ ਅਤੇ ਮਾਮਲਾ ਅਦਾਲਤੀ ਸੁਣਵਾਈ ਅਧੀਨ ਹੈ।

ਐੱਫ.ਬੀ.ਆਈ. ਦੇ ਸਹਾਇਕ ਨਿਰਦੇਸ਼ਕ ਪੈਟਰਿਕ ਗਰੈਂਡੀ ਨੇ Los Angeles ਵਾਲੇ ਦਫ਼ਤਰ ਵਿੱਚ ਕੀਤੀ ਪੱਤਰਕਾਰ ਸੰਮੇਲਨ ਵਿੱਚ ਦੱਸਿਆ ਕਿ ਭਾਰਤ ਦੇ ਗੈਂਗਸਟਰ ਲਾਰੈਂਸ ਬਿਸ਼ਨੋਈ ਦਾ ਸਾਥੀ ਸਤਿੰਦਰਜੀਤ ਸਿੰਘ, ਜਿਸ ਨੂੰ ਆਮ ਕਰਕੇ ਗੋਲਡੀ ਬਰਾੜ ਵਜੋਂ ਜਾਣਿਆ ਜਾਂਦਾ ਹੈ, ਵੱਲੋਂ ਉੱਤਰੀ ਅਮਰੀਕਾ (ਯਾਨੀ ਅਮਰੀਕਾ ਅਤੇ ਕੈਨੇਡਾ) ਵਿੱਚ ਭਾੜੇ ਦੇ ਕਤਲ, ਲੁੱਟਾਂ ਅਤੇ ਫਿਰੌਤੀਆਂ ਦੇ ਦਹਿਸ਼ਤ ਦੀ ਸ਼ੁਰੂਆਤ ਕਰਨ ਕਰਕੇ ਉਸ ਨੂੰ ਅਮਰੀਕਾ ਦੀ 10 ਮੋਸਟ ਵਾਂਟੇਡ ਸੂਚੀ ਵਿੱਚ ਸ਼ਾਮਲ ਕਰ ਦਿੱਤਾ ਗਿਆ ਹੈ ਅਤੇ ਕੋਈ ਵੀ ਸੂਚਨਾਕਾਰ, ਜੋ ਉਸ ਦੀ ਗ੍ਰਿਫ਼ਤਾਰੀ ਵਿੱਚ ਮਦਦ ਕਰੇਗਾ, ਉਸ ਨੂੰ ਐਲਾਨਿਆ ਗਿਆ ਇਨਾਮ ਦਿੱਤਾ ਜਾਵੇਗਾ। ਉਸ ਨੇ ਕਿਹਾ ਕਿ ਗੋਲਡੀ ਬਰਾੜ ਨੂੰ ਫੜਨਾ ਉਨ੍ਹਾਂ ਦੀ ਪਹਿਲ ਵਿੱਚ ਸ਼ਾਮਲ ਹੋ ਗਿਆ ਹੈ।

## ਇਤਿਹਾਸਕ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026' ਪਾਸ ਕਰਨ 'ਤੇ ਨਾਨਕਸਰ ਸੰਪਰਦਾ ਵੱਲੋਂ ਸੀਐਮ ਮਾਨ ਦਾ ਸਨਮਾਨ



ਚੰਡੀਗੜ੍ਹ, 29 ਸਤੰਬਰ
(ਪੈਗ਼ਾਮ-ਏ-ਜਗਤ)

ਨਾਨਕਸਰ ਸੰਪਰਦਾ ਦੇ ਮੁਖੀ ਬਾਬਾ ਲੱਖਾ ਸਿੰਘ ਜੀ ਨੇ ਅੱਜ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕੀਤੀ ਅਤੇ ਇਤਿਹਾਸਕ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਪਾਸ ਕਰਨ ਲਈ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਹ ਕਾਨੂੰਨ ਸਿੱਖ ਭਾਈਚਾਰੇ ਦੇ ਵਲੂੰਧਰੇ ਹਿਰਦਿਆਂ 'ਤੇ ਮੱਲ੍ਹਮ ਲਾਏਗਾ ਅਤੇ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਵਿੱਚ ਮਦਦਗਾਰ ਸਾਬਤ ਹੋਵੇਗਾ। ਬਾਬਾ ਲੱਖਾ ਸਿੰਘ ਜੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਭੇਟ ਕਰਕੇ ਆਸ਼ੀਰਵਾਦ ਦਿੱਤਾ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਸ਼ਬਦ ਗੁਰੂ, ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ, ਪਵਿੱਤਰਤਾ ਅਤੇ ਮਰਿਆਦਾ ਨੂੰ ਕਾਇਮ ਰੱਖਣਾ ਉਨ੍ਹਾਂ ਦੀ ਸਰਕਾਰ ਦਾ ਮੁੱਖ ਫਰਜ਼ ਹੈ ਅਤੇ ਉਹ ਇਸ ਸੇਵਾ ਨੂੰ ਵਾਹਿਗੁਰੂ ਵੱਲੋਂ ਸੌਂਪੀ ਗਈ ਬਖਸ਼ਿਸ਼ ਮੰਨਦੇ ਹਨ।

ਇਸ ਦੌਰਾਨ ਨਾਨਕਸਰ ਸੰਪਰਦਾਇ ਦੇ ਮੁਖੀ ਬਾਬਾ ਲੱਖਾ ਸਿੰਘ ਜੀ ਨੇ ਕਿਹਾ, ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026 ਦਾ ਪਾਸ ਹੋਣਾ ਬੇਹੱਦ ਅਹਿਮ ਅਤੇ ਮਿਸਾਲੀ ਕਦਮ ਹੈ, ਜਿਸ ਨੇ ਬੇਅਦਬੀ ਦੀਆਂ ਵਾਰ-ਵਾਰ ਵਾਪਰਨ ਵਾਲੀਆਂ ਘਟਨਾਵਾਂ ਕਾਰਨ ਸਮੁੱਚੇ ਸਿੱਖ ਭਾਈਚਾਰੇ ਦੇ ਵਲੂੰਧਰੇ ਹਿਰਦਿਆਂ 'ਤੇ ਮੱਲ੍ਹਮ ਲਾਈ ਹੈ। ਇਹ ਕਾਨੂੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਅਤੇ ਪਵਿੱਤਰਤਾ ਦੀ ਰਾਖੀ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ, ਸਰਕਾਰ ਨੇ ਬੇਅਦਬੀ ਦੀਆਂ ਘਟਨਾਵਾਂ ਵਿਰੁੱਧ ਕਾਨੂੰਨ ਨੂੰ ਮਜ਼ਬੂਤ ਕਰਕੇ ਮਹੱਤਵਪੂਰਨ ਕਦਮ ਚੁੱਕਿਆ ਹੈ। ਅਜਿਹਾ ਕਾਨੂੰਨ 'ਸ਼ਬਦ ਗੁਰੂ' ਦੀ ਮਰਿਆਦਾ ਨੂੰ ਕਾਇਮ ਰੱਖਣ ਅਤੇ ਅਜਿਹੀਆਂ ਘਟਨਾਵਾਂ ਨਾਲ ਸਖ਼ਤੀ ਨਾਲ ਨਜਿੱਠਣ ਵਿੱਚ ਮਦਦਗਾਰ ਸਾਬਿਤ ਹੋਵੇਗਾ (ਬਾਕੀ ਸਫ਼ਾ 2 'ਤੇ)

ਕਠੂਆ ਦੇ ਸੀ.ਆਈ.ਐੱਸ.ਐੱਫ. ਕੈਂਪ 'ਚ ਫਾਇਰਿੰਗ

## ਜਵਾਨ ਨੇ ਸਾਥੀਆਂ 'ਤੇ ਚਲਾਈਆਂ ਗੋਲੀਆਂ, 4 ਦੀ ਮੌਤ

ਕਠੂਆ/ਜੰਮੂ, 29 ਸਤੰਬਰ
(ਪੈਗ਼ਾਮ-ਏ-ਜਗਤ)

ਜੰਮੂ-ਕਸ਼ਮੀਰ ਦੇ ਕਠੂਆ ਜ਼ਿਲ੍ਹੇ ਦੇ ਬਸੋਹਲੀ ਸਥਿਤ ਸੀ.ਆਈ.ਐੱਸ.ਐੱਫ. ਕੈਂਪ ਵਿੱਚ ਇੱਕ ਜਵਾਨ ਵੱਲੋਂ ਆਪਣੇ ਹੀ ਸਾਥੀ ਜਵਾਨਾਂ 'ਤੇ ਗੋਲੀਬਾਰੀ ਕਰਨ ਦੀ ਦੁਖਦਾਈ ਘਟਨਾ ਸਾਹਮਣੇ ਆਈ ਹੈ, ਜਿਸ ਵਿੱਚ ਚਾਰ ਜਵਾਨਾਂ ਦੀ ਮੌਤ ਹੋ ਗਈ ਹੈ। ਇਹ ਘਟਨਾ ਸ਼ਾਮ ਲਗਭਗ 7:10 ਵਜੇ ਵਾਪਰੀ। ਮਾਰੇ ਗਏ ਚਾਰ ਜਵਾਨਾਂ ਵਿੱਚ ਸੀ.ਆਈ.ਐੱਸ.ਐੱਫ. ਦਾ ਇੱਕ ਅਸਿਸਟੈਂਟ ਕਮਾਂਡੈਂਟ ਰੈਂਕ ਦਾ ਅਧਿਕਾਰੀ ਵੀ ਸ਼ਾਮਲ ਹੈ। ਸ਼ੁਰੂਆਤੀ ਤੌਰ 'ਤੇ ਇਸ ਘਟਨਾ ਨੂੰ ਆਪਸੀ ਗੋਲੀਬਾਰੀ ਵਜੋਂ ਦੇਖਿਆ ਜਾ ਰਿਹਾ ਹੈ। ਹਾਲਾਂਕਿ, ਫਾਇਰਿੰਗ ਦੇ ਅਸਲ ਕਾਰਨਾਂ ਅਤੇ ਘਟਨਾ ਦੇ ਪਿੱਛੇ ਦੀਆਂ ਸਥਿਤੀਆਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ ਅਤੇ ਮਾਮਲੇ ਦੀ ਜਾਂਚ ਜਾਰੀ ਹੈ। ਘਟਨਾ ਦੀ ਸੂਚਨਾ ਮਿਲਦੇ ਹੀ ਕਠੂਆ ਜ਼ਿਲ੍ਹਾ ਪੁਲਸ ਦੀ ਟੀਮ ਵੀ ਮੌਕੇ 'ਤੇ ਪਹੁੰਚ ਗਈ।

ਇਸ ਮਾਮਲੇ ਵਿੱਚ ਸੀ.ਆਈ.ਐੱਸ.ਐੱਫ. ਹੈੱਡਕੁਆਰਟਰ ਨੇ 'ਕੋਰਟ ਆਫ਼ ਇਨਕੁਆਰੀ' ਦੇ ਹੁਕਮ ਦਿੱਤੇ ਹਨ ਅਤੇ ਡੀ.ਜੀ. ਸੀ.ਆਈ.ਐੱਸ.ਐੱਫ. ਖੁਦ ਪੂਰੀ ਘਟਨਾ ਦੀ ਨਿਗਰਾਨੀ ਕਰ ਰਹੇ ਹਨ। ਦੱਸਣਯੋਗ ਹੈ ਕਿ ਇਹ ਇਲਾਕਾ ਹਿਮਾਚਲ ਪ੍ਰਦੇਸ਼ ਦੇ ਚੰਬਾ ਜ਼ਿਲ੍ਹੇ ਦੀ ਸਰਹੱਦ ਦੇ ਨੇੜੇ ਸਥਿਤ ਹੈ।

## ਏਸ਼ਿਆਈ ਖੇਡਾਂ ਵਿੱਚ ਭਾਰਤ ਨੂੰ ਛੇਵਾਂ ਸੋਨ ਤਗਮਾ

- 4x400 ਮੀਟਰ ਮਹਿਲਾ ਰਿਲੇਅ ਵਿੱਚ ਭਾਰਤ ਨੇ ਜਿੱਤਿਆ ਸੋਨ ਤਗਮਾ; ਭਾਰਤ ਨੇ ਲਗਾਤਾਰ ਛੇਵੀਂ ਵਾਰ ਹਾਸਲ ਕੀਤੇ 50 ਤੋਂ ਵੱਧ ਤਗਮੇ

ਮਹਿਲਾ ਰਿਲੇਅ ਟੀਮ ਨੇ ਰਚਿਆ ਇਤਿਹਾਸ



ਨਾਗੋਆ, 29 ਸਤੰਬਰ
(ਪੈਗ਼ਾਮ-ਏ-ਜਗਤ)

ਭਾਰਤ ਨੇ ਏਸ਼ਿਆਈ ਖੇਡਾਂ ਵਿੱਚ 4x400 ਮੀਟਰ ਮਹਿਲਾ ਰਿਲੇਅ ਦੌੜ ਵਿੱਚ ਸੋਨ ਤਗਮਾ ਜਿੱਤ ਲਿਆ ਹੈ। ਭਾਰਤੀ ਟੀਮ ਨੇ 3 ਮਿੰਟ 29.69 ਸਕਿੰਟ ਦੇ ਸਮੇਂ ਨਾਲ ਦੌੜ ਪੂਰੀ ਕਰਦਿਆਂ ਸੋਨ ਤਗਮਾ ਆਪਣੇ ਨਾਂ ਕੀਤਾ। ਇਹ ਏਸ਼ਿਆਈ ਖੇਡਾਂ ਵਿੱਚ ਭਾਰਤ ਦਾ ਛੇਵਾਂ ਸੋਨ ਤਗਮਾ ਹੈ।

ਇਸ ਦੇ ਨਾਲ ਹੀ ਭਾਰਤ ਨੇ ਏਸ਼ਿਆਈ ਖੇਡਾਂ ਵਿੱਚ ਲਗਾਤਾਰ ਛੇਵੀਂ ਵਾਰ 50 ਜਾਂ ਇਸ ਤੋਂ ਵੱਧ ਤਗਮੇ ਜਿੱਤਣ ਦਾ ਰਿਕਾਰਡ ਵੀ ਕਾਇਮ ਰੱਖਿਆ ਹੈ। ਸਾਲ 2006 ਤੋਂ ਭਾਰਤ ਨੇ ਹਰ ਏਸ਼ਿਆਈ ਖੇਡਾਂ ਵਿੱਚ ਘੱਟੋ-ਘੱਟ 50 ਤਗਮੇ ਜਿੱਤੇ ਹਨ।

ਭਾਰਤੀ ਅਥਲੀਟ ਗੁਲਵੀਰ ਸਿੰਘ ਨੇ 5000 ਮੀਟਰ ਦੌੜ ਵਿੱਚ ਕਾਂਸੀ ਦਾ ਤਗਮਾ ਜਿੱਤ ਕੇ ਏਸ਼ਿਆਈ ਖੇਡਾਂ ਵਿੱਚ ਤਗਮਿਆਂ ਦੀ ਹੈਟ੍ਰਿਕ ਪੂਰੀ ਕਰ ਲਈ। ਉਨ੍ਹਾਂ ਨੇ 13 ਮਿੰਟ 32.75 ਸਕਿੰਟ ਦੇ ਸਮੇਂ ਨਾਲ ਦੌੜ ਪੂਰੀ ਕੀਤੀ।

ਇਸ ਤੋਂ ਪਹਿਲਾਂ ਗੁਲਵੀਰ 10 ਹਜ਼ਾਰ ਮੀਟਰ ਅਤੇ 1500 ਮੀਟਰ ਦੌੜ ਵਿੱਚ ਚਾਂਦੀ ਦੇ ਤਗਮੇ ਜਿੱਤ ਚੁੱਕੇ ਹਨ। ਉਹ ਏਸ਼ਿਆਈ ਖੇਡਾਂ ਦੇ ਇੱਕੋ ਗੇੜ ਵਿੱਚ ਤਿੰਨ ਤਗਮੇ ਜਿੱਤਣ ਵਾਲੇ ਪਹਿਲੇ ਭਾਰਤੀ ਪੁਰਸ਼ ਦੌੜਾਕ ਬਣ ਗਏ ਹਨ। ਭਾਰਤੀ ਨਿਸ਼ਾਨੇਬਾਜ਼ ਨੀਰੂ ਢਾਂਡਾ ਨੇ ਮਹਿਲਾਵਾਂ ਦੀ ਟਰੈਪ ਸ਼ੂਟਿੰਗ ਵਿੱਚ ਸੋਨ ਤਗਮਾ ਜਿੱਤ ਕੇ ਇਤਿਹਾਸ ਰਚ ਦਿੱਤਾ। ਉਹ ਇਸ ਮੁਕਾਬਲੇ ਵਿੱਚ ਸੋਨ ਤਗਮਾ ਜਿੱਤਣ ਵਾਲੀ ਪਹਿਲੀ ਭਾਰਤੀ ਮਹਿਲਾ ਬਣੀ ਹੈ। ਨੀਰੂ 10 ਦਿਨ ਪਹਿਲਾਂ ਫਲੂ ਕਾਰਨ ਹਸਪਤਾਲ ਵਿੱਚ ਦਾਖ਼ਲ ਸੀ। ਬਿਮਾਰੀ ਤੋਂ ਠੀਕ ਹੋਣ ਤੋਂ ਬਾਅਦ ਉਨ੍ਹਾਂ ਨੇ (ਬਾਕੀ ਸਫ਼ਾ 2 'ਤੇ)

## ਅਮਿਤ ਸ਼ਾਹ ਦਾ ਜਲੰਧਰ ਦੌਰਾ ਅੱਜ



ਜਲੰਧਰ, 29 ਸਤੰਬਰ
(ਪੈਗ਼ਾਮ-ਏ-ਜਗਤ)

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਭਲਕੇ 30 ਸਤੰਬਰ ਨੂੰ ਜਲੰਧਰ ਪਹੁੰਚ ਰਹੇ ਹਨ। ਉਨ੍ਹਾਂ ਦੇ ਦੌਰੇ ਨੂੰ ਲੈ ਕੇ ਭਾਜਪਾ ਵੱਲੋਂ ਜਲੰਧਰ ਵਿਚ ਹੋਣ ਵਾਲੀ ਮਹਾਂਰੈਲੀ ਦੀਆਂ ਤਿਆਰੀਆਂ ਲਗਭਗ ਮੁਕੰਮਲ ਹੋ ਗਈਆਂ ਹਨ। ਇਹ ਰੈਲੀ ਨਸ਼ਾ ਵਿਰੋਧੀ ਯਾਤਰਾ ਦੇ ਸਮਾਪਤੀ ਸਮਾਗਮ ਵਜੋਂ ਕਰਵਾਈ ਜਾ ਰਹੀ ਹੈ। ਸੂਤਰਾਂ ਮੁਤਾਬਕ ਰੈਲੀ ਲਈ ਜਲੰਧਰ ਵਿਚ ਵੱਡੇ ਪੱਧਰ 'ਤੇ ਪ੍ਰਬੰਧ ਕੀਤੇ ਗਏ ਹਨ, ਜਿਸ ਦੇ ਚੱਲਦੇ ਲਗਭਗ 28 ਏਕੜ ਜ਼ਮੀਨ ਵਿਚ ਵਿਸ਼ਾਲ ਪੰਡਾਲ ਤਿਆਰ ਕੀਤਾ ਗਿਆ ਹੈ, ਜਦਕਿ ਸਮੁੱਚੇ ਸਮਾਗਮ ਲਈ ਲਗਭਗ 63 ਏਕੜ ਦਾ ਮੈਦਾਨ ਤਿਆਰ ਕੀਤਾ ਗਿਆ ਹੈ। ਇਸ ਰੈਲੀ ਲਈ 80 ਹਜ਼ਾਰ (ਬਾਕੀ ਸਫ਼ਾ 2 'ਤੇ)

## ਮਿਆਂਮਾਰ 'ਚ ਬਾਜ਼ਾਰ 'ਤੇ ਹੋਏ ਹਵਾਈ ਹਮਲੇ ਵਿੱਚ 49 ਮੌਤਾਂ

- ਰਾਖੀਨ ਸੂਬੇ ਵਿੱਚ ਲੜਾਕੂ ਜਹਾਜ਼ ਨੇ ਦੋ ਬੰਬ ਸੁੱਟੇ, 58 ਜ਼ਖ਼ਮੀ; ਫੌਜ ਵੱਲੋਂ ਕੋਈ ਟਿੱਪਣੀ ਨਹੀਂ



ਬੈਂਕਾਕ, 29 ਸਤੰਬਰ
(ਪੈਗ਼ਾਮ-ਏ-ਜਗਤ)

ਮਿਆਂਮਾਰ ਦੇ ਪੱਛਮੀ ਰਾਖੀਨ ਸੂਬੇ ਵਿੱਚ ਇੱਕ ਬਾਜ਼ਾਰ ਨੇੜੇ ਫੌਜੀ ਹਵਾਈ ਹਮਲੇ ਵਿੱਚ ਘੱਟੋ-ਘੱਟ 49 ਲੋਕ ਮਾਰੇ ਗਏ ਅਤੇ 58 ਹੋਰ ਜ਼ਖ਼ਮੀ ਹੋ ਗਏ। ਇਹ ਹਮਲਾ ਕਿਆਉਕਟਾਵ ਕਸਬੇ ਵਿੱਚ ਹੋਇਆ, ਜੋ ਕਿ ਇੱਕ ਸ਼ਕਤੀਸ਼ਾਲੀ ਨਸਲੀ ਹਥਿਆਰਬੰਦ ਸਮੂਹ, 'ਅਰਾਕਾਨ ਆਰਮੀ' ਦੇ ਕੰਟਰੋਲ ਹੇਠ ਹੈ।

ਅਰਾਕਾਨ ਆਰਮੀ ਅਨੁਸਾਰ, ਸੋਮਵਾਰ ਦੁਪਹਿਰ ਨੂੰ ਇੱਕ ਲੜਾਕੂ ਜਹਾਜ਼ ਨੇ ਸਥਾਨਕ ਬਾਜ਼ਾਰ ਨੇੜੇ ਦੋ ਬੰਬ ਸੁੱਟੇ। ਇਸ ਧਮਾਕੇ ਦੀ ਲਪੇਟ ਵਿੱਚ ਦੁਕਾਨਦਾਰ, ਖਰੀਦਦਾਰ ਅਤੇ ਰਾਹਗੀਰ ਆ ਗਏ। ਜ਼ਖ਼ਮੀਆਂ ਵਿੱਚੋਂ 22 ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਰਾਖੀਨ ਵਿੱਚ ਬਚਾਅ ਕਾਰਜਾਂ ਵਿੱਚ ਸ਼ਾਮਲ ਇੱਕ ਸੀਨੀਅਰ ਅਧਿਕਾਰੀ, ਵਾਈ ਹੁਨ ਔਂਗ ਨੇ ਘਟਨਾ ਵਾਲੀ ਥਾਂ 'ਤੇ ਮੌਜੂਦ ਬਚਾਅ ਕਰਮਚਾਰੀਆਂ ਦਾ ਹਵਾਲਾ ਦਿੰਦੇ ਹੋਏ ਮ੍ਰਿਤਕਾਂ ਅਤੇ ਜ਼ਖ਼ਮੀਆਂ ਦੀ ਗਿਣਤੀ ਦੀ ਪੁਸ਼ਟੀ ਕੀਤੀ।

ਉਨ੍ਹਾਂ ਨੇ ਇਸ ਨੂੰ ਰਾਖੀਨ ਵਿੱਚ ਹੋਏ ਸਭ ਤੋਂ ਭਿਆਨਕ ਹਵਾਈ ਹਮਲਿਆਂ ਵਿੱਚੋਂ ਇੱਕ ਦੱਸਿਆ। ਇਸ ਹਮਲੇ ਦੀ ਸੁਤੰਤਰ ਤੌਰ 'ਤੇ ਪੁਸ਼ਟੀ ਨਹੀਂ ਕੀਤੀ ਜਾ ਸਕੀ। ਫੌਜ ਨੇ ਇਸ ਘਟਨਾ 'ਤੇ ਤੁਰੰਤ ਕੋਈ ਟਿੱਪਣੀ ਨਹੀਂ ਕੀਤੀ। ਸੋਸ਼ਲ ਮੀਡੀਆ 'ਤੇ ਸਾਂਝੀਆਂ ਕੀਤੀਆਂ ਗਈਆਂ ਤਸਵੀਰਾਂ ਅਤੇ ਵੀਡੀਓਜ਼ ਵਿੱਚ ਨੁਕਸਾਨੇ ਗਏ ਵਾਹਨ, ਸੜਦੀਆਂ ਇਮਾਰਤਾਂ ਅਤੇ ਡਿੱਗੇ ਹੋਏ ਪੁਲ ਦਾ ਇੱਕ ਹਿੱਸਾ ਦਿਖਾਈ ਦੇ ਰਿਹਾ ਹੈ। ਫਰਵਰੀ 2021 (ਬਾਕੀ ਸਫ਼ਾ 2 'ਤੇ)



## ਮਨਾਲੀ ਬਰਫ਼ ਦੀ ਚਿੱਟੀ ਚਾਦਰ ਵਿੱਚ ਲਿਪਟੀ

ਧੁੱਪ ਵਿੱਚ ਚਮਕੀਆਂ ਪਹਾੜੀਆਂ ਦੀਆਂ ਚੋਟੀਆਂ

- ਤਾਜ਼ਾ ਬਰਫ਼ਬਾਰੀ ਮਗਰੋਂ ਅਸਮਾਨ ਸਾਫ਼; ਤਾਪਮਾਨ ਡਿੱਗਣ ਨਾਲ ਵਧੀ ਠੰਢ

ਮਨਾਲੀ, 29 ਸਤੰਬਰ
(ਪੈਗ਼ਾਮ-ਏ-ਜਗਤ)

ਮਨਾਲੀ ਦੀਆਂ ਉੱਚੀਆਂ ਚੋਟੀਆਂ 'ਤੇ ਹੋਈ ਤਾਜ਼ਾ ਬਰਫ਼ਬਾਰੀ ਨੇ ਪੂਰੇ ਇਲਾਕੇ ਨੂੰ ਚਿੱਟੀ ਚਾਦਰ ਨਾਲ ਢੱਕ ਦਿੱਤਾ ਹੈ। ਮੰਗਲਵਾਰ ਸਵੇਰੇ ਜਦੋਂ ਅਸਮਾਨ ਸਾਫ਼ ਹੋਇਆ ਅਤੇ ਧੁੱਪ ਨਿਕਲੀ, ਤਾਂ ਬਰਫ਼ ਨਾਲ ਢੱਕੀਆਂ ਚੋਟੀਆਂ ਚਮਕ ਉੱਠੀਆਂ। ਤਾਪਮਾਨ ਵਿੱਚ ਗਿਰਾਵਟ ਕਾਰਨ ਇਸ ਸੈਰ-ਸਪਾਟਾ ਨਗਰ ਵਿੱਚ ਠੰਢ ਵੀ ਵੱਧ ਗਈ ਹੈ। ਤਾਜ਼ਾ ਬਰਫ਼ਬਾਰੀ ਕਾਰਨ ਉੱਚੇ ਇਲਾਕਿਆਂ ਦੀਆਂ ਢਲਾਣਾਂ 'ਤੇ ਬਰਫ਼ ਦੀ ਮੋਟੀ ਪਰਤ ਜਮ੍ਹਾਂ ਹੋ ਗਈ ਹੈ। ਧੁੱਪ ਨਿਕਲਣ 'ਤੇ, ਸਥਾਨਕ ਲੋਕਾਂ ਅਤੇ ਸੈਲਾਨੀਆਂ ਨੂੰ ਸਾਫ਼ ਮੌਸਮ ਦੌਰਾਨ ਬਰਫ਼ ਨਾਲ ਢੱਕੀਆਂ ਪਹਾੜੀ ਲੜੀਵਾਰਾਂ ਦਾ ਸ਼ਾਨਦਾਰ ਨਜ਼ਾਰਾ ਦੇਖਣ ਨੂੰ ਮਿਲਿਆ। ਬਰਫ਼ (ਬਾਕੀ ਸਫ਼ਾ 2 'ਤੇ)

645 ਕਰੋੜ ਰੁਪਏ ਦੇ ਸਰਕਾਰੀ ਫੰਡ ਘੁਟਾਲੇ ਵਿੱਚ ਜਵੈਲਰਾਂ ਤੱਕ ਪਹੁੰਚੀ ਈ.ਡੀ.

## ਚੰਡੀਗੜ੍ਹ-ਮੋਹਾਲੀ-ਪੰਚਕੂਲਾ ਵਿੱਚ 14 ਠਿਕਾਣਿਆਂ 'ਤੇ ਇੱਕੋ ਸਮੇਂ ਛਾਪੇਮਾਰੀ

- ਰਕਮ ਨੂੰ ਸੋਨੇ-ਚਾਂਦੀ ਦੇ ਕਾਰੋਬਾਰ ਰਾਹੀਂ ਘੁਮਾ ਕੇ ਵੈਧ (ਕਾਨੂੰਨੀ) ਦਿਖਾਉਣ ਦਾ ਦੋਸ਼



ਚੰਡੀਗੜ੍ਹ, 29 ਸਤੰਬਰ
(ਪੈਗ਼ਾਮ-ਏ-ਜਗਤ)

ਹਰਿਆਣਾ ਦੇ ਸਰਕਾਰੀ ਖਾਤਿਆਂ ਵਿੱਚੋਂ ਕਥਿਤ ਤੌਰ 'ਤੇ ਕੱਢਵਾਏ ਗਏ 645 ਕਰੋੜ ਰੁਪਏ ਦੀ ਰਕਮ ਦੇ ਮਨੀ ਲਾਂਡਰਿੰਗ ਮਾਮਲੇ ਦੀ ਜਾਂਚ ਹੁਣ ਚੰਡੀਗੜ੍ਹ-ਟ੍ਰਾਈਸਿਟੀ ਦੇ ਜਵੈਲਰਾਂ ਤੱਕ ਪਹੁੰਚ ਗਈ ਹੈ। ਪ੍ਰਵਰਤਨ ਨਿਰਦੇਸ਼ਾਲਯ (ਈ.ਡੀ.) ਨੇ ਮੰਗਲਵਾਰ ਨੂੰ ਚੰਡੀਗੜ੍ਹ, ਮੋਹਾਲੀ ਅਤੇ ਪੰਚਕੂਲਾ ਵਿੱਚ 14 ਠਿਕਾਣਿਆਂ 'ਤੇ ਇੱਕੋ ਸਮੇਂ ਤਲਾਸ਼ੀ ਅਭਿਆਨ ਚਲਾਇਆ। ਇਸ ਕਾਰਵਾਈ ਦੇ ਘੇਰੇ ਵਿੱਚ ਮਲਿਕ ਜਵੈਲਰਜ਼, ਕੇ.ਐੱਲ.ਜੀ. ਜਵੈਲਜ਼ ਅਤੇ ਉਸ ਨਾਲ ਜੁੜੀਆਂ ਸੰਸਥਾਵਾਂ, ਐੱਮ.ਬੀ. ਗੋਲਡ ਟਰੇਡਰਜ਼, ਸ਼ਾਮ ਜਵੈਲਰਜ਼ ਅਤੇ ਸੁੰਦਰ ਜਵੈਲਰਜ਼ ਸਮੇਤ ਕਈ ਅਦਾਰੇ ਆਏ।

ਜਾਂਚ ਏਜੰਸੀ ਅਨੁਸਾਰ, ਸਰਕਾਰੀ ਰਕਮ ਨੂੰ ਵੱਖ-ਵੱਖ ਬੈਂਕ ਖਾਤਿਆਂ ਵਿੱਚ ਭੇਜਣ ਤੋਂ ਬਾਅਦ ਜਵੈਲਰਾਂ ਦੇ ਖਾਤਿਆਂ ਰਾਹੀਂ ਘੁਮਾਇਆ ਗਿਆ ਅਤੇ ਇਸ ਨੂੰ ਕਾਰੋਬਾਰ ਨਾਲ ਜੁੜਿਆ ਆਮ ਲੈਣ-ਦੇਣ ਦਿਖਾਉਣ ਦਾ ਯਤਨ ਕੀਤਾ ਗਿਆ। ਇਸ ਪੂਰੀ ਕੜੀ ਵਿੱਚ ਇੱਕ ਕਥਿਤ ਵਿਚੋਲੇ ਗੌਰਵ ਕੰਸਲ ਦੀ ਭੂਮਿਕਾ ਵੀ ਜਾਂਚ ਦੇ ਘੇਰੇ ਵਿੱਚ ਹੈ।

ਈ.ਡੀ. ਦੀ ਇਹ ਕਾਰਵਾਈ ਹਰਿਆਣਾ ਪੁਲਿਸ ਦੁਆਰਾ ਫਰਵਰੀ 2026 ਵਿੱਚ ਦਰਜ ਕੀਤੀ ਗਈ ਐਫ.ਆਈ.ਆਰ. ਦੇ ਆਧਾਰ 'ਤੇ ਸ਼ੁਰੂ ਹੋਈ ਮਨੀ ਲਾਂਡਰਿੰਗ ਜਾਂਚ ਦਾ ਹਿੱਸਾ ਹੈ। ਇਹ ਮਾਮਲਾ ਹਰਿਆਣਾ ਦੇ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਆਈਡੀਐਫਸੀ ਫਰਸਟ ਬੈਂਕ ਅਤੇ 1" ਸਮਾਲ ਫਾਈਨਾਂਸ ਬੈਂਕ ਵਿੱਚ ਰੱਖੇ ਸਰਕਾਰੀ ਖਾਤਿਆਂ ਦੇ ਬੈਲੇਂਸ ਵਿੱਚ ਸਾਹਮਣੇ ਆਈ ਗੜਬੜੀ ਨਾਲ ਜੁੜਿਆ ਹੋਇਆ ਹੈ। ਜਾਂਚ ਵਿੱਚ ਈ.ਡੀ. ਨੂੰ ਅਜਿਹੇ ਲੈਣ-ਦੇਣ ਦਾ ਪਤਾ (ਬਾਕੀ ਸਫ਼ਾ 2 'ਤੇ)

ਅਮਰੀਕਾ ਵੱਲੋਂ ਭਾਰਤ ਨੂੰ ਵੱਡੀ ਰਾਹਤ

## ਕੈਂਸਰ, ਦੁਰਲੱਭ ਬਿਮਾਰੀਆਂ ਤੇ ਜੀਨ ਥੈਰੇਪੀ ਦੀਆਂ ਦਵਾਈਆਂ ਨੂੰ ਟੈਕਸ ਤੋਂ 100% ਦੀ ਛੋਟ

- ਭਾਰਤ ਸਮੇਤ 20 ਖੇਤਰਾਂ ਨੂੰ ਮਿਲਿਆ ਲਾਭ



ਨਵੀਂ ਦਿੱਲੀ, 29 ਸਤੰਬਰ
(ਪੈਗ਼ਾਮ-ਏ-ਜਗਤ)

ਅਮਰੀਕਾ ਨੇ ਐਲਾਨ ਕੀਤਾ ਹੈ ਕਿ ਭਾਰਤ ਸਮੇਤ 19 ਹੋਰ ਭਾਈਵਾਲ ਖੇਤਰਾਂ ਤੋਂ ਮੰਗਵਾਈਆਂ ਜਾਣ ਵਾਲੀਆਂ ਖਾਸ ਸਪੈਸ਼ਲਿਟੀ ਦਵਾਈਆਂ ਅਤੇ ਉਨ੍ਹਾਂ ਦੀ ਸਮੱਗਰੀ (ਕੰਪੋਨੈਂਟਸ) ਉੱਤੇ ਕੋਈ ਆਯਾਤ ਡਿਊਟੀ ਨਹੀਂ ਲੱਗੇਗੀ। ਇਹ ਫ਼ੈਸਲਾ ਅਜਿਹੇ ਸਮੇਂ ਲਿਆ ਗਿਆ ਹੈ ਜਦੋਂ ਅਮਰੀਕਾ ਕੁਝ ਖਾਸ ਪੇਟੈਂਟ ਫਾਰਮਾਸਿਊਟੀਕਲ ਉਤਪਾਦਾਂ ਉੱਤੇ ਪੂਰੇ 100 ਫੀਸਦੀ ਟੈਰਿਫ ਵੱਲ ਵਧ ਰਿਹਾ ਹੈ।

ਅਮਰੀਕੀ ਵਣਜ ਵਿਭਾਗ ਵੱਲੋਂ ਫੈਡਰਲ ਰਜਿਸਟਰ ਵਿੱਚ ਇੱਕ ਅਧਿਕਾਰਤ ਸੂਚੀ ਜਾਰੀ ਕੀਤੀ ਗਈ ਹੈ, ਜਿਸ ਵਿੱਚ ਉਨ੍ਹਾਂ ਦੇਸ਼ਾਂ ਅਤੇ ਖੇਤਰਾਂ ਦੀ ਪਛਾਣ ਕੀਤੀ ਗਈ ਹੈ ਜਿਨ੍ਹਾਂ ਦੇ ਯੋਗ ਫਾਰਮਾਸਿਊਟੀਕਲ ਉਤਪਾਦਾਂ ਨੂੰ ਜ਼ੀਰੋ-ਟੈਰਿਫ (ਬਿਨਾਂ ਕਿਸੇ ਟੈਕਸ) ਦੀ ਛੋਟ ਮਿਲੇਗੀ।

ਇਹ ਜ਼ੀਰੋ-ਟੈਰਿਫ ਨੀਤੀ ਹਰ ਦਵਾਈ ਉੱਤੇ ਲਾਗੂ ਨਹੀਂ ਹੁੰਦੀ। ਇਹ ਸਿਰਫ਼ ਕੁਝ ਖਾਸ ਸਪੈਸ਼ਲਿਟੀ ਫਾਰਮਾਸਿਊਟੀਕਲ ਉਤਪਾਦਾਂ ਤੱਕ ਹੀ ਸੀਮਤ ਹੈ। ਇਨ੍ਹਾਂ ਵਿੱਚ ਦੁਰਲੱਭ ਬਿਮਾਰੀਆਂ ਦੇ ਇਲਾਜ ਲਈ ਦਵਾਈਆਂ, ਪ੍ਰਮਾਣੂ ਦਵਾਈਆਂ (ਨਿਊਕਲੀਅਰ ਮੈਡੀਸਨਜ਼), ਪਲਾਜ਼ਮਾ ਤੋਂ ਤਿਆਰ ਥੈਰੇਪੀਆਂ ਅਤੇ ਬੱਚਾ ਪੈਦਾ ਕਰਨ ਦੀ ਸਮਰੱਥਾ (ਫਰਟੀਲਿਟੀ) ਨਾਲ ਜੁੜੀਆਂ ਦਵਾਈਆਂ ਸ਼ਾਮਲ ਹਨ। ਇਸ ਛੋਟ ਵਿੱਚ ਸੈੱਲ ਅਤੇ ਜੀਨ ਥੈਰੇਪੀਆਂ, ਐਂਟੀਬਾਡੀ-ਡਰੱਗ ਕੌਂਜੂਗੇਟਸ ਅਤੇ ਰਸਾਇਣਕ, ਜੈਵਿਕ, ਰੇਡੀਓਲਾਜੀਕਲ ਅਤੇ ਪ੍ਰਮਾਣੂ ਖਤਰਿਆਂ ਨਾਲ ਨਜਿੱਠਣ ਲਈ ਵਰਤੀਆਂ ਜਾਣ ਵਾਲੀਆਂ ਕੁਝ ਦਵਾਈਆਂ ਵੀ ਸ਼ਾਮਲ ਹਨ। ਰਿਪੋਰਟਾਂ ਮੁਤਾਬਕ ਪਸ਼ੂਆਂ ਦੀਆਂ ਕੁਝ ਦਵਾਈਆਂ ਨੂੰ ਵੀ ਇਸ (ਬਾਕੀ ਸਫ਼ਾ 2 'ਤੇ)

ਦਿੱਲੀ ਹਾਈ ਕੋਰਟ ਵੱਲੋਂ 'ਰੈੱਡ ਬੁੱਲ' ਨੂੰ ਵੱਡੀ ਰਾਹਤ

## 'ਐਨਰਜੀ ਡਰਿੰਕ' ਲੇਬਲ ਦੀ ਵਰਤੋਂ 'ਤੇ ਰੋਕ ਲਗਾਉਣ ਵਾਲਾ ਹੁਕਮ ਰੱਦ

- ਅਦਾਲਤ ਨੇ ਰੈੱਡ ਬੁੱਲ ਵੱਲੋਂ 'ਐਨਰਜੀ ਡਰਿੰਕ' ਸ਼ਬਦ ਦੀ ਵਰਤੋਂ 'ਤੇ ਲੱਗੀ ਪਾਬੰਦੀ ਹਟਾਈ




ਨਵੀਂ ਦਿੱਲੀ, 29 ਸਤੰਬਰ
(ਪੈਗ਼ਾਮ-ਏ-ਜਗਤ)

ਦਿੱਲੀ ਹਾਈ ਕੋਰਟ ਨੇ ਮੰਗਲਵਾਰ ਨੂੰ 'ਫੂਡ ਸੇਫਟੀ ਐਂਡ ਸਟੈਂਡਰਡਜ਼ ਅਥਾਰਟੀ ਆਫ ਇੰਡੀਆ' ਦੇ ਉਸ ਹੁਕਮ ਨੂੰ ਰੱਦ ਕਰ ਦਿੱਤਾ ਜਿਸ ਵਿੱਚ ਰੈੱਡ ਬੁੱਲ ਨੂੰ ਆਪਣੇ ਉਤਪਾਦਾਂ 'ਤੇ 'ਐਨਰਜੀ ਡਰਿੰਕ' ਸ਼ਬਦ ਦੀ ਵਰਤੋਂ ਬੰਦ ਕਰਨ ਲਈ ਕਿਹਾ ਗਿਆ ਸੀ। ਜਸਟਿਸ ਅਮਿਤ ਮਹਾਜਨ ਨੇ ਆਪਣੇ ਹੁਕਮ ਵਿੱਚ ਕਿਹਾ ਕਿ ਐੱਫ.ਐੱਸ.ਐੱਸ.ਏ.ਆਈ. ਨੇ ਕੰਪਨੀ ਨੂੰ ਜਵਾਬ ਦਾਖਲ ਕਰਨ ਜਾਂ ਸਪੱਸ਼ਟੀਕਰਨ ਦੇਣ ਦਾ ਮੌਕਾ ਦਿੱਤੇ ਬਿਨਾਂ ਹੀ ਇਹ ਹੁਕਮ ਜਾਰੀ ਕੀਤਾ ਸੀ। ਹਾਈ ਕੋਰਟ ਨੇ ਟਿੱਪਣੀ ਕੀਤੀ, ਪਟੀਸ਼ਨ ਮਨਜ਼ੂਰ ਕੀਤੀ ਜਾਂਦੀ ਹੈ।

ਐੱਫ.ਐੱਸ.ਐੱਸ.ਏ.ਆਈ. ਦਾ ਵਿਵਾਦਿਤ ਹੁਕਮ ਰੱਦ ਕੀਤਾ ਜਾਂਦਾ ਹੈ। ਜਵਾਬਦੇਹ ਧਿਰ ਪਟੀਸ਼ਨਕਰਤਾ ਦੀ ਗੱਲ ਸੁਣਨ ਤੋਂ ਬਾਅਦ ਨਵਾਂ ਹੁਕਮ ਜਾਰੀ ਕਰਨ ਲਈ ਆਜ਼ਾਦ ਹੈ। ਜਸਟਿਸ ਮਹਾਜਨ ਨੇ ਅੱਗੇ ਕਿਹਾ ਕਿ ਕੁਦਰਤੀ ਨਿਆਂ ਦੇ ਸਿਧਾਂਤਾਂ ਦੀ ਉਲੰਘਣਾ ਕੀਤੀ ਗਈ ਸੀ। ਹਾਈ ਕੋਰਟ ਨੇ ਕਿਹਾ ਕਿ ਇਹ ਗੱਲ ਨਿਰਵਿਵਾਦ ਹੈ ਕਿ ਅਥਾਰਟੀ ਦੇ 30 ਜੂਨ ਦੇ ਹੁਕਮ ਵਿੱਚ ਪਟੀਸ਼ਨਕਰਤਾ (ਰੈੱਡ ਬੁੱਲ) ਨੂੰ ਆਪਣੇ ਉਤਪਾਦ ਲਈ 'ਐਨਰਜੀ ਡਰਿੰਕ' ਸ਼ਬਦ ਦੀ ਵਰਤੋਂ ਨਾ ਕਰਨ ਲਈ ਕਿਹਾ ਗਿਆ ਸੀ, ਫਿਰ ਵੀ ਇਹ ਹੁਕਮ ਕੰਪਨੀ ਨੂੰ ਜਵਾਬ ਦੇਣ ਦਾ ਕੋਈ ਮੌਕਾ ਦਿੱਤੇ ਬਿਨਾਂ ਜਾਰੀ ਕੀਤਾ ਗਿਆ ਸੀ।

ਅਦਾਲਤ ਨੇ ਕਿਹਾ ਕਿ ਐੱਫ. ਐੱਸ. ਐੱਸ. ਏ. ਆਈ. ਉਚਿਤ ਪ੍ਰਕਿਰਿਆ ਦੀ ਪਾਲਣਾ ਕਰਨ ਤੋਂ ਬਾਅਦ ਇਸ ਮਾਮਲੇ 'ਤੇ ਨਵਾਂ ਫੈਸਲਾ ਲੈਣ ਲਈ ਆਜ਼ਾਦ ਹੈ, ਜਿਵੇਂ ਕਿ ਰੈੱਡ ਬੁੱਲ ਨੂੰ 'ਕਾਰਨ ਦੱਸੋ ਨੋਟਿਸ' ਜਾਰੀ ਕਰਨਾ ਅਤੇ ਉਨ੍ਹਾਂ ਨੂੰ ਆਪਣਾ ਪੱਖ ਪੇਸ਼ ਕਰਨ (ਬਾਕੀ ਸਫ਼ਾ 2 'ਤੇ)



### ਖੇਡਾਂ ਵਤਨ ਪੰਜਾਬ ਦੀਆਂ: ਜ਼ਿਲ੍ਹਾ ਪੱਧਰੀ ਖੇਡਾਂ ਦੀ ਸ਼ੁਰੂਆਤ

# ਫੁਟਬਾਲ ਵਿੱਚ ਸੁਨਾਮ ਏ ਦੀ ਟੀਮ ਨੇ ਸੁਨਾਮ ਬੀ ਦੀ ਟੀਮ ਨੂੰ 3 ਅੰਕਾਂ ਨਾਲ ਹਰਾ ਕੇ ਫਾਈਨਲ ਵਿੱਚ ਬਣਾਈ ਥਾਂ

**ਸੰਗਰੂਰ, 29 ਸਤੰਬਰ (ਪੈ.ਗਾਮ-ਏ-ਜਗਤ)**

ਖੇਡ ਵਿਭਾਗ ਪੰਜਾਬ ਵਲੋਂ ਖੇਡਾਂ ਵਤਨ ਪੰਜਾਬ ਦੀਆਂ (ਸੀਜ਼ਨ-04)-2026 ਅਧੀਨ ਬਲਾਕ ਪੱਧਰੀ ਖੇਡਾਂ ਤੋਂ ਬਾਅਦ ਹੁਣ ਜ਼ਿਲ੍ਹਾ ਪੱਧਰੀ ਖੇਡਾਂ ਤਹਿਤ ਕੁੱਲ 39 ਵੱਖ-ਵੱਖ ਖੇਡਾਂ ਕਰਵਾਈਆਂ ਜਾ ਰਹੀਆਂ ਹਨ ਤੇ ਇਹਨਾਂ ਜ਼ਿਲ੍ਹਾ ਪੱਧਰੀ ਖੇਡਾਂ ਦੌਰਾਨ ਖੇਡ ਫੁੱਟਬਾਲ, ਚੈੱਸ, ਆਰਚਰੀ, ਲਾਅਨ ਟੈਨਿਸ, (ਲੜਕੇ/ਲੜਕੀਆਂ) ਦਾ ਅੱਜ ਆਗਾਜ਼ ਕੀਤਾ ਗਿਆ।

ਇਸ ਵਿਸ਼ੇਸ਼ ਮੌਕੇ ਸ੍ਰੀ ਗੁਰਮੇਲ ਸਿੰਘ ਘਰਾਚੋਂ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਵੱਲੋਂ ਗੇਮ ਚੈੱਸ ਦਾ ਉਦਘਾਟਨ ਕੀਤਾ ਗਿਆ ਜੋ ਕਿ ਅਗਰਵਾਲ ਧਰਮਸ਼ਾਲ, ਸੁਨਾਮੀ ਗੇਟ, ਨੇੜੇ ਵੱਡਾ ਚੌਕ, ਸੰਗਰੂਰ ਵਿਖੇ ਕਰਵਾਈ ਜਾ ਰਹੀ ਹੈ। ਗੇਮ ਆਰਚਰੀ ਜੀ.ਸੀ.ਐੱਮ. ਕਾਨਵੈਂਟ ਸਕੂਲ, ਦਿੜਬਾ ਵਿਖੇ ਅਤੇ ਫੁੱਟਬਾਲ ਗੇਮ ਅਕਾਲ ਕਾਲਜ ਆਫ ਫਿਜ਼ੀਕਲ ਐਜੂਕੇਸ਼ਨ ਸ੍ਰੀ ਮਸਤੂਆਣਾ ਸਾਹਿਬ ਵਿਖੇ ਆਯੋਜਿਤ ਕਰਵਾਈ ਜਾ ਰਹੀ ਹੈ। ਮੁੱਖ ਮਹਿਮਾਨ ਵੱਲੋਂ ਖਿਡਾਰੀਆਂ ਨੂੰ



ਸ਼ੁਭ ਇਛਾਵਾਂ ਦਿੱਤੀਆਂ ਗਈਆਂ ਅਤੇ ਖੇਡ ਭਾਵਨਾ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਖੇਡ ਵਿਭਾਗ ਦੇ ਅਧਿਕਾਰੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਰਾਹੀਂ ਪਿੰਡਾਂ ਅਤੇ ਸ਼ਹਿਰਾਂ ਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਮੰਚ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਖੇਡਾਂ ਦਾ ਉਦੇਸ਼ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸ਼ਨ, ਟੀਮ ਭਾਵਨਾ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਨਾ ਵੀ ਹੈ। ਜ਼ਿਲਾ ਖੇਡ ਅਫਸਰ ਨਵਦੀਪ ਸਿੰਘ ਨੇ ਦੱਸਿਆ ਕਿ ਖੇਡ ਵਿਭਾਗ ਵੱਲੋਂ ਖਿਡਾਰੀਆਂ ਨੂੰ ਹਰ ਸੰਭਵ ਸਹੂਲਤ ਅਤੇ ਵਧੀਆ ਖੇਡ ਮਾਹੌਲ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਗੇਮ ਫੁਟਬਾਲ: ਅੰ: 14 (ਲੜਕੀਆਂ) ਦੇ ਹੋਏ ਸੈਮੀਫਾਈਨਲ ਮੁਕਾਬਲਿਆਂ ਦੌਰਾਨ ਸੁਨਾਮ ਏ ਦੀ ਟੀਮ ਨੇ ਸੁਨਾਮ ਬੀ ਦੀ ਟੀਮ ਨੂੰ 3 ਅੰਕਾਂ ਨਾਲ ਹਰਾ ਕੇ ਫਾਈਨਲ ਵਿੱਚ ਪਹੁੰਚੀ ਅਤੇ ਇਸ ਦੇ ਨਾਲ ਹੀ ਅੰ:17 (ਲੜਕੀਆਂ) ਦੇ ਕੁਆਰਟਰਫਾਈਨਲ ਮੁਕਾਬਲੇ ਦੌਰਾਨ ਸੁਨਾਮ-ਏ ਦੀ ਟੀਮ ਅਨਦਾਣਾ ਦੀ ਟੀਮ ਨੂੰ ਹਰਾ ਕੇ ਫਾਈਨਲ ਮੁਕਾਬਲੇ ਵਿੱਚ ਪਹੁੰਚ ਚੁੱਕੀ ਹੈ।

# ਵੈਟਨਰੀ ਯੂਨੀਵਰਸਿਟੀ ਅਤੇ ਅੰਬੂਜਾ ਫਾਊਂਡੇਸ਼ਨ ਵੱਲੋਂ ਡੇਅਰੀ ਖੇਤਰ ਵਿੱਚ ਮਹਿਲਾ ਉੱਦਮੀਆਂ ਲਈ ਸਿਖਲਾਈ

**ਲੁਧਿਆਣਾ, 29 ਸਤੰਬਰ, (ਪੈ.ਗਾਮ-ਏ-ਜਗਤ)**

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ ਦੇ ਪਸਾਰ ਸਿੱਖਿਆ ਨਿਰਦੇਸ਼ਾਲੇ ਨੇ ਅੰਬੂਜਾ ਫਾਊਂਡੇਸ਼ਨ, ਬਠਿੰਡਾ ਦੇ ਸਹਿਯੋਗ ਨਾਲ 56 ਮਹਿਲਾ ਡੇਅਰੀ ਉੱਦਮੀਆਂ ਲਈ 'ਸਾਫ਼-ਸੁਥਰੇ ਦੁੱਧ ਦਾ ਉਤਪਾਦਨ ਅਤੇ ਦੁੱਧ ਤੋਂ ਗੁਣਵੱਤਾ ਭਰਪੂਰ ਉਤਪਾਦ ਤਿਆਰ ਕਰਨ' ਬਾਰੇ ਇੱਕ ਰੋਜ਼ਾ ਸਿਖਲਾਈ ਪ੍ਰੋਗਰਾਮ ਦਾ ਆਯੋਜਨ ਕੀਤਾ।



ਇਸ ਪ੍ਰੋਗਰਾਮ ਦਾ ਉਦੇਸ਼ ਡੇਅਰੀ ਦੇ ਕੰਮ ਵਿੱਚ ਲੱਗੀਆਂ ਔਰਤਾਂ ਦੇ ਤਕਨੀਕੀ ਗਿਆਨ, ਉੱਦਮੀ ਹੁਨਰ ਅਤੇ ਆਮਦਨ ਵਧਾਉਣ ਦੀ ਸਮਰੱਥਾ ਨੂੰ ਮਜ਼ਬੂਤ ਕਰਨਾ ਸੀ। ਸਿਖਲਾਈ ਵਿੱਚ ਵਿਗਿਆਨਕ ਡੇਅਰੀ ਪ੍ਰਬੰਧਨ, ਸਾਫ਼-ਸੁਥਰੇ ਦੁੱਧ ਦੇ ਉਤਪਾਦਨ, ਦੁੱਧ ਦੀ ਪ੍ਰੋਸੈਸਿੰਗ, ਮੁੱਲ-ਅਧਾਰਿਤ ਉਤਪਾਦ ਬਣਾਉਣ ਅਤੇ ਲਾਹੇਵੰਦ ਛੋਟੇ ਪੱਧਰ ਦੇ ਡੇਅਰੀ ਉੱਦਮਾਂ ਦੇ ਵਿਕਾਸ 'ਤੇ ਜ਼ੋਰ ਦਿੱਤਾ ਗਿਆ।

ਡਾ ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਕਿਹਾ ਕਿ ਮਹਿਲਾ ਡੇਅਰੀ ਉੱਦਮੀਆਂ ਨੂੰ ਵਿਗਿਆਨਕ ਗਿਆਨ, ਵਿਹਾਰਕ ਹੁਨਰ ਅਤੇ ਉੱਦਮੀ ਸਮਰੱਥਾਵਾਂ ਨਾਲ ਸਮਰੱਥ ਬਣਾਉਣ ਨਾਲ ਡੇਅਰੀ ਉਤਪਾਦਾਂ ਦੀ ਗੁਣਵੱਤਾ ਸੁਧਾਰਨ, ਘਰੇਲੂ ਆਮਦਨ ਵਧਾਉਣ ਅਤੇ ਪੇਂਡੂ ਖੇਤਰਾਂ ਵਿੱਚ ਰੋਜ਼ਗਾਰ ਦੇ ਟਿਕਾਊ ਮੌਕੇ ਪੈਦਾ ਕਰਨ ਵਿੱਚ ਮਦਦ ਮਿਲ ਸਕਦੀ ਹੈ। ਉਨ੍ਹਾਂ ਨੇ ਯੂਨੀਵਰਸਿਟੀ ਅਤੇ ਅੰਬੂਜਾ ਫਾਊਂਡੇਸ਼ਨ ਦੇ ਸਾਂਝੇ ਯਤਨਾਂ ਦੀ ਸ਼ਲਾਘਾ ਕੀਤੀ।

ਡਾ. ਰਵਿੰਦਰ ਸਿੰਘ ਗਰੇਵਾਲ, ਨਿਰਦੇਸ਼ਕ ਪਸਾਰ ਸਿੱਖਿਆ ਨੇ ਪਸ਼ੂਆਂ ਦੀ ਸਿਹਤ ਸੰਬੰਧੀ ਵਿਗਿਆਨਕ ਤਰੀਕੇ ਅਪਣਾਉਣ, ਦੁੱਧ ਚੁਆਈ ਦੌਰਾਨ ਸਾਫ਼-ਸਫਾਈ ਬਣਾਈ ਰੱਖਣ ਅਤੇ ਦੁੱਧ ਤੋਂ ਗੁਣਵੱਤਾ ਭਰਪੂਰ ਉਤਪਾਦ ਬਣਾਉਣ ਨੂੰ ਉਤਸ਼ਾਹਿਤ ਕਰਨ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਅਜਿਹੇ ਵਿਹਾਰਕ ਸਿਖਲਾਈ ਪ੍ਰੋਗਰਾਮ ਮਹਿਲਾ ਉੱਦਮੀਆਂ ਨੂੰ ਛੋਟੇ ਪੱਧਰ ਦੇ ਡੇਅਰੀ ਪ੍ਰੋਸੈਸਿੰਗ ਉੱਦਮ ਵਿਕਸਤ ਕਰਨ ਲਈ ਲੋੜੀਂਦਾ ਵਿਹਾਰਕ ਗਿਆਨ ਪ੍ਰਦਾਨ ਕਰਦੇ ਹਨ।

ਤਕਨੀਕੀ ਸੈਸ਼ਨਾਂ ਵਿੱਚ ਪਸ਼ੂਆਂ ਦੀ ਬਿਮਾਰੀ-ਰੋਕਥਾਮ ਪ੍ਰਬੰਧਨ, ਸਾਫ਼-ਸੁਥਰੇ ਦੁੱਧ ਦਾ ਉਤਪਾਦਨ, ਛੋਟੇ ਡੇਅਰੀ ਪ੍ਰੋਸੈਸਿੰਗ ਯੂਨਿਟ ਸਥਾਪਤ ਕਰਨਾ, ਦੁੱਧ ਦੀ ਪ੍ਰੋਸੈਸਿੰਗ ਅਤੇ ਗੁਣਵੱਤਾ ਭਰਪੂਰ ਉਤਪਾਦ ਬਣਾਉਣ, ਉੱਚ ਦਰਜੇ ਦੇ ਡੇਅਰੀ ਉਤਪਾਦ ਅਤੇ ਲਾਹੇਵੰਦ ਕਾਰੋਬਾਰੀ ਮਾਡਲ ਸ਼ਾਮਲ ਸਨ। ਡਾ. ਜਸਨੀਤ ਸਿੰਘ, ਡਾ. ਹਰਨੀਤ ਕੌਰ, ਡਾ. ਰਵਦੀਪ ਸਿੰਘ ਅਤੇ ਡਾ. ਕ੍ਰਿਤਿਕਾ ਵਰਮਾ ਨੇ ਵਿਦਿਆਰਥੀ ਸੰਯੋਜਕਾਂ ਹਰਯੁਵਰਾਜ ਸਿੰਘ ਬੇਦੀ ਅਤੇ ਨਵਰੋਜ ਕੌਰ ਦੇ ਸਹਿਯੋਗ ਨਾਲ ਇਸ ਪ੍ਰੋਗਰਾਮ ਦਾ ਤਾਲਮੇਲ ਕੀਤਾ। ਇਹ ਪ੍ਰੋਗਰਾਮ ਇੱਕ ਵਿਚਾਰ-ਚਰਚਾ ਸੈਸ਼ਨ ਨਾਲ ਸਮਾਪਤ ਹੋਇਆ।

# ਹਿਸਾਰ ਮੰਡਲ ਕਮਿਸ਼ਨਰ ਗੀਤਾ ਭਾਰਤੀ ਨੇ ਹਾਂਸੀ ਜ਼ਿਲ੍ਹਾ ਸਕੱਤਰੇਤ ਦਾ ਡੀਸੀ ਰਾਹੁਲ ਨਰਵਾਲ ਨਾਲ ਦੌਰਾ ਕਰ ਕੀਤਾ ਨਿਰੀਖਣ

**ਪੈ.ਗਾਮ-ਏ-ਜਗਤ ਹਾਂਸੀ (ਦਿਨਕਰ ਗਾਵੜੀ)**

ਹਿਸਾਰ ਮੰਡਲ ਕਮਿਸ਼ਨਰ ਗੀਤਾ ਭਾਰਤੀ ਨੇ ਮੰਗਲਵਾਰ ਨੂੰ ਡੀਸੀ ਰਾਹੁਲ ਨਰਵਾਲ ਨਾਲ ਹਾਂਸੀ ਜ਼ਿਲ੍ਹਾ ਸਕੱਤਰੇਤ ਦਾ ਦੌਰਾ ਕਰ ਪ੍ਰਸ਼ਾਸਨਿਕ ਪ੍ਰਬੰਧਾਂ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਕੀਤੇ ਜਾ ਰਹੇ ਕੰਮਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਡੀਸੀ ਦਫਤਰ, ਏਡੀਸੀ ਦਫਤਰ, ਐਸਡੀਐਮ ਦਫਤਰ, ਸਰਲ ਕੇਂਦਰ ਸਣੇ ਵੱਖ-ਵੱਖ ਸ਼ਾਖਾਵਾਂ ਦਾ ਨਿਰੀਖਣ ਕੀਤਾ ਅਤੇ ਅਧਿਕਾਰੀਆਂ ਤੋਂ ਵਿਭਾਗੀ ਕੰਮਾਂ ਦੀ ਪ੍ਰਗਤੀ, ਸਟਾਫ ਦੀ ਸਥਿਤੀ ਅਤੇ ਆਮ ਲੋਕਾਂ ਨਾਲ ਸਬੰਧਤ ਮਾਮਲਿਆਂ ਦੀ ਜਾਣਕਾਰੀ ਲਈ।

ਈ ਦਿਸ਼ਾ ਕੇਂਦਰ ਵਿੱਚ ਕਮਿਸ਼ਨਰ ਨੇ ਪਿੰਡ ਵਾਸੀਆਂ ਨਾਲ ਗੱਲਬਾਤ ਕੀਤੀ ਅਤੇ ਪਿੰਡ ਵਾਸੀਆਂ ਨੇ ਕਮਿਸ਼ਨਰ ਸਾਹਮਣੇ ਪ੍ਰਸ਼ਾਸਨ ਦੀ ਕਾਰਜ ਸ਼ੈਲੀ ਦੀ ਸ਼ਲਾਘਾ ਕੀਤੀ।

ਮੰਡਲ ਕਮਿਸ਼ਨਰ ਨੇ ਲੰਬਿਤ ਮਾਮਲਿਆਂ ਨੂੰ ਤਰਜੀਹ ਦੇ ਆਧਾਰ 'ਤੇ ਨਿਰਧਾਰਤ ਸਮਾਂ-ਸੀਮਾ ਵਿੱਚ ਨਿਪਟਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਕਿਹਾ ਕਿ ਸਰਕਾਰੀ ਦਫਤਰਾਂ ਵਿੱਚ ਆਉਣ ਵਾਲੇ ਹਰ ਨਾਗਰਿਕ ਦੀ ਸਮੱਸਿਆ ਨੂੰ ਗੰਭੀਰਤਾ ਨਾਲ ਸੁਣਿਆ ਜਾਵੇ ਅਤੇ ਨਿਯਮਾਂ ਅਨੁਸਾਰ ਉਸ ਦਾ ਹੱਲ ਯਕੀਨੀ ਬਣਾਇਆ ਜਾਵੇ, ਤਾਂ ਜੋ ਲੋਕਾਂ ਨੂੰ ਆਪਣੇ ਕੰਮਾਂ ਲਈ ਵਾਰ-ਵਾਰ ਦਫਤਰਾਂ ਦੇ ਚੱਕਰ ਨਾ ਲਗਾਉਣੇ ਪੈਣ। ਮੰਡਲ ਕਮਿਸ਼ਨਰ ਗੀਤਾ

**• ਕਮਿਸ਼ਨਰ ਗੀਤਾ ਭਾਰਤੀ ਨੇ ਡੀਸੀ, ਏਡੀਸੀ, ਐਸਡੀਐਮ ਦਫਤਰ ਸਣੇ ਵੱਖ-ਵੱਖ ਸ਼ਾਖਾਵਾਂ ਵਿੱਚ ਪ੍ਰਬੰਧਾਂ ਦਾ ਲਿਆ ਜਾਇਜ਼ਾ**



ਭਾਰਤੀ ਨੇ ਸਮਾਧਾਨ ਕੈਂਪਾਂ ਵਿੱਚ ਪ੍ਰਾਪਤ ਸ਼ਿਕਾਇਤਾਂ ਦੀ ਸਮੀਖਿਆ ਕਰਦਿਆਂ ਨਿਰਦੇਸ਼ ਦਿੱਤੇ ਕਿ ਹਰ ਸ਼ਿਕਾਇਤ 'ਤੇ ਕੀਤੀ ਗਈ ਕਾਰਵਾਈ ਦੀ ਏਟੀਆਰ ਸਮੇਂ 'ਤੇ ਅਪਲੋਡ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸਮਾਧਾਨ ਕੈਂਪ ਸਿਰਫ ਸ਼ਿਕਾਇਤਾਂ ਸੁਣਨ ਤੱਕ ਸੀਮਤ ਨਾ ਰਹਿਣ, ਸਗੋਂ ਹਰ ਸਮੱਸਿਆ ਦਾ ਪ੍ਰਭਾਵੀ ਅਤੇ ਸਮਾਂਬੱਧ ਹੱਲ ਯਕੀਨੀ ਹੋਣਾ ਚਾਹੀਦਾ ਹੈ। ਸਬੰਧਤ ਅਧਿਕਾਰੀ ਸ਼ਿਕਾਇਤਾਂ ਦੀ ਨਿਯਮਤ ਨਿਗਰਾਨੀ ਕਰਨ ਅਤੇ ਲੰਬਿਤ ਮਾਮਲਿਆਂ ਨੂੰ ਤਰਜੀਹ ਨਾਲ ਨਿਪਟਾਉਣ।

ਮੰਡਲ ਕਮਿਸ਼ਨਰ ਨੇ ਪਰਿਵਾਰ ਪਛਾਣ ਪੱਤਰ (ਪੀਪੀਪੀ) ਨਾਲ ਸਬੰਧਤ ਸਮੱਸਿਆਵਾਂ ਅਤੇ ਗਲਤੀਆਂ ਦੀ ਜਾਣਕਾਰੀ ਲੈਂਦਿਆਂ ਕਿਹਾ ਕਿ ਨਾਗਰਿਕਾਂ ਦੇ ਪਰਿਵਾਰ ਪਛਾਣ ਪੱਤਰ ਵਿੱਚ ਦਰਜ ਗਲਤੀਆਂ ਨੂੰ ਛੇਤੀ ਠੀਕ ਕੀਤਾ ਜਾਵੇ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪੀਪੀਪੀ ਨਾਲ ਜੁੜੀਆਂ ਸਮੱਸਿਆਵਾਂ ਦੇ ਹੱਲ ਵਿੱਚ ਬੇਲੋੜੀ ਦੇਰੀ ਨਾ ਹੋਵੇ, ਤਾਂ ਜੋ ਯੋਗ ਨਾਗਰਿਕਾਂ ਨੂੰ ਵੱਖ-ਵੱਖ ਸਰਕਾਰੀ ਯੋਜਨਾਵਾਂ ਅਤੇ ਸੇਵਾਵਾਂ ਦਾ ਲਾਭ ਲੈਣ ਵਿੱਚ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਨਾ ਆਵੇ।

**ਸਰਲ ਅਤੇ ਈ-ਦਿਸ਼ਾ ਕੇਂਦਰ ਦੇ ਪ੍ਰਬੰਧਾਂ ਦਾ ਲਿਆ ਜਾਇਜ਼ਾ**

ਮੰਡਲ ਕਮਿਸ਼ਨਰ ਨੇ ਸਰਲ ਕੇਂਦਰ ਅਤੇ ਈ-ਦਿਸ਼ਾ ਕੇਂਦਰ ਦਾ ਨਿਰੀਖਣ ਕਰ ਉੱਥੇ ਨਾਗਰਿਕਾਂ ਨੂੰ ਉਪਲਬਧ ਕਰਵਾਈਆਂ ਜਾ ਰਹੀਆਂ ਸੇਵਾਵਾਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਕੇਂਦਰਾਂ 'ਤੇ ਆਉਣ ਵਾਲੇ ਨਾਗਰਿਕਾਂ ਨਾਲ ਗੱਲਬਾਤ ਕਰ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੇਵਾਵਾਂ ਨਾਲ ਸਬੰਧਤ ਜਾਣਕਾਰੀ ਵੀ ਲਈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਾਗਰਿਕਾਂ ਨੂੰ ਸਰਕਾਰੀ ਸੇਵਾਵਾਂ ਸੌਖੀਆਂ, ਪਾਰਦਰਸ਼ੀ ਅਤੇ ਸਮਾਂਬੱਧ ਤਰੀਕੇ ਨਾਲ ਉਪਲਬਧ ਕਰਵਾਈਆਂ ਜਾਣ।

ਨਿਰੀਖਣ ਦੌਰਾਨ ਮੰਡਲ ਕਮਿਸ਼ਨਰ ਨੇ ਪਿੰਡ ਵਾਸੀਆਂ ਨਾਲ ਵੀ ਗੱਲਬਾਤ ਕੀਤੀ ਅਤੇ ਜਮ੍ਹਾਬੰਦੀ, ਇੰਤਕਾਲ ਸਮੇਤ ਮਾਲ ਵਿਭਾਗ ਨਾਲ ਸਬੰਧਤ ਸਮੱਸਿਆਵਾਂ ਦੀ ਜਾਣਕਾਰੀ ਲਈ। ਉਨ੍ਹਾਂ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਅਜਿਹੇ ਮਾਮਲਿਆਂ ਦਾ ਨਿਯਮਾਂ ਅਨੁਸਾਰ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦਾ ਉਦੇਸ਼ ਆਮ ਲੋਕਾਂ ਨੂੰ ਬਿਹਤਰ ਅਤੇ ਸੌਖੀਆਂ ਸੇਵਾਵਾਂ ਉਪਲਬਧ ਕਰਵਾਉਣਾ ਹੈ। ਅਧਿਕਾਰੀ ਲੋਕ ਸਮੱਸਿਆਵਾਂ ਪ੍ਰਤੀ ਸੰਵੇਦਨਸ਼ੀਲ ਰਹਿੰਦਿਆਂ ਤੁਰੰਤ ਹੱਲ ਦੀ ਦਿਸ਼ਾ ਵਿੱਚ ਪ੍ਰਭਾਵੀ ਕਾਰਵਾਈ ਕਰਨ। ਉਨ੍ਹਾਂ ਨੇ ਅਧਿਕਾਰੀਆਂ ਨੂੰ ਇਹ ਵੀ ਨਿਰਦੇਸ਼ ਦਿੱਤੇ ਕਿ ਸਰਕਾਰ ਦੀਆਂ ਜਨ ਭਲਾਈ ਯੋਜਨਾਵਾਂ ਅਤੇ ਸੇਵਾਵਾਂ ਦਾ ਲਾਭ ਯੋਗ ਅਤੇ ਲੋੜਵੰਦ ਲੋਕਾਂ ਤੱਕ ਪੂਰੀ ਪਾਰਦਰਸ਼ਤਾ ਅਤੇ ਪ੍ਰਭਾਵੀ ਤਰੀਕੇ ਨਾਲ ਪਹੁੰਚਾਇਆ ਜਾਵੇ। ਇਸ ਮੌਕੇ 'ਤੇ ਡੀਸੀ ਰਾਹੁਲ ਨਰਵਾਲ, ਏਡੀਸੀ ਲਕਸ਼ਿਤ ਸਰੀਨ, ਐਸਡੀਐਮ ਰਾਜੇਸ਼ ਖੋਥ, ਸੀਟੀਐਮ ਹਿਮਾਂਸ਼ੂ ਚੌਹਾਨ, ਜ਼ਿਲ੍ਹਾ ਮਾਲ ਅਧਿਕਾਰੀ ਰਾਜਕੁਮਾਰ, ਨਾਇਬ ਤਹਿਸੀਲਦਾਰ ਸੁਰੇਸ਼ ਕੁਮਾਰ ਸਣੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਰਹੇ।

# ਪਾਰਕ ਹਸਪਤਾਲ ਪੰਚਕੂਲਾ ਹਿਮਾਚਲ ਸਰਕਾਰ ਅਤੇ ਈਐਸਆਈਸੀ ਨਾਲ ਇਮਪੈਨਲ ਹੋਇਆ

**ਪੰਚਕੂਲਾ, 29 ਸਤੰਬਰ (ਪੈ.ਗਾਮ-ਏ-ਜਗਤ)**

ਪਾਰਕ ਹਸਪਤਾਲ, ਪੰਚਕੂਲਾ ਹੁਣ ਹਿਮਾਚਲ ਪ੍ਰਦੇਸ਼ ਸਰਕਾਰ ਅਤੇ ਈਐਸਆਈਸੀ , ਹਿਮਾਚਲ ਦੇ ਨਾਲ ਇਮਪੈਨਲ ਹੋ ਗਿਆ ਹੈ, ਜਿਸ ਨਾਲ ਰਾਜ ਅਤੇ ਆਸਪਾਸ ਦੇ ਖੇਤਰਾਂ ਦੇ ਲਾਭਪਾਤਰੀਆਂ ਲਈ ਮਿਆਰੀ ਸਿਹਤ ਸੇਵਾਵਾਂ ਤੱਕ ਪਹੁੰਚ ਮਜ਼ਬੂਤ ਹੋਵੇਗੀ। ਇਸ ਇਮਪੈਨਲਮੈਂਟ ਰਾਹੀਂ, ਯੋਗ ਲਾਭਪਾਤਰੀ ਲਾਗੂ ਯੋਜਨਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਮਨਜ਼ੂਰੀਆਂ ਅਨੁਸਾਰ ਪਾਰਕ ਹਸਪਤਾਲ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਮੈਡੀਕਲ ਸਪੈਸ਼ਲਿਟੀਜ਼ ਦੇ ਤਹਿਤ ਸਿਹਤ ਸੇਵਾਵਾਂ ਦਾ ਲਾਭ ਉਠਾ ਸਕਦੇ ਹਨ।

ਇਹ ਇਮਪੈਨਲਮੈਂਟ ਨਾਹਨ, ਪਾਉਂਟਾ ਸਾਹਿਬ, ਸੋਲਨ, ਸ਼ਿਮਲਾ, ਬੱਦੀ, ਪਰਵਾਣੂ,



ਊਨਾ ਅਤੇ ਗਗਰੇਟ ਦੇ ਵੱਖ-ਵੱਖ ਉਦਯੋਗਿਕ ਲਾਭਪਾਤਰੀਆਂ ਲਈ ਵਿਸ਼ੇਸ਼ ਤੌਰ 'ਤੇ ਮਹੱਤਵਪੂਰਨ ਹੈ, ਕਿਉਂਕਿ ਇਸ ਨਾਲ ਉਨ੍ਹਾਂ ਨੂੰ ਕੈਸ਼ਲੈੱਸ ਆਧਾਰ 'ਤੇ ਉੱਨਤ ਡਾਕਟਰੀ ਸਹੂਲਤਾਂ ਤੱਕ ਬਿਹਤਰ ਪਹੁੰਚ ਪ੍ਰਾਪਤ ਹੋਵੇਗੀ। ਇੱਕ ਟਰਸ਼ਰੀ ਕੇਅਰ ਹਸਪਤਾਲ ਹੋਣ ਦੇ ਨਾਤੇ, ਹਸਪਤਾਲ ਦੇ ਪ੍ਰਮੁੱਖ ਕਲੀਨਿਕਲ ਵਿਭਾਗਾਂ ਵਿੱਚ ਕਾਰਡੀਅਕ ਸਾਇੰਸਿਜ਼, ਨਿਊਰੋਸਾਇੰਸਿਜ਼, ਗੈਸਟ੍ਰੋਐਂਟਰੋਲੋਜੀ, ਆਰਥੋਪੈਡਿਕ ਅਤੇ ਰੋਬੋਟਿਕ ਸਰਜਰੀ ਸ਼ਾਮਲ ਹਨ। ਹਿਮਾਚਲ ਸਰਕਾਰ ਅਤੇ ਈਐਸਆਈਸੀ, ਹਿਮਾਚਲ ਤੋਂ ਇਲਾਵਾ, ਹਸਪਤਾਲ ਸੀਜੀਐਚਐਸ , ਜਨਰਲ ਇੰਸ਼ੋਰੈਂਸ ਪਬਲਿਕ ਸੈਕਟਰ ਐਸੋਸੀਏਸ਼ਨ, ਪ੍ਰਮੁੱਖ ਥਰਡ ਪਾਰਟੀ ਐਡਮਿਨਿਸਟ੍ਰੇਟਰਾਂ ਅਤੇ ਪ੍ਰਮੁੱਖ ਬੀਮਾ ਪ੍ਰਦਾਤਾਵਾਂ ਨਾਲ ਵੀ ਇਮਪੈਨਲ ਹੈ, ਜਿਸ ਨਾਲ ਇਨ੍ਹਾਂ ਪੈਨਲਾਂ ਦੇ ਅਧੀਨ ਆਉਣ ਵਾਲੇ ਲਾਭਪਾਤਰੀਆਂ ਨੂੰ ਲਾਗੂ ਸ਼ਰਤਾਂ ਅਨੁਸਾਰ ਯੋਗ ਸਿਹਤ ਸੇਵਾਵਾਂ ਦਾ ਲਾਭ ਉਠਾਉਣ ਦੀ ਸਹੂਲਤ ਮਿਲਦੀ ਹੈ।

# ਸ਼ਕਤੀ ਕੇਂਦਰਾਂ ਦੀਆਂ ਮੀਟਿੰਗਾਂ ਨਾਲ ਵਰਕਰ ਹੋਏ ਊਰਜਾਵਾਨ : ਸੁਨੀਲ ਇੰਦੌਰਾ

**ਪੈਗਾਮ-ਏ-ਜਗਤ ਰਤੀਆ, 29 ਸਤੰਬਰ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)**

ਹਰਿਆਣਾ ਪ੍ਰਦੇਸ਼ ਵਿੱਚ ਪ੍ਰਦੇਸ਼ ਪ੍ਰਧਾਨ ਡਾਕਟਰ ਅਰਚਨਾ ਗੁਪਤਾ ਦੇ ਆਦੇਸ਼ 'ਤੇ ਚੱਲ ਰਹੀਆਂ ਸ਼ਕਤੀ ਕੇਂਦਰਾਂ ਦੀਆਂ ਮੀਟਿੰਗਾਂ ਨਾਲ ਬੂਥ ਪੱਧਰ ਦੇ ਵਰਕਰ ਨਵੀਂ ਉਮੀਦ ਨਵਾਂ ਜੋਸ਼ ਲੈ ਕੇ ਮੀਟਿੰਗਾਂ ਵਿੱਚ ਸ਼ਾਮਲ ਹੋ ਰਹੇ ਹਨ ਅਤੇ ਉੱਥੋਂ ਊਰਜਾਵਾਨ ਹੋ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਲਈ 2047 ਤੱਕ ਵਿਕਸਤ ਭਾਰਤ ਤਹਿਤ ਕੰਮ ਕਰਨ ਦਾ ਪ੍ਰਣ ਲੈ ਰਹੇ ਹਨ।

ਇਹ ਗੱਲ ਐਮੀਨੈਂਟ ਪਰਸਨ ਸੀਐਮ ਵਿੰਡੋ ਅਤੇ ਭਾਜਪਾ ਜ਼ਿਲ੍ਹਾ ਕਾਰਜਕਾਰਨੀ ਮੈਂਬਰ ਅਤੇ ਧਾਨਕ ਸਮਾਜ ਉਥਾਨ ਸਭਾ ਹਰਿਆਣਾ ਦੇ ਪ੍ਰਦੇਸ਼ ਪ੍ਰਧਾਨ ਅਤੇ ਸ਼ਕਤੀ ਕੇਂਦਰ



ਸਹਿਨਾਲ ਦੇ ਮੁੱਖ ਬੁਲਾਰੇ ਸੁਨੀਲ ਇੰਦੌਰਾ ਨੇ ਕਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਇੱਕ ਵਿਚਾਰ ਅਤੇ ਵਿਚਾਰਧਾਰਾ ਦੀ ਪਾਰਟੀ ਹੈ ਜੋ ਹਮੇਸ਼ਾ ਦੇਸ਼ ਅਤੇ ਸਮਾਜ ਹਿੱਤ ਵਿੱਚ ਕੰਮ ਕਰਦੀ ਹੈ।

ਸੁਨੀਲ ਇੰਦੌਰਾ ਨੇ ਕਿਹਾ ਕਿ ਅੱਜ ਦੇਸ਼ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਹਰਿਆਣਾ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਿੱਚ ਵਿਕਾਸ ਕਾਰਜਾਂ ਦੀ ਝੜੀ ਲੱਗੀ ਹੋਈ ਹੈ। ਉਨ੍ਹਾਂ ਕਿਹਾ ਕਿ ਭਾਜਪਾ ਇੱਕ ਅਜਿਹੀ ਪਾਰਟੀ ਹੈ ਜੋ ਕਾਂਗਰਸ ਤੋਂ ਬਣੇ ਵਿਧਾਇਕਾਂ ਦੇ ਹਲਕਿਆਂ ਵਿੱਚ ਵੀ ਬਰਾਬਰ ਰੂਪ ਨਾਲ ਵਿਕਾਸ ਕਰਦੀ ਹੈ।

ਸੁਨੀਲ ਇੰਦੌਰਾ ਨੇ ਕਿਹਾ ਕਿ ਭਾਜਪਾ ਹਮੇਸ਼ਾ ਭਾਈ ਭਤੀਜਾਵਾਦ ਅਤੇ ਪਰਿਵਾਰਵਾਦ ਤੋਂ ਕੋਹਾਂ ਦੂਰ ਹੈ ਜੋ ਭਾਜਪਾ ਦੇ ਇੱਕ ਛੋਟੇ ਤੋਂ ਛੋਟੇ ਵਰਕਰ 'ਤੇ ਤਿੱਖੀ ਨਜ਼ਰ ਰੱਖਦੀ ਹੈ ਜਿੱਥੇ ਕਦੋਂ ਕਿਸ ਵਰਕਰ ਨੂੰ ਵੱਡੀ ਜ਼ਿੰਮੇਵਾਰੀ ਸੌਂਪੀ ਜਾਵੇ ਕੋਈ ਪਤਾ ਨਹੀਂ ਹੁੰਦਾ।

ਭਾਜਪਾ ਆਪਣੇ ਹਰ ਵਰਕਰ ਨੂੰ ਪੂਰਾ ਮਾਣ-ਸਨਮਾਨ ਦਿੰਦੀ ਹੈ ਅਤੇ ਉਸ ਨੂੰ ਚੌਵੀ ਘੰਟੇ ਜਨਤਾ ਵਿੱਚ ਰਹਿਣ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਲਈ ਤਿਆਰ ਰਹਿਣ ਲਈ ਕਹਿੰਦੀ ਹੈ। ਸੁਨੀਲ ਇੰਦੌਰਾ ਨੇ ਕਿਹਾ ਕਿ ਵਰਕਰ ਆਪਣੇ ਬੂਥ ਅਤੇ ਪਿੰਡਾਂ ਵਿੱਚ ਸਰਕਾਰ ਵੱਲੋਂ ਚਲਾਈਆਂ ਗਈਆਂ ਯੋਜਨਾਵਾਂ ਨੂੰ ਘਰ ਘਰ ਪਹੁੰਚਾਉਣ ਦਾ ਕੰਮ ਕਰਨ। ਇਸ ਮੌਕੇ 'ਤੇ ਸ਼ਕਤੀ ਕੇਂਦਰ ਮੁਖੀ ਜਗਤਾਰ ਸਿੰਘ, ਮਲਕੀਤ ਸਿੰਘ, ਗੁਰਦੀਪ ਸਿੰਘ, ਬਿੰਦਰ ਸਿੰਘ, ਓਂਕਾਰ ਸਿੰਘ, ਰਾਮਨਿਵਾਸ, ਲਖਵਿੰਦਰ ਸਿੰਘ, ਕਰਨ ਸਿੰਘ ਆਦਿ ਅਨੇਕ ਲੋਕ ਹਾਜ਼ਰ ਸਨ।

## ਸਫ਼ਾ 1 ਦਾ ਬਾਕੀ...

**2700 ਰੁ. ਦੀ ਦਵਾਈ...**

ਦੀ ਸੁਰੱਖਿਆ, ਪ੍ਰਭਾਵਸ਼ੀਲਤਾ ਅਤੇ ਕੀਮਤ ਨੂੰ ਧਿਆਨ ਵਿੱਚ ਰੱਖਦਿਆਂ ਜ਼ਰੂਰੀ ਦਵਾਈਆਂ ਦੀ ਸੂਚੀ ਤਿਆਰ ਕਰਦਾ ਹੈ। ਇਸ ਵਿੱਚ ਦੇਸ਼ ਵਿੱਚ ਆਮ ਤੌਰ 'ਤੇ ਪਾਈਆਂ ਜਾਣ ਵਾਲੀਆਂ ਬਿਮਾਰੀਆਂ ਅਤੇ ਲੋਕਾਂ ਦੀਆਂ ਸਿਹਤ ਸਬੰਧੀ ਲੋੜਾਂ ਨੂੰ ਧਿਆਨ ਵਿੱਚ ਰੱਖਿਆ ਜਾਂਦਾ ਹੈ।

ਇਸ ਸੂਚੀ ਦੀ ਸਮੇਂ-ਸਮੇਂ 'ਤੇ ਸਮੀਖਿਆ ਕੀਤੀ ਜਾਂਦੀ ਹੈ ਅਤੇ ਲੋੜ ਮੁਤਾਬਕ ਨਵੀਆਂ ਦਵਾਈਆਂ ਇਸ ਵਿੱਚ ਸ਼ਾਮਲ ਕੀਤੀਆਂ ਜਾਂਦੀਆਂ ਹਨ। ਜਿਹੜੀਆਂ ਦਵਾਈਆਂ ਇਸ ਸੂਚੀ ਵਿੱਚ ਸ਼ਾਮਲ ਨਹੀਂ ਹੁੰਦੀਆਂ, ਉਨ੍ਹਾਂ ਦੀਆਂ ਕੀਮਤਾਂ 'ਤੇ ਸਰਕਾਰ ਦਾ ਸਿੱਧਾ ਕੰਟਰੋਲ ਤੁਲਨਾਤਮਕ ਤੌਰ 'ਤੇ ਘੱਟ ਹੁੰਦਾ ਹੈ।

**ਪ੍ਰਾਈਵੇਟ ਹਸਪਤਾਲ ਗਰੀਬਾਂ...**

ਦਵਾਈਆਂ ਦੀਆਂ ਕੀਮਤਾਂ ਅਤੇ ਮਰੀਜ਼ਾਂ ਦੇ ਇਲਾਜ ਦਾ ਕੁੱਲ ਖ਼ਰਚਾ ਵਧ ਸਕਦਾ ਹੈ। ਕਈ ਮਰੀਜ਼ਾਂ ਨੂੰ ਇਲਾਜ ਦਾ ਖ਼ਰਚਾ ਪੂਰਾ ਕਰਨ ਲਈ ਆਪਣੀ ਜਾਇਦਾਦ ਜਾਂ ਗਹਿਣੇ ਤੱਕ ਵੇਚਣ ਲਈ ਮਜਬੂਰ ਹੋਣਾ ਪੈਂਦਾ ਹੈ।

**ਇਤਿਹਾਸਕ 'ਜਾਗਤ ਜੋਤ...**

ਜਿਸ ਨਾਲ ਸਿੱਖ ਭਾਈਚਾਰੇ ਦਾ ਭਰੋਸਾ ਹੋਰ ਵੀ ਮਜ਼ਬੂਤ ਹੋਵੇਗਾ। ਬਾਬਾ ਲੱਖਾ ਸਿੰਘ ਜੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸਮੁੱਚੀ ਮਨੁੱਖਤਾ ਅਤੇ ਖਾਸ ਤੌਰ 'ਤੇ ਸਿੱਖ ਪੰਥ ਦੀ ਕੀਤੀ ਗਈ ਸੇਵਾ ਬਦਲੇ ਸਨਮਾਨ ਵਜੋਂ ਸਿਰੋਪਾਓ ਭੇਟ ਕੀਤਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਮੈਂ ਬਾਬਾ ਜੀ ਦਾ ਦਿਲੋਂ ਧੰਨਵਾਦ ਕਰਦਾ ਹਾਂ ਕਿ ਉਨ੍ਹਾਂ ਨੇ ਮੈਨੂੰ ਆਪਣਾ ਆਸ਼ਿਰਵਾਦ ਦਿੱਤਾ ਹੈ। ਸ਼ਬਦ ਗੁਰੂ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਰਿਆਦਾ ਅਤੇ ਪਵਿੱਤਰਤਾ ਨੂੰ ਕਾਇਮ ਰੱਖਣਾ ਸੂਬਾ ਸਰਕਾਰ ਦਾ ਮੁੱਢਲਾ ਫਰਜ਼ ਹੈ।

**ਏਸ਼ਿਆਈ ਖੇਡਾਂ ਵਿੱਚ...**

ਏਸ਼ਿਆਈ ਖੇਡਾਂ ਵਿੱਚ ਹਿੱਸਾ ਲਿਆ ਅਤੇ ਸੋਨ ਤਗਮਾ ਜਿੱਤਿਆ। ਏਸ਼ਿਆਈ ਖੇਡਾਂ ਦੇ 10ਵੇਂ ਦਿਨ ਭਾਰਤ ਨੇ ਕੁੱਲ ਅੱਠ ਤਗਮੇ ਜਿੱਤੇ। ਇਨ੍ਹਾਂ ਵਿੱਚ ਸੋਨ ਤਗਮੇ ਵੀ ਸ਼ਾਮਲ ਹਨ। ਇਸ ਦੇ ਨਾਲ ਭਾਰਤ ਦੇ ਕੁੱਲ ਤਗਮਿਆਂ ਦੀ ਗਿਣਤੀ 53 ਹੋ ਗਈ ਹੈ। ਤਗਮਾ ਸੂਚੀ ਵਿੱਚ ਭਾਰਤ ਇਸ ਵੇਲੇ 10ਵੇਂ ਸਥਾਨ 'ਤੇ ਹੈ।

**ਅਮਿਤ ਸ਼ਾਹ ਦਾ...**

ਤੋਂ ਵੱਧ ਕੁਰਸੀਆਂ ਲਗਾਈਆਂ ਗਈਆਂ ਹਨ। ਰੈਲੀ ਦੌਰਾਨ ਨਸ਼ਿਆਂ ਵਿਰੁੱਧ ਜਾਗਰੂਕਤਾ ਅਤੇ ਇਸ ਮੁੱਦੇ ਨਾਲ ਜੁੜੇ ਸਿਆਸੀ ਸੰਦੇਸ਼ 'ਤੇ ਵੀ ਧਿਆਨ ਕੇਂਦਰਿਤ ਰਹਿਣ ਦੀ ਸੰਭਾਵਨਾ ਹੈ। ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਵੱਲੋਂ ਵੀ ਜਲੰਧਰ ਵਿਚ ਡੇਰੇ ਲਗਾਏ ਗਏ ਹਨ ਅਤੇ ਲਗਾਤਾਰ ਰੈਲੀ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਜਾ ਰਿਹਾ ਹੈ। ਇਸ ਰੈਲੀ ਨੂੰ ਲੈ ਕੇ ਸਮੁੱਚੀ ਭਾਜਪਾ ਪੱਬਾਂ ਭਾਰ ਹੈ।

**ਮਿਆਂਮਾਰ 'ਚ ਬਾਜ਼ਾਰ...**

ਵਿੱਚ ਫੌਜ ਵੱਲੋਂ ਆਂਗ ਸਾਨ ਸੂ ਕੀ ਦੀ ਚੁਣੀ ਹੋਈ ਸਰਕਾਰ ਨੂੰ ਤਖਤਾ ਪਲਟ ਰਾਹੀਂ ਹਟਾਏ ਜਾਣ ਤੋਂ ਬਾਅਦ ਮਿਆਂਮਾਰ ਵਿੱਚ ਟਕਸਾਅ ਜਾਰੀ ਹੈ। ਰਾਖੀਨ ਵਿੱਚ, ਫੌਜ ਅਤੇ ਅਰਾਕਾਨ ਆਰਮੀ ਵਿਚਕਾਰ ਵਧੀ ਲੜਾਈ ਅਤੇ ਵਪਾਰਕ ਰਸਤਿਆਂ 'ਤੇ ਲਗਾਈਆਂ ਗਈਆਂ ਪਾਬੰਦੀਆਂ ਕਾਰਨ ਭੋਜਨ ਸੰਕਟ ਹੋਰ ਗੰਭੀਰ ਹੋ ਗਿਆ ਹੈ।

**ਮਨਾਲੀ ਬਰਫ਼ ਦੀ...**

ਨਾਲ ਢੱਕੀਆਂ ਉੱਚੀਆਂ ਚੋਟੀਆਂ ਅਤੇ ਸਾਫ਼ ਨੀਲੇ ਅਸਮਾਨ ਨਾਲ ਘਿਰੀ ਮਨਾਲੀ ਘਾਟੀ ਦਾ ਦ੍ਰਿਸ਼ ਬਹੁਤ ਹੀ ਮਨਮੋਹਕ ਸੀ। ਬੱਦਲ ਛਾਂਟਣ ਨਾਲ ਉੱਚੀਆਂ ਪਹਾੜੀ ਲੜੀਵਾਰਾਂ ਸਾਫ਼ ਦਿਖਾਈ ਦੇਣ ਲੱਗੀਆਂ। ਬਰਫ਼ਬਾਰੀ ਤੋਂ ਬਾਅਦ ਉੱਚੇ ਇਲਾਕਿਆਂ ਵਿੱਚ ਠੰਢ ਵੀ ਵਧ ਗਈ ਹੈ, ਜਿਸ ਨਾਲ ਮਨਾਲੀ ਦੇ ਪਹਾੜੀ ਖੇਤਰਾਂ ਨੂੰ ਸਰਦੀਆਂ ਦਾ ਅਸਲ ਰੂਪ ਮਿਲ ਗਿਆ ਹੈ। ਇਸ ਦੌਰਾਨ, ਹੇਠਲੇ ਇਲਾਕਿਆਂ ਵਿੱਚ ਮੌਸਮ ਮੁਕਾਬਲਤਨ ਸੁਹਾਵਣਾ ਰਿਹਾ ਕਿਉਂਕਿ ਉੱਥੇ ਧੁੱਪ ਖਿੜੀ ਰਹੀ।

**ਚੰਡੀਗੜ੍ਹ-ਮੋਹਾਲੀ-ਪੰਚਕੂਲਾ...**

ਲੱਗਣ ਦਾ ਦਾਅਵਾ ਹੈ, ਜਿਨ੍ਹਾਂ ਰਾਹੀਂ ਕਥਿਤ ਤੌਰ 'ਤੇ ਸਰਕਾਰੀ ਧਨ ਨੂੰ ਵੱਖ-ਵੱਖ ਬੈਂਕ ਖਾਤਿਆਂ ਵਿੱਚ ਭੇਜਿਆ ਗਿਆ। ਇਸ ਤੋਂ ਬਾਅਦ ਰਕਮ ਨੂੰ ਵੱਖ-ਵੱਖ ਖਾਤਿਆਂ ਅਤੇ ਸੰਸਥਾਵਾਂ ਦੇ ਮਾਧਿਅਮ ਨਾਲ ਅੱਗੇ ਵਧਾਇਆ ਗਿਆ। ਏਜੰਸੀ ਦਾ ਦੋਸ਼ ਹੈ ਕਿ ਇਸ ਪ੍ਰਕਿਰਿਆ ਵਿੱਚ ਜਵੈਲਰਾਂ ਦੇ ਬੈਂਕ ਖਾਤਿਆਂ ਦੀ ਵਰਤੋਂ ਰਕਮ ਦੀ 'ਲੇਅਰਿੰਗ' (ਪਰਤਾਂ ਬਣਾਉਣ) ਅਤੇ ਉਸ ਦੇ ਅਸਲ ਸਰੋਤ ਨੂੰ ਛੁਪਾਉਣ ਲਈ ਕੀਤੀ ਗਈ। ਯਾਨੀ ਜਾਂਚ ਦਾ ਕੇਂਦਰ ਹੁਣ ਸਿਰਫ਼ ਸਰਕਾਰੀ ਬੈਂਕ ਖਾਤਿਆਂ 'ਚੋਂ ਰਕਮ ਨਿਕਲਣ ਤੱਕ ਸੀਮਤ ਨਹੀਂ ਹੈ, ਸਗੋਂ ਇਹ ਪਤਾ ਲਗਾਉਣ 'ਤੇ ਵੀ ਹੈ ਕਿ ਨਿਕਲੀ ਹੋਈ ਰਕਮ ਕਿਹੜੇ-ਕਿਹੜੇ ਰਸਤਿਆਂ ਤੋਂ ਹੁੰਦੀ ਹੋਈ ਕਿੱਥੇ ਪਹੁੰਚੀ ਅਤੇ ਉਸ ਨੂੰ ਜਾਇਜ਼ ਕਾਰੋਬਾਰ ਦਾ ਹਿੱਸਾ ਕਿਵੇਂ ਦਿਖਾਇਆ ਗਿਆ।

**ਕੈਂਸਰ, ਦੁਰਲੱਭ ਬਿਮਾਰੀਆਂ...**

ਵਿੱਚ ਸ਼ਾਮਲ ਕੀਤਾ ਗਿਆ ਹੈ।

ਵਣਜ ਵਿਭਾਗ 'ਆਰਫਨ ਡਰੱਗ' (ਅਨਾਥ ਦਵਾਈ) ਨੂੰ ਇੱਕ ਅਜਿਹੇ ਫਾਰਮਾਸਿਊਟੀਕਲ ਜਾਂ ਜੈਵਿਕ ਉਤਪਾਦ ਵਜੋਂ ਪਰਿਭਾਸ਼ਿਤ ਕਰਦਾ ਹੈ ਜੋ ਇੱਕ ਜਾਂ ਇੱਕ ਤੋਂ ਵੱਧ ਦੁਰਲੱਭ ਬਿਮਾਰੀਆਂ ਜਾਂ ਹਾਲਤਾਂ ਲਈ ਤਿਆਰ ਕੀਤਾ ਗਿਆ ਹੋਵੇ, ਜਿੱਥੇ ਉਸ ਦਵਾਈ ਦੀਆਂ ਸਾਰੀਆਂ ਪ੍ਰਵਾਨਿਤ ਅਰਜ਼ੀਆਂ ਦਾ ਟੀਚਾ ਉਹੀ ਬਿਮਾਰੀਆਂ ਹੁੰਦੀਆਂ ਹਨ। ਇਸ ਜ਼ੀਰੋ ਫੀਸਦੀ ਟੈਰਿਫ ਵਿੱਚ ਉਹ ਸਮੱਗਰੀ ਅਤੇ ਹੋਰ ਜ਼ਰੂਰੀ ਹਿੱਸੇ ਵੀ ਸ਼ਾਮਲ ਹਨ ਜੋ ਇਨ੍ਹਾਂ ਦਵਾਈਆਂ ਨੂੰ ਬਣਾਉਣ ਲਈ ਵਰਤੇ ਜਾਂਦੇ ਹਨ। ਅਮਰੀਕਾ ਨੇ ਕੁਝ ਲਾਇਸੈਂਸ ਵਾਲੇ ਫਾਰਮਾਸਿਊਟੀਕਲ ਉਤਪਾਦਾਂ ਅਤੇ ਉਨ੍ਹਾਂ ਦੇ ਹਿੱਸਿਆਂ ਉੱਤੇ 100 ਫੀਸਦੀ ਐਡ ਵੈਲੋਰਮ ਟੈਰਿਫ (ਯਾਨੀ ਉਤਪਾਦ ਦੀ ਕੀਮਤ ਦੇ ਹਿਸਾਬ ਨਾਲ ਤੈਅ ਕੀਤਾ ਜਾਣ ਵਾਲਾ ਟੈਕਸ) ਦਾ ਐਲਾਨ ਕੀਤਾ ਸੀ। ਇਹ ਡਿਊਟੀ ਟਰੰਪ ਦੇ ਐਲਾਨ ਦੇ ਇੱਕ ਸ਼ਿਸ਼ਟਾਚਾਰ (ਪਰਿਸ਼ਿਸ਼ਟ) ਵਿੱਚ ਸ਼ਾਮਲ ਕੰਪਨੀਆਂ ਲਈ 31 ਜੁਲਾਈ ਤੋਂ ਲਾਗੂ ਹੋ ਗਈ ਸੀ। ਇਸ ਮਾਪਦੰਡ ਤੋਂ ਪ੍ਰਭਾਵਿਤ ਹੋਰਨਾਂ ਕੰਪਨੀਆਂ ਲਈ ਇਹ ਟੈਰਿਫ ਮੰਗਲਵਾਰ, 29 ਸਤੰਬਰ ਤੋਂ ਲਾਗੂ ਹੋਣ ਲਈ ਤੈਅ ਕੀਤਾ ਗਿਆ ਹੈ। ਇਸ ਦੌਰਾਨ, ਫਾਰਮਾਸਿਊਟੀਕਲ ਐਕਸਪੋਰਟ ਪ੍ਰਮੋਸ਼ਨ ਕੌਂਸਲ ਆਫ਼ ਇੰਡੀਆ ਨੇ ਰਿਪੋਰਟ ਦਿੱਤੀ ਹੈ ਕਿ ਭਾਰਤ ਨੇ 2024-25 ਵਿੱਚ 30.46 ਅਬਦੁਲ (ਬਿਲੀਅਨ) ਡਾਲਰ ਦੀਆਂ ਦਵਾਈਆਂ ਅਤੇ ਫਾਰਮਾਸਿਊਟੀਕਲ ਵਸਤੂਆਂ ਦਾ ਨਿਰਯਾਤ ਕੀਤਾ, ਜਿਸ ਵਿੱਚ ਅਮਰੀਕਾ ਇਸ ਦੇ ਸਭ ਤੋਂ ਵੱਡੇ ਬਾਜ਼ਾਰਾਂ ਵਿੱਚੋਂ ਇੱਕ ਹੈ।

ਵਣਜ ਵਿਭਾਗ ਦੇ ਤਹਿਤ ਉਦਯੋਗ ਅਤੇ ਸੁਰੱਖਿਆ ਬਿਊਰੋ ਨੇ ਕਿਹਾ ਕਿ ਸਪੈਸ਼ਲਿਟੀ ਉਤਪਾਦ ਜ਼ੀਰੋ ਟੈਰਿਫ ਲਈ ਯੋਗ ਹੋ ਸਕਦੇ ਹਨ ਜੇਕਰ ਉਹ ਉਨ੍ਹਾਂ ਦੇਸ਼ਾਂ ਤੋਂ ਆਉਂਦੇ ਹਨ ਜਿਨ੍ਹਾਂ ਕੋਲ ਅਮਰੀਕਾ ਨਾਲ ਵਪਾਰ ਅਤੇ ਸੁਰੱਖਿਆ ਸਮਝੌਤਾ ਹੈ ਜਾਂ ਭਵਿੱਖ ਵਿੱਚ ਹੋਣ ਦੀ ਉਮੀਦ ਹੈ।

ਭਾਰਤ ਨੂੰ ਅਰਜਨਟੀਨਾ, ਬੰਗਲਾਦੇਸ਼, ਕੰਬੋਡੀਆ, ਇਕਵਾਡੋਰ, ਅਲ ਸਵਾਡੋਰ, ਯੂਰਪੀਅਨ ਯੂਨੀਅਨ, ਗੁਆਟੇਮਾਲਾ, ਇੰਡੋਨੇਸ਼ੀਆ, ਜਾਪਾਨ, ਜਾਰਡਨ, ਮਲੇਸ਼ੀਆ, ਉੱਤਰੀ ਮੈਸੇਡੋਨੀਆ, ਦੱਖਣੀ ਕੋਰੀਆ, ਸਵਿਟਜ਼ਰਲੈਂਡ, ਲੀਚਟਨਸਟਾਈਨ, ਤਾਈਵਾਨ, ਥਾਈਲੈਂਡ, ਯੂਨਾਈਟਿਡ ਕਿੰਗਡਮ ਅਤੇ ਵੀਅਤਨਾਮ ਦੇ ਨਾਲ ਸੂਚੀਬੱਧ ਕੀਤਾ ਗਿਆ ਹੈ। ਵਰਲਡ ਕਸਟਮਜ਼ ਆਰਗੇਨਾਈਜ਼ੇਸ਼ਨ ਐਡ ਵੈਲੋਰਮ ਟੈਰਿਫ ਨੂੰ ਉਨ੍ਹਾਂ ਵਸਤੂਆਂ ਦੇ ਵਿੱਤੀ ਮੁੱਲ ਦੀ ਇੱਕ ਖਾਸ ਪ੍ਰਤੀਸ਼ਤਤਾ ਵਜੋਂ ਪਰਿਭਾਸ਼ਿਤ ਕਰਦੀ ਹੈ ਜਿਨ੍ਹਾਂ ਉੱਤੇ ਟੈਕਸ ਲਗਾਇਆ ਜਾਂਦਾ ਹੈ। ਵਣਜ ਵਿਭਾਗ ਨੇ ਕੰਪਨੀਆਂ ਲਈ ਅਮਰੀਕਾ ਵਿੱਚ ਸਿਹਤ ਸੰਕਟ ਨਾਲ ਨਜਿੱਠਣ ਲਈ ਜ਼ਰੂਰੀ ਵਿਸ਼ੇਸ਼ ਦਵਾਈਆਂ ਲਈ ਟੈਰਿਫ ਤੋਂ ਛੋਟ ਦੀ ਮੰਗ ਕਰਨ ਵਾਸਤੇ ਇੱਕ ਰਸਤਾ ਤਿਆਰ ਕੀਤਾ ਹੈ।

ਇਹ ਸਹਾਇਤਾ ਮੰਗਣ ਵਾਲੀਆਂ ਫ਼ਰਮਾਂ ਨੂੰ ਉਤਪਾਦ ਦੇ ਵਰਗੀਕਰਨ, ਸਰਗਰਮ ਤੱਤਾਂ, ਉਤਪਾਦਕ, ਮੂਲ ਦੇਸ਼ ਅਤੇ ਸ਼ਾਮਲ ਡਾਕਟਰੀ ਜ਼ਰੂਰਤ ਬਾਰੇ ਜਾਣਕਾਰੀ ਜਮ?ਹਾਂ ਕਰਾਉਣੀ ਪਵੇਗੀ। ਵਣਜ ਵਿਭਾਗ ਅਮਰੀਕੀ ਵਪਾਰ ਪ੍ਰਤੀਨਿਧੀ ਅਤੇ ਸਿਹਤ ਅਤੇ ਮਨੁੱਖੀ ਸੇਵਾਵਾਂ ਵਿਭਾਗ ਦੇ ਤਾਲਮੇਲ ਨਾਲ ਇਨ੍ਹਾਂ ਬੇਨਤੀਆਂ ਦਾ ਵਿਅਕਤੀਗਤ ਤੌਰ 'ਤੇ ਮੁਲਾਂਕਣ ਕਰੇਗਾ।

**'ਐਨਰਜੀ ਡਰਿੰਕ' ਲੇਬਲ...**

ਦਾ ਮੌਕਾ ਦੇਣਾ। ਐੱਫ.ਐੱਸ.ਐੱਸ.ਏ.ਆਈ. ਨੇ ਹਾਈ ਕੋਰਟ ਨੂੰ ਦੱਸਿਆ ਕਿ ਕੋਈ ਵੱਖਰਾ 'ਕਾਰਨ ਦੱਸੋ ਨੋਟਿਸ' ਜਾਰੀ ਨਹੀਂ ਕੀਤਾ ਗਿਆ ਸੀ; ਸਗੋਂ 30 ਜੂਨ ਦਾ ਪੱਤਰ ਹੀ ਨੋਟਿਸ ਵਜੋਂ ਕੰਮ ਕਰਦਾ ਸੀ, ਅਤੇ ਚਿੰਤਾ ਖਾਸ ਤੌਰ 'ਤੇ 'ਐਨਰਜੀ ਡਰਿੰਕ' ਸ਼ਬਦ ਦੀ ਵਰਤੋਂ ਬਾਰੇ ਸੀ, ਨਾ ਕਿ ਖੁਦ ਉਤਪਾਦ ਬਾਰੇ।

# ਸੀਨੀਅਰ ਸਿਟੀਜ਼ਨ ਵੈਲਫੇਅਰ ਟਰੱਸਟ ਦੀ ਮਾਸਿਕ ਮੀਟਿੰਗ ਅਤੇ ਜਨਮਦਿਨ ਸਮਾਰੋਹ ਸੰਪੰਨ

**ਪੈਗਾਮ-ਏ-ਜਗਤ ਰਤੀਆ, 29 ਸਤੰਬਰ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)**

ਸੀਨੀਅਰ ਸਿਟੀਜਨ ਵੈਲਫੇਅਰ ਐਸੋਸੀਏਸ਼ਨ ਟਰੱਸਟ ਦੀ ਮਾਸਿਕ ਮੀਟਿੰਗ ਅਤੇ ਸਾਂਝਾ ਜਨਮਦਿਨ ਸਮਾਰੋਹ ਬੀਤੀ ਸ਼ਾਮ ਅਨਾਜ ਮੰਡੀ ਸਥਿਤ ਟਰੱਸਟ ਦਫਤਰ ਵਿੱਚ ਪ੍ਰਧਾਨ ਐਡਵੋਕੇਟ ਬਿੱਕਰ ਸਿੰਘ ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤਾ ਗਿਆ।



ਮੀਟਿੰਗ ਦੌਰਾਨ ਸਤੰਬਰ ਮਹੀਨੇ ਵਿੱਚ ਜਨਮਦਿਨ ਮਨਾਉਣ ਵਾਲੇ ਟਰੱਸਟ ਦੇ ਮੈਂਬਰਾਂ ਗਗਨ ਸਰੂਪ ਮੰਗਲਾ, ਸੇਵਾਮੁਕਤ ਅਧਿਆਪਕ ਮੇਜਰ ਸਿੰਘ, ਸੁਸ਼ੀਲ ਜੈਨ ਅਤੇ ਕਾਮਰੇਡ ਅਜਮੇਰ ਸਿੰਘ ਦਾ ਸਾਂਝੇ ਤੌਰ 'ਤੇ ਕੇਕ ਕੱਟ ਕੇ ਜਨਮਦਿਨ ਮਨਾਇਆ ਗਿਆ। ਇਸ ਮੌਕੇ ਸਾਰੇ ਮੈਂਬਰਾਂ ਨੂੰ ਤੋਹਫੇ ਭੇਟ ਕਰਕੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

ਇਸ ਤੋਂ ਬਾਅਦ ਟਰੱਸਟ ਵੱਲੋਂ ਬੀਤੇ ਦਿਨੀਂ ਆਯੋਜਿਤ ਧਾਰਮਿਕ ਅਤੇ ਪਹਾੜੀ ਯਾਤਰਾ ਦੇ ਸਫਲ ਆਯੋਜਨ ਲਈ ਪ੍ਰੋਜੈਕਟ ਚੇਅਰਮੈਨ ਮਦਨਲਾਲ ਸਿੰਗਲਾ ਅਤੇ ਪ੍ਰੋਜੈਕਟ ਖਜ਼ਾਨਚੀ ਰਾਮਪਾਲ ਜਿੰਦਲ ਦਾ ਧੰਨਵਾਦ ਕੀਤਾ ਗਿਆ। ਪ੍ਰੋਗਰਾਮ ਦਾ ਮੰਚ ਸੰਚਾਲਨ ਸਕੱਤਰ ਬਲਿੰਦਰ ਸ਼ਰਮਾ ਨੇ ਬਾਖੂਬੀ ਕੀਤਾ।

ਇਸ ਮੌਕੇ 'ਤੇ ਡਾ. ਨਰੇਸ਼ ਗੋਇਲ, ਗੋਪਾਲ ਚੰਦ ਕੁਲਰੀਆਂ, ਸ਼ਿਸ਼ਨਪਾਲ ਮੰਗਲਾ, ਮਦਨਲਾਲ ਸਿੰਗਲਾ, ਕ੍ਰਿਸ਼ਨ ਸਿੰਘ ਚਿੱਤਰਕਾਰ, ਸੇਵਾਮੁਕਤ ਡੀਐਸਪੀ ਸਤਪਾਲ ਸਿੰਘ, ਗੁਰਨਾਮ ਸਿੰਘ ਤੇਲੀਵਾੜਾ, ਸੱਤਿਆਪ੍ਰਕਾਸ਼ ਜੈਨ, ਸੁਰੇਸ਼ ਜੈਨ ਨੀਲਕਮਲ, ਮੋਹਨ ਲਾਲ ਮਹਿਤਾ, ਲੈਫਟੀਨੈਂਟ ਹਰਭਜਨ ਸਿੰਘ, ਕੈਪਟਨ ਜਗਜੀਤ ਸਿੰਘ, ਹਮੀਰ ਸਿੰਘ ਘਾਸਵਾ, ਮਾਸਟਰ ਸੁਖਦੇਵ ਸਿੰਘ ਅਤੇ ਤੇਜਿੰਦਰ ਸਿੰਘ ਔਜਲਾ ਸਮੇਤ ਟਰੱਸਟ ਦੇ ਹੋਰ ਮੈਂਬਰ ਮੌਜੂਦ ਰਹੇ।

# ਹਲਕਾ ਲਹਿਰਾ ਵਿੱਚ ਕਾਂਗਰਸ ਨੂੰ ਵੱਡਾ ਝਟਕਾ; ਪੰਜ ਦਹਾਕਿਆਂ ਤੋਂ ਬੀਬੀ ਭੱਠਲ ਨਾਲ ਜੁੜੇ ਰਜਿੰਦਰ ਸਿੰਘ ਇੰਦਰ 'ਆਪ' ਵਿੱਚ ਸ਼ਾਮਲ

**ਖਨੌਰੀ/ ਸੰਗਰੂਰ, 29 ਸਤੰਬਰ (ਪੈ.ਗਾਮ-ਏ-ਜਗਤ)**

ਵਿਧਾਨ ਸਭਾ ਹਲਕਾ ਲਹਿਰਾ ਵਿੱਚ ਕਾਂਗਰਸ ਪਾਰਟੀ ਨੂੰ ਅੱਜ ਉਸ ਸਮੇਂ ਵੱਡਾ ਝਟਕਾ ਲੱਗਿਆ ਜਦੋਂ ਕਰੀਬ ਪੰਜ ਦਹਾਕਿਆਂ ਤੋਂ ਬੀਬੀ ਰਾਜਿੰਦਰ ਕੌਰ ਭੱਠਲ ਨਾਲ ਜੁੜੇ ਰਹੇ ਰਜਿੰਦਰ ਸਿੰਘ ਇੰਦਰ, ਸਾਬਕਾ ਪ੍ਰਧਾਨ ਸ਼ੈਲਰ ਐਸੋਸੀਏਸ਼ਨ ਖਨੌਰੀ ਮੰਡੀ, ਆਪਣੇ ਸੈਂਕੜੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦੀ ਹਾਜ਼ਰੀ ਵਿੱਚ ਹੋਈ ਇਸ ਸ਼ਮੂਲੀਅਤ ਨੂੰ ਹਲਕੇ ਵਿੱਚ ਪਾਰਟੀ ਦੀ ਮਜ਼ਬੂਤੀ ਵੱਲ ਅਹਿਮ ਕਦਮ ਦੱਸਿਆ ਗਿਆ।

ਇਸ ਮੌਕੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਰਜਿੰਦਰ ਸਿੰਘ ਇੰਦਰ ਅਤੇ ਉਨ੍ਹਾਂ ਦੇ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ

**• ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਦੀ ਹਾਜ਼ਰੀ ਵਿੱਚ ਸੈਂਕੜੇ ਸਾਥੀਆਂ ਨੇ ਵੀ ਫੜਿਆ ਆਮ ਆਦਮੀ ਪਾਰਟੀ ਦਾ ਪੱਲਾ**



ਲੰਮੇ ਸਮੇਂ ਤੋਂ ਲੋਕਾਂ ਵਿੱਚ ਵਿਚਰਨ ਵਾਲੇ ਆਗੂਆਂ ਅਤੇ ਵਰਕਰਾਂ ਦੇ ਪਾਰਟੀ ਨਾਲ ਜੁੜਨ ਨਾਲ ਹਲਕਾ ਲਹਿਰਾ ਵਿੱਚ 'ਆਪ' ਦਾ ਆਧਾਰ ਹੋਰ ਮਜ਼ਬੂਤ ਹੋਵੇਗਾ। ਉਨ੍ਹਾਂ ਕਿਹਾ ਕਿ ਰਜਿੰਦਰ ਸਿੰਘ ਇੰਦਰ ਦਾ ਤਜਰਬਾ ਅਤੇ ਲੋਕਾਂ ਨਾਲ ਉਨ੍ਹਾਂ ਦੀ ਸਾਂਝ ਇਲਾਕੇ ਦੇ ਮਸਲੇ ਸਮਝਣ ਅਤੇ ਉਨ੍ਹਾਂ ਨੂੰ ਹੱਲ ਲਈ ਅੱਗੇ ਰੱਖਣ ਵਿੱਚ ਸਹਾਈ ਹੋਵੇਗੀ। ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰੇਕ ਸਾਥੀ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ। ਉਨ੍ਹਾਂ ਨਵੇਂ ਸਾਥੀਆਂ ਨੂੰ ਸੱਦਾ ਦਿੱਤਾ ਕਿ ਉਹ ਪਿੰਡਾਂ ਅਤੇ ਸ਼ਹਿਰਾਂ ਵਿੱਚ ਲੋਕਾਂ ਨਾਲ ਆਪਣਾ ਰਾਬਤਾ ਹੋਰ ਮਜ਼ਬੂਤ ਕਰਨ ਅਤੇ ਉਨ੍ਹਾਂ ਦੀਆਂ ਲੋੜਾਂ ਤੇ ਸਮੱਸਿਆਵਾਂ ਨੂੰ ਸਰਕਾਰ ਦੇ ਧਿਆਨ ਵਿੱਚ ਲਿਆਉਣ। ਉਨ੍ਹਾਂ ਕਿਹਾ ਕਿ ਲੋਕਾਂ ਦੀ ਗੱਲ ਸੁਣ ਕੇ ਕੰਮ ਕਰਨਾ ਹੀ ਪਾਰਟੀ ਦੀ ਕਾਰਜਸ਼ੈਲੀ ਦਾ ਅਧਾਰ ਹੈ। ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ, ਸਿਹਤ, ਬਿਜਲੀ ਅਤੇ ਬੁਨਿਆਦੀ ਢਾਂਚੇ ਦੇ ਖੇਤਰਾਂ ਵਿੱਚ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਹਲਕਾ ਲਹਿਰਾ ਦੇ ਵਿਕਾਸ ਕਾਰਜਾਂ ਅਤੇ ਲੋਕਾਂ ਦੇ ਰੋਜ਼ਾਨਾ ਦੇ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਅੱਗੇ ਵਧਾਇਆ ਜਾ ਰਿਹਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਲੋਕਾਂ ਵੱਲੋਂ ਮਿਲਣ ਵਾਲੇ ਸੁਝਾਵਾਂ ਨੂੰ ਵੀ ਪੂਰੀ ਗੰਭੀਰਤਾ ਨਾਲ ਲਿਆ ਜਾਵੇਗਾ। ਇਸ ਮੌਕੇ ਰਜਿੰਦਰ ਸਿੰਘ ਇੰਦਰ ਨੇ ਕਿਹਾ ਕਿ ਉਨ੍ਹਾਂ ਨੇ ਆਪਣੇ ਸਾਥੀਆਂ ਨਾਲ ਵਿਸਥਾਰ ਵਿੱਚ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਆਮ ਆਦਮੀ ਪਾਰਟੀ ਨਾਲ ਜੁੜਨ ਦਾ ਫ਼ੈਸਲਾ ਲਿਆ ਹੈ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ, ਇੰਡਰਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

# ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਨੇ ਰਾਸ਼ਟਰਪਤੀ, ਉਪ-ਰਾਸ਼ਟਰਪਤੀ ਅਤੇ ਕੇਂਦਰੀ ਮੰਤਰੀਆਂ ਨਾਲ ਮੁਲਾਕਾਤ ਕੀਤੀ

**ਪੈ.ਗਾਮ-ਏ-ਜਗਤ/ਨਵੀਂ ਦਿੱਲੀ**
**29 ਸਤੰਬਰ, (ਹਰਮਿੰਦਰ ਸਿੰਘ ਨਾਗਪਾਲ)**

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਨਵੀਂ ਦਿੱਲੀ ਵਿੱਚ ਭਾਰਤ ਦੇ ਮਾਣਯੋਗ ਰਾਸ਼ਟਰਪਤੀ, ਉਪ-ਰਾਸ਼ਟਰਪਤੀ ਅਤੇ ਕੇਂਦਰੀ

**• ਵਿਕਾਸ ਦੇ ਅਹਿਮ ਮੁੱਦਿਆਂ 'ਤੇ ਚਰਚਾ ਕੀਤੀ**

ਮੰਤਰੀਆਂ ਨਾਲ ਸਿਲਸਿਲੇਵਾਰ ਕਈ ਮੀਟਿੰਗਾਂ ਕੀਤੀਆਂ। ਇਨ੍ਹਾਂ ਮੀਟਿੰਗਾਂ ਵਿੱਚ ਉਨ੍ਹਾਂ ਨੇ ਪੰਜਾਬ ਅਤੇ ਚੰਡੀਗੜ੍ਹ ਦੇ ਵਿਕਾਸ ਅਤੇ ਜਨਕਲਿਆਣ ਨਾਲ ਜੁੜੇ ਪ੍ਰਮੁੱਖ ਮੁੱਦਿਆਂ 'ਤੇ ਚਰਚਾ ਕੀਤੀ, ਜਿਨ੍ਹਾਂ ਵਿੱਚ ਨਸ਼ਾ ਮੁਕਤੀ, ਸਿਹਤ ਸੇਵਾਵਾਂ, ਸਿੱਖਿਆ, ਹੜ੍ਹ ਪ੍ਰਬੰਧਨ ਅਤੇ ਸੱਭਿਆਚਾਰਕ ਵਿਕਾਸ ਸ਼ਾਮਲ ਹਨ।

ਕਟਾਰੀਆ ਨੇ ਭਾਰਤ ਦੇ ਮਾਣਯੋਗ ਰਾਸ਼ਟਰਪਤੀ, ਸ਼੍ਰੀਮਤੀ ਦ੍ਰੌਪਦੀ ਮੁਰਮੂ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਦਸੰਬਰ ਵਿੱਚ ਪੰਜਾਬ ਦੇ ਫਾਜ਼ਿਲਕਾ ਜ਼ਿਲ੍ਹੇ ਵਿੱਚ ਸਥਿਤ ਆਸਫਵਾਲਾ ਯੁੱਧ ਸਮਾਰਕ ਵਿਖੇ 'ਵਿਜੈ ਦਿਵਸ' ਸਮਾਰੋਹ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਇਸ ਤੋਂ ਪਹਿਲਾਂ, ਸ਼੍ਰੀ ਕਟਾਰੀਆ ਨੇ ਭਾਰਤ ਦੇ ਉਪ-ਰਾਸ਼ਟਰਪਤੀ ਸ਼੍ਰੀ ਸੀ.ਪੀ. ਰਾਧਾਕ੍ਰਿਸ਼ਨਨ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਆਪਣੇ ਹਾਲੀਆ ਦੌਰੇ ਦੌਰਾਨ ਉਪ-ਰਾਸ਼ਟਰਪਤੀ ਵੱਲੋਂ ਕੀਤੀ ਗਈ ਪ੍ਰਤੀਬੱਧਤਾ ਦੇ ਮੱਦੇਨਜ਼ਰ, ਪੰਜਾਬ ਯੂਨੀਵਰਸਿਟੀ ਨੂੰ ਨੰਬਰ ਇੱਕ ਯੂਨੀਵਰਸਿਟੀ ਬਣਾਉਣ ਦੇ ਲਕਸ਼ 'ਤੇ ਚਰਚਾ ਕੀਤੀ।

ਕੇਂਦਰੀ ਗ੍ਰਹਿ ਮੰਤਰੀ ਅਤੇ ਸਹਿਕਾਰਤਾ ਮੰਤਰੀ ਸ਼੍ਰੀ ਅਮਿਤ ਸ਼ਾਹ ਨਾਲ ਮੁਲਾਕਾਤ ਦੌਰਾਨ, ਸ਼੍ਰੀ ਕਟਾਰੀਆ ਨੇ ਚੰਡੀਗੜ੍ਹ ਨੂੰ ਨਸ਼ਾ-ਮੁਕਤ ਬਣਾਉਣ ਦੇ ਕਦਮਾਂ 'ਤੇ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਨੇ ਨਸ਼ੇ ਦੇ ਸ਼ਿਕਾਰ ਲੋਕਾਂ ਦੇ ਪੁਨਰਵਾਸ, ਪੁਨਰਵਾਸ ਤੋਂ ਬਾਅਦ ਉਨ੍ਹਾਂ ਦੀ




ਸਕਿੱਲ ਟ੍ਰੇਨਿੰਗ ਅਤੇ ਰੋਜ਼ਗਾਰ ਦੇ ਸਹੀ ਅਵਸਰ ਮੁਹੱਈਆ ਕਰਵਾਉਣ ਵਿੱਚ ਕੇਂਦਰ ਦੀ ਮਦਦ ਮੰਗੀ, ਤਾਕਿ ਉਹ ਨਵਾਂ ਜੀਵਨ ਸ਼ੁਰੂ ਕਰ ਸਕਣ।

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਸ਼੍ਰੀ ਜਗਤ ਪ੍ਰਕਾਸ਼ ਨੱਡਾ ਨਾਲ ਬੈਠਕ ਵਿੱਚ ਰਾਜਪਾਲ ਨੇ ਮੈਡੀਕਲ ਕਾਲਜ ਵਿੱਚ ਪੋਸਟ-ਗ੍ਰੈਜੂਏਟ ਪੱਧਰ ਦੀਆਂ 36 ਅਤਿਰਿਕਤ ਸੀਟਾਂ ਦੀ ਮੰਗ ਰੱਖੀ। ਨਾਲ ਹੀ, ਉਨ੍ਹਾਂ ਨੇ 'ਚੰਡੀਗੜ੍ਹ ਰੀਜਨਲ ਮੈਡੀਕਲ ਹੱਬ' ਪ੍ਰੋਜੈਕਟ ਨੂੰ ਪੂਰੀ ਤਰ੍ਹਾਂ ਸਰਕਾਰੀ ਖਰਚ 'ਤੇ ਵਿਕਸਿਤ ਕਰਨ ਲਈ 2,000 ਕਰੋੜ ਰੁਪਏ ਦੀ ਆਰਥਿਕ ਮਦਦ ਦੀ ਬੇਨਤੀ ਕੀਤੀ।

ਕੇਂਦਰੀ ਸਿੱਖਿਆ ਮੰਤਰੀ ਸ਼੍ਰੀ ਪ੍ਰਹਿਲਾਦ ਜੋਸ਼ੀ ਨਾਲ ਮੁਲਾਕਾਤ ਦੌਰਾਨ, ਸ਼੍ਰੀ ਕਟਾਰੀਆ ਨੇ 'ਪੰਜਾਬ ਇੰਜੀਨੀਅਰਿੰਗ ਕਾਲਜ' ਨੂੰ ਪੱਛਮ ਬੰਗਾਲ ਦੇ 'ਬੰਗਾਲ ਕਾਲਜ ਆਵ? ਇੰਜੀਨੀਅਰਿੰਗ ਸ਼ਿਬਪੁਰ' ਦੀ ਤਰਜ਼ 'ਤੇ ਪੂਰੀ ਤਰ੍ਹਾਂ ਕੇਂਦਰ ਪੋਸ਼ਿਤ ਸੰਸਥਾਨ (ਸੀਐੱਫਟੀਆਈ) ਬਣਾਉਣ ਦੀ ਮੰਗ ਕੀਤੀ। ਇਸ ਤੋਂ ਇਲਾਵਾ, ਉਨ੍ਹਾਂ ਨੇ ਯੂਜੀਸੀ ਨਿਯਮਾਂ 2018 ਦੇ ਤਹਿਤ ਵਰਤਮਾਨ ਵਿੱਚ 'ਡੀਮਡ ਯੂਨੀਵਰਸਿਟੀ' ਦਾ ਦਰਜਾ ਪ੍ਰਾਪਤ ਇਸ ਕਾਲਜ ਲਈ ਵਾਇਸ ਚਾਂਸਲਰ ਨਿਯੁਕਤ ਕਰਨ ਦੀ ਵੀ ਅਪੀਲ ਕੀਤੀ।

ਕੇਂਦਰੀ ਜਲ ਸ਼ਕਤੀ ਮੰਤਰੀ, ਸ਼੍ਰੀ ਚੰਦਰਕਾਂਤ ਰਘੁਨਾਥ ਪਾਟਿਲ ਨਾਲ ਬੈਠਕ ਵਿੱਚ ਰਾਜਪਾਲ ਨੇ ਰਾਵੀ ਦਰਿਆ ਦੇ ਹੜ੍ਹਾਂ ਨਾਲ ਅੰਮ੍ਰਿਤਸਰ, ਗੁਰਦਾਸਪੁਰ ਅਤੇ ਪਠਾਨਕੋਟ ਦੇ ਸੀਮਾਵਰਤੀ ਇਲਾਕਿਆਂ ਵਿੱਚ ਹੋਏ ਭਾਰੀ ਨੁਕਸਾਨ ਦਾ ਮੁੱਦਾ ਉਠਾਇਆ। ਉਨ੍ਹਾਂ ਨੇ ਵਾਰ-ਵਾਰ ਆਉਣ ਵਾਲੇ ਹੜ੍ਹਾਂ ਤੋਂ ਬਚਾਅ ਅਤੇ ਇਸ ਸਮੱਸਿਆ ਦੇ ਸਥਾਈ ਸਮਾਧਾਨ ਲਈ ਇੱਕ ਦੀਰਘਕਾਲੀ ਯੋਜਨਾ ਤਿਆਰ ਕਰਨ ਦੀ ਮੰਗ ਰੱਖੀ। ਕਟਾਰੀਆ ਨੇ ਕੇਂਦਰੀ ਸੱਭਿਆਚਾਰ ਅਤੇ ਟੂਰਿਜ਼ਮ ਮੰਤਰੀ, ਸ਼੍ਰੀ ਗਜੇਂਦਰ ਸਿੰਘ ਸ਼ੇਖਾਵਤ ਦਾ ਆਭਾਰ ਜਤਾਇਆ, ਜਿਨ੍ਹਾਂ ਨੇ ਖਰੜ ਵਿੱਚ 'ਅੱਜ ਸਰੋਵਰ' ਲਈ 93 ਕਰੋੜ ਰੁਪਏ ਅਤੇ ਚੰਡੀਗੜ੍ਹ ਦੇ ਸੈਕਟਰ-19 ਸਥਿਤ 'ਲੀ ਕਾਰਬੂਜ਼ੀਅਰ ਸੈਂਟਰ' ਵਿੱਚ 'ਡਿਜੀਟਲ ਮਿਊਜ਼ੀਅਮ' ਬਣਾਉਣ ਲਈ ਲਗਭਗ 19 ਕਰੋੜ ਰੁਪਏ ਮਨਜ਼ੂਰ ਕੀਤੇ ਹਨ। ਇਨ੍ਹਾਂ ਮੀਟਿੰਗਾਂ ਦਾ ਮੁੱਖ ਮਕਸਦ ਕੇਂਦਰ ਸਰਕਾਰ ਨਾਲ ਤਾਲਮੇਲ ਨੂੰ ਹੋਰ ਮਜ਼ਬੂਤ ਕਰਨਾ ਅਤੇ ਪੰਜਾਬ ਤੇ ਚੰਡੀਗੜ੍ਹ ਦੇ ਲੋਕਾਂ ਦੇ ਕਲਿਆਣ ਅਤੇ ਵਿਕਾਸ ਨਾਲ ਜੁੜੀਆਂ ਯੋਜਨਾਵਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣਾ ਸੀ।

## ਬਡਰੁੱਖਾਂ ਦੇ ਇਤਿਹਾਸਿਕ ਗੁਰਦੁਆਰਾ ਸਾਹਿਬ ਵਿਖੇ ਲੁੱਟ-ਖੋਹ ਦੀ ਵਾਰਦਾਤ 12 ਘੰਟਿਆਂ ਵਿੱਚ ਟਰੇਸ, 3 ਦੋਸ਼ੀ ਗ੍ਰਿਫ਼ਤਾਰ

**ਸੰਗਰੂਰ, 29 ਸਤੰਬਰ (ਪੈ.ਗਾਮ-ਏ-ਜਗਤ)**

ਜ਼ਿਲ੍ਹਾ ਸੰਗਰੂਰ ਪੁਲਿਸ ਨੇ ਪਿੰਡ ਬਡਰੁੱਖਾਂ ਦੇ ਇਤਿਹਾਸਿਕ ਗੁਰਦੁਆਰਾ ਸਾਹਿਬ ਵਿਖੇ ਹੋਈ ਲੁੱਟ-ਖੋਹ ਦੀ ਵਾਰਦਾਤ ਨੂੰ 12 ਘੰਟਿਆਂ ਦੇ ਅੰਦਰ ਟਰੇਸ ਕਰਦਿਆਂ 3 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਨੇ ਦੋਸ਼ੀਆਂ ਕੋਲੋਂ ਵਾਰਦਾਤ ਸਮੇਂ ਵਰਤੀ ਗਈ 1 ਸ਼ਾਟਗਨ, 2 ਦੇਸੀ ਪਿਸਤੌਲ .32 ਬੋਰ ਅਤੇ 6 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ। ਐਸ.ਐਸ.ਪੀ. ਸੰਗਰੂਰ ਡਾ. ਰਵਜੋਤ ਗਰੇਵਾਲ ਨੇ ਦੱਸਿਆ ਕਿ 28-29 ਸਤੰਬਰ ਦੀ ਦਰਮਿਆਨੀ ਰਾਤ ਕਰੀਬ 1:30 ਵਜੇ ਚਾਰ ਅਣਪਛਾਤੇ ਵਿਅਕਤੀ ਲੁੱਟ-ਖੋਹ ਦੇ ਇਰਾਦੇ ਨਾਲ ਪਿੰਡ ਬਡਰੁੱਖਾਂ ਦੇ ਇਤਿਹਾਸਿਕ ਗੁਰਦੁਆਰਾ ਸਾਹਿਬ ਵਿੱਚ ਦਾਖਲ ਹੋਏ। ਉਨ੍ਹਾਂ ਨੇ ਸੁੱਤੇ ਪਏ ਸੇਵਾਦਾਰ ਅਜੈਬ ਸਿੰਘ ਨੂੰ ਰੱਸੇ ਨਾਲ ਬੰਨ੍ਹਣ ਦੀ ਕੋਸ਼ਿਸ਼ ਕੀਤੀ। ਅਜੈਬ ਸਿੰਘ ਵੱਲੋਂ ਰੌਲਾ ਪਾਉਣ 'ਤੇ ਗੁਰਦੁਆਰਾ ਸਾਹਿਬ ਵਿੱਚ ਸੁੱਤਾ ਪਿਆ ਸੇਵਾਦਾਰ ਜਸਵੰਤ ਸਿੰਘ, ਜੋ ਲਾਂਗਰੀ ਵਜੋਂ ਸੇਵਾ ਨਿਭਾਅ ਰਿਹਾ ਸੀ, ਬਾਹਰ ਆਇਆ। ਇਸ ਦੌਰਾਨ ਅਣਪਛਾਤੇ ਵਿਅਕਤੀਆਂ ਵੱਲੋਂ ਉਸ 'ਤੇ ਗੋਲੀ ਚਲਾਈ ਗਈ, ਜਿਸ ਕਾਰਨ ਉਹ ਗੰਭੀਰ ਜ਼ਖ਼ਮੀ ਹੋ ਗਿਆ। ਉਸ ਨੂੰ ਤੁਰੰਤ ਸਰਕਾਰੀ ਹਸਪਤਾਲ ਸੰਗਰੂਰ ਵਿਖੇ ਦਾਖਲ ਕਰਵਾਇਆ ਗਿਆ। ਇਸ ਸਬੰਧੀ ਥਾਣਾ ਲੌਂਗੋਵਾਲ ਵਿਖੇ ਮੁਕੱਦਮਾ ਦਰਜ ਕਰਕੇ ਜਾਂਚ ਸ਼ੁਰੂ ਕੀਤੀ ਗਈ। ਪੁਲਿਸ ਟੀਮਾਂ ਨੇ ਮਨੁੱਖੀ ਅਤੇ ਤਕਨੀਕੀ ਇੰਟੈਲੀਜੈਂਸ ਦੀ ਮਦਦ ਨਾਲ ਸਰਬਜੀਤ ਸਿੰਘ ਉਰਫ਼ ਸਰਬਾ ਵਾਸੀ ਕੱਟੂ, ਜ਼ਿਲ੍ਹਾ ਬਰਨਾਲਾ, ਜਗਸੀਰ ਸਿੰਘ ਉਰਫ਼ ਸੀਰਾ ਵਾਸੀ ਕੱਟੂ, ਜ਼ਿਲ੍ਹਾ ਬਰਨਾਲਾ ਅਤੇ ਗੁਰਜੀਤ ਸਿੰਘ ਉਰਫ਼ ਬੱਬੀ ਵਾਸੀ ਮਹਿਰਾਜ, ਜ਼ਿਲ੍ਹਾ ਬਠਿੰਡਾ ਨੂੰ ਗ੍ਰਿਫ਼ਤਾਰ ਕੀਤਾ।

## "ਸਵੱਛਤਾ ਹੀ ਸੇਵਾ" ਮਹਿੰਮ ਦੇ ਤਹਿਤ ਸਫਾਈ ਅਭਿਆਨ

**ਸੰਗਰੂਰ, 29 ਸਤੰਬਰ (ਪੈ.ਗਾਮ-ਏ-ਜਗਤ)**

ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ, ਸੰਗਰੂਰ ਵਿਖੇ ਕਮਾਂਡਰ ਦਿਲਪ੍ਰੀਤ ਸਿੰਘ ਕੰਗ (ਰਿਟਾ.), ਡਿਪਟੀ ਡਾਇਰੈਕਟਰ (ਐੱਮ.) ਦੀ ਅਗਵਾਹੀ ਹੇਠ ਸਮੂਹ ਸਟਾਫ ਵੱਲੋਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਦਫ਼ਤਰ ਵਿਖੇ "ਸਵੱਛਤਾ ਹੀ ਸੇਵਾ" ਮਹਿੰਮ ਦੇ ਤਹਿਤ ਸਫਾਈ ਅਭਿਆਨ ਚਲਾਇਆ ਗਿਆ। ਜਿਸ ਵਿੱਚ ਦਫ਼ਤਰ ਦੇ ਸਮੂਹ ਸਟਾਫ ਵੱਲੋਂ ਵੱਧ ਚੜ੍ਹ ਕੇ ਹਿੱਸਾ ਲਿਆ ਗਿਆ। ਇਸ ਮੌਕੇ ਕਮਾਂਡਰ ਦਿਲਪ੍ਰੀਤ ਸਿੰਘ ਕੰਗ (ਰਿਟਾ.) ਨੇ ਆਪਣੇ ਸੰਦੇਸ਼ ਵਿੱਚ ਕਿਹਾ ਗਿਆ ਕਿ ਜਿੱਥੇ ਸਫ਼ਾਈ ਹੋਵੇਗੀ, ਉੱਥੇ ਹੀ ਪ੍ਰਮਾਤਮਾ ਦਾ ਵਾਸ ਹੁੰਦਾ ਹੈ। ਆਪਣੇ ਆਲੇ-ਦੁਆਲੇ ਦੀ ਸਫ਼ਾਈ ਰੱਖਣਾ ਹਰ ਇੱਕ ਨਾਗਰਿਕ ਦਾ ਇਖਲਾਕੀ ਫ਼ਰਜ ਬਣਦਾ ਹੈ। ਆਪਣੀ ਧਰਤੀ ਨੂੰ ਸਾਫ਼ ਸੁਥਰਾ ਰੱਖ ਕੇ ਹੀ ਮਨੁੱਖ ਤੰਦਰੁਸਤੀ ਭਰਿਆ ਜੀਵਨ ਜੀਅ ਸਕਦਾ ਹੈ। ਇਸ ਮੌਕੇ ਦਫ਼ਤਰ ਦਾ ਸਾਰਾ ਸਟਾਫ ਮੌਜੂਦ ਸੀ।



## ਸ. ਭਗਤ ਸਿੰਘ ਜੀ ਦੇ ਜਨਮ ਦਿਵਸ ਮੌਕੇ ਗਿਆਨ ਜਯੋਤੀ ਐਜੂਕੇਸ਼ਨ ਸੁਸਾਇਟੀ ਪਟਿਆਲਾ ਵੱਲੋ ਸਧਾਰਨ ਸਮਾਗਮ ਅਤੇ ਰੁੱਖ ਲਗਾਏ : ਮੇਅਰ ਕੁੰਦਨ ਗੋਗੀਆ

**ਪਟਿਆਲਾ, 29 ਸਤੰਬਰ**
**(ਪੈ.ਗਾਮ-ਏ-ਜਗਤ)**

ਸਹੀਦੇ-ਆਜਮ ਸਰਦਾਰ ਭਗਤ ਸਿੰਘ ਜੀ ਦੇ 119ਵੇ ਜਨਮ ਦਿਵਸ ਮੌਕੇ ਉਹਨਾ ਦੇ ਅਧੂਰੇ ਸੁਪਨੇ ਸਕਾਰ ਕਰਨ ਲਈ ਇੱਕ ਸਧਾਰਨ ਸਮਾਗਮ ਅਤੇ ਰੁੱਖ ਲਗਾ ਕੇ ਰੋਜ ਗਾਰਡਨ ਵਿਖੇ ਕੀਤਾ ਗਿਆ।

ਜਿਸ ਵਿੱਚ ਸਵੇਰ ਦੇ ਟਾਇਮ ਸ਼ਾਹੀ ਸ਼ਹਿਰ ਦੇ ਮੇਅਰ ਕੁੰਦਨ ਗੋਗੀਆ ਨੇ ਰੁੱਖ ਲਗਾ ਕੇ ਮਨਾਇਆ ਗਿਆ ਇਸ ਮੌਕੇ ਮੇਅਰ ਨੇ ਕਿਹਾ ਸਾਨੂੰ ਸਹੀਦੇ-ਆਜਮ ਸਰਦਾਰ ਭਗਤ ਸਿੰਘ ਜੀ ਦਾ ਰਾਸ਼ਟਰ ਪ੍ਰਤੀ ਪ੍ਰੇਮ, ਅਜਾਦੀ ਦੇ ਅਤੇ ਮਹਾਨ ਕੁਰਬਾਨੀ ਨੂੰ ਯਾਦ ਕਰਦਿਆ ਦੇਸ਼ ਦੇ ਭਗਤਾ ਨੇ ਆਪਣੀਆ ਕੁਰਬਾਨੀਆਂ ਦੇ ਕੇ ਦੇਸ਼ ਅਜਾਦ ਕਰਵਾਇਆ ਇਹ ਪ੍ਰੋਗਰਾਮ ਗਿਆਨ ਜਯੋਤੀ ਐਜੂਕੇਸ਼ਨ ਸੁਸਾਇਟੀ ਦੀ ਮੁਹਿੰਮ ÷ ਹਰ ਮਨੁੱਖ ਲਾਵੇ ਦੋ ਰੁੱਖ ÷ ਤਹਿਤ ਰੁੱਖ ਲਗਾਏ। ਸ਼ਾਮ ਨੂੰ 6 ਵਜੇ ਸਹੀਦੇ-ਆਜਮ ਸਰਦਾਰ ਭਗਤ ਸਿੰਘ ਜੀ ਦੀ ਫੋਟੋ ਤੇ ਫੁੱਲਾ ਦੀ ਮਾਲਾ ਤੇ ਫੁੱਲ ਅਰਪਨ ਕੀਤੇ ਇਸ ਮੌਕੇ ਡਾ ਹਰਨੇਕ ਸਿੰਘ ਢੋਟ ਸੀਨੀਅਰ ਮੀਤ ਪ੍ਰਧਾਨ ਨੇ ਸਟੇਜ ਸੰਚਾਲਨ ਕੀਤਾ ਸੁਸਾਇਟੀ ਦੇ ਕੰਮਾ ਬਾਰੇ ਦੱਸਿਆ ਤੇ ਸਰਧਾ ਦੇ ਫੁੱਲ ਭੇਟ ਕੀਤੇ ਵੱਖੋ-ਵੱਖ ਬੁਲਾਰਿਆ ਨੇ ਸਹੀਦੇ-ਆਜਮ ਭਗਤ ਸਿੰਘ ਜੀ ਦੇ ਜੀਵਨ ਹੌਂਸਲੇ,ਭਰਭੂਰ,ਤਿਆਗ ਅਤੇ ਦੇਸ਼ ਭਗਤੀ ਦੀ ਪ੍ਰੇਰਣਾ ਹੈ।ਸੁਸਾਇਟੀ ਪ੍ਰਧਾਨ ਉਪਕਾਰ ਸਿੰਘ ਨੇ ਆਪਣਾ ਸੁਨੇਹ ਵਿੱਚ ਕਿਹਾ ਸਹੀਦੇ-ਆਜਮ ਸਰਦਾਰ ਭਗਤ ਸਿੰਘ ਨੇ ਅਜਾਦੀ ਲਈ ਆਪਣੀ ਜਿੰਦਗੀ ਕੁਰਬਾਨ ਕਰ ਦਿਤੀ ਉਨਾ ਦੀ ਸੋਚ,ਹਿੰਮਤ ਅਤੇ ਦੇਸ਼ ਪ੍ਰਤੀ ਸਮਰਪਣ ਅੱਜ ਵੀ ਨੋਜਵਾਨ ਪੀੜੀ ਲਈ ਪ੍ਰੇਰਣਾ ਦਾ ਸਰੋਤ ਹਨ।

ਉਨਾ ਕਿਹਾ ਨੌਜਵਾਨਾ ਨੂੰ ਸ਼ਹੀਦਾਂ ਦੇ ਜੀਵਨ ਅਤੇ ਵਿਚਾਰਾਂ ਤੋ ਪ੍ਰੇਰਣਾ ਲੈ ਕੇ ਸਮਾਜ ਦੀ ਬਿਹਤਰੀ ਲਈ ਕੰਮ ਕਰਨੇ ਚਾਹੀਦੇ ਹਨ। ਆਮ ਪਬਲਿਕ ਨੂੰ ਅਪੀਲ ਕੀਤੀ ਕੀ ਨਸ਼ਿਆ ਅਤੇ ਹੋਰ ਸਮਾਜਿਕ ਬੁਰਾਈਆਂ ਤੋ ਦੂਰ ਰਹਿਕੇ ਸਿਖਿਆ, ਖੇਡਾ, ਵਾਤਾਵਰਨ, ਸਾਫ-ਸਫਾਈ ਤੇ ਸਮਾਜ ਸੇਵਾ ਵੱਲ ਵਧਣਾ ਚਾਹੀਦਾ ਹੈ। ਇਸ ਮੌਕੇ ਕਿਰਨਾ ਦੇਵੀ, ਜੁਗਰੀਤ ਕੌਰ ਸਟੇਟ ਐਵਾਰਡੀ ਸਤਬੀਰ ਕੌਰ ਧਾਲੀਵਾਲ,ਭੰਗੜੇ ਦੇ ਉਘੇ ਕੋਚ ਜਰਨੈਲ ਸਿੰਘ ਬੱਗਾ, ਚਰਨਪਾਲ ਸਿੰਘ,ਵਿਨੇ ਸਰਵਰ, ਦੀਪਕ ਕਪੂਰ ਮੋਹਨ ਲਾਲ ਖੰਨਾ, ਵਿੱਕੀ ਸਿੰਘ, ਗੋਲਡੀ, ਲਖਵਿੰਦਰ ਸਿੰਘ ਸਾਬਕਾ ਡਿਪਟੀ ਡਾਇਰੈਕਟਰ, ਦੇਵ ਰਾਜ, ਸਰਧਾ ਦੇ ਫੁੱਲ ਭੇਟ ਕਰਨ ਲਈ ਕਾਫੀ ਲੋਕ ਸਾਮਿਲ ਸਨ। ਅਖੀਰ ਵਿੱਚ ਡਾ ਹਰਨੇਕ ਸਿੰਘ ਢੋਟ ਸਾਬਕਾ ਸਹਾਇਕ ਡਾਇਰੈਕਟਰ ਭਾਸਾ ਵਿਭਾਗ ਪੰਜਾਬ ਨੇ ਸਾਰਿਆ ਦਾ ਧੰਨਵਾਦ ਕੀਤਾ।



# ਓਬੀਸੀ ਹੱਕ ਹੁੰਕਾਰ ਦੇ ਤਹਿਤ ਕਾਂਗਰਸੀਆਂ ਨੇ ਰਾਸ਼ਟਰਪਤੀ ਦੇ ਨਾਂ ਡੀਸੀ ਨੂੰ ਮੰਗ ਪੱਤਰ ਸੌਂਪਿਆ

**ਪੈ.ਗਾਮ-ਏ-ਜਗਤ/ਅੰਬਾਲਾ**
**29 ਸਤੰਬਰ (ਆਰ.ਸਿੰਘ)**

ਕਾਂਗਰਸੀ ਵਰਕਰਾਂ ਨੇ ਦੇਸ਼ ਵਿਆਪੀ 'ਓਬੀਸੀ ਹੱਕ ਹੁੰਕਾਰ' ਮੁਹਿੰਮ ਦੇ ਹਿੱਸੇ ਵਜੋਂ ਅੱਜ ਜਾਤੀ ਜਨਗਣਨਾ ਲਈ ਪ੍ਰਦਰਸ਼ਨ ਕਰ ਕੇ ਡਿਪਟੀ ਕਮਿਸ਼ਨਰ ਨੂੰ ਮਾਣਯੋਗ ਰਾਸ਼ਟਰਪਤੀ ਦੇ ਨਾਮ 'ਤੇ ਇੱਕ ਮੰਗ ਪੱਤਰ ਸੌਂਪਿਆ। ਅੱਜ ਕਾਂਗਰਸ ਪਾਰਟੀ ਦੇ ਅਹੁਦੇਦਾਰ, ਆਗੂ ਅਤੇ ਵਰਕਰ ਸੂਬਾ ਕਾਂਗਰਸ ਓਬੀਸੀ ਵਿਭਾਗ ਦੀ ਅਗਵਾਈ ਹੇਠ ਅੰਬਾਲਾ ਵਿੱਚ ਮਿੰਨੀ ਸਕੱਤਰੇਤ ਦੇ ਨੇੜੇ ਇਕੱਠੇ ਹੋਏ ਅਤੇ ਪੈਦਲ ਮਾਰਚ ਕਰਦੇ ਹੋਏ ਉਹ ਡਿਪਟੀ ਕਮਿਸ਼ਨਰ ਦੇ ਦਫ਼ਤਰ ਪਹੁੰਚੇ ਅਤੇ ਜਾਤੀ ਜਨ ਗਣਨਾ ਦੀ ਮੰਗ ਨੂੰ ਦੁਹਰਾਉਂਦਿਆਂ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਿਆ। ਇਸ ਮੌਕੇ 'ਤੇ ਸੂਬਾ ਕਾਂਗਰਸ ਓਬੀਸੀ ਵਿਭਾਗ ਦੇ ਚੇਅਰਮੈਨ ਅਤੇ ਵਿਧਾਇਕ ਚੰਦਰ ਪ੍ਰਕਾਸ਼ ਅਤੇ ਅੰਬਾਲਾ ਸ਼ਹਿਰ ਦੇ ਵਿਧਾਇਕ ਨਿਰਮਲ ਸਿੰਘ ਨੇ ਵਰਕਰਾਂ ਦਾ ਹੌਸਲਾ ਵਧਾਇਆ।

ਇਸ ਮੌਕੇ ਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਬਾਲਾ ਸ਼ਹਿਰੀ ਪ੍ਰਧਾਨ ਪਵਨ ਅਗਰਵਾਲ, ਜ਼ਿਲ੍ਹਾ ਕਾਂਗਰਸ ਕਮੇਟੀ ਅੰਬਾਲਾ ਦਿਹਾਤੀ ਦੇ ਪ੍ਰਧਾਨ ਦੁਸ਼ਯੰਤ ਚੌਹਾਨ, ਬਲਾਕ ਪ੍ਰਧਾਨ ਵਿਨੋਦ ਧੀਮਾਨ, ਰਾਕੇਸ਼ ਮੇਹਲਨ, ਦੀਪਕ ਰਾਣਾ, ਬ੍ਰਹਮਪਾਲ ਰਾਣਾ, ਰੋਹਿਤ ਵਿਸ਼ੂ ਸ਼ਰਮਾ, ਰੋਹਿਤ ਗਰਗ, ਮਿਥੁਨ ਵਰਮਾ, ਸਤੀਸ਼ ਕਨੌਜੀਆ, ਸਤੀਸ਼ ਸੈਣੀ, ਦਵਿੰਦਰ ਬਜਾਜ, ਨਰੇਸ਼ ਸੈਣੀ, ਅਸ਼ੋਕ ਸੋਨੀ, ਕੋਮਲ, ਯਾਦਵਿੰਦਰ ਕੌਰ, ਕਿਰਨ ਰਾਣਾ, ਅਤੇ ਵੱਡੀ ਗਿਣਤੀ ਵਿੱਚ ਸੀਨੀਅਰ ਕਾਂਗਰਸੀ ਆਗੂ ਅਤੇ ਵਰਕਰ ਮੌਜੂਦ ਸਨ।

ਵਰਕਰਾਂ ਨੂੰ ਸੰਬੋਧਨ ਕਰਦਿਆਂ ਸੂਬਾ ਕਾਂਗਰਸ ਓਬੀਸੀ ਵਿਭਾਗ ਦੇ ਚੇਅਰਮੈਨ ਚੰਦਰ ਪ੍ਰਕਾਸ਼ ਨੇ ਕਿਹਾ ਕਿ ਜਨਗਣਨਾ ਵਿੱਚ ਪਾਰਦਰਸ਼ਤਾ ਅਪਣਾਉਣ ਦੀ ਬਜਾਏ ਭਾਰਤੀ ਜਨਤਾ ਪਾਰਟੀ ਜਾਤੀ ਜਨਗਣਨਾ ਦੇ ਨਾਮ 'ਤੇ ਗਲਤ ਜਾਣਕਾਰੀ ਫੈਲਾ ਰਹੀ ਹੈ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਅਤੇ ਨਿਆਂ ਲਈ ਜੋਸ਼ੀਲੇ ਰਾਹੁਲ ਗਾਂਧੀ ਲੰਬੇ ਸਮੇਂ ਤੋਂ ਪਛੜੇ ਵਰਗਾਂ ਦੀ ਭਲਾਈ ਲਈ ਜਾਤੀ ਜਨਗਣਨਾ ਦੀ ਵਕਾਲਤ ਕਰ ਰਹੇ ਹਨ।

ਰਾਹੁਲ ਗਾਂਧੀ ਅਤੇ ਹੋਰ ਕਾਂਗਰਸੀ ਨੇਤਾਵਾਂ ਦੀ ਮੰਗ 'ਤੇ ਭਾਜਪਾ ਨੇ ਵੀ ਜਾਤੀ ਜਨਗਣਨਾ ਲਈ ਸਹਿਮਤੀ ਦਿੱਤੀ ਸੀ ਪਰ ਹੁਣ ਜਨਗਣਨਾ ਫਾਰਮ ਵਿੱਚ ਓਬੀਸੀ ਕਾਲਮ ਸ਼ਾਮਲ ਨਹੀਂ ਕੀਤਾ ਗਿਆ। ਸਰਕਾਰ ਨੂੰ ਜਨਗਣਨਾ ਵਿੱਚ ਓਬੀਸੀ ਸ਼੍ਰੇਣੀ ਨੂੰ ਸਪੱਸ਼ਟ ਤੌਰ 'ਤੇ ਦਰਸਾਉਣਾ ਚਾਹੀਦਾ ਹੈ ਇੱਕ ਖ਼ਾਸ ਵਿਗਿਆਨਕ ਕੋਡ, ਇੱਕ ਰਾਜ-ਵਾਰ ਮਿਆਰੀ ਜਾਤੀ ਮਾਸਟਰ ਸੂਚੀ ਅਤੇ ਇੱਕ ਡ੍ਰੌਪ-ਡਾਊਨ ਮੀਨੂ ਪ੍ਰਦਾਨ ਕਰਨਾ ਚਾਹੀਦਾ ਹੈ।



# ਟਰੱਸਟ ਸਹਿਯੋਗੀ ਸੁਨੀਲ ਕੁਮਾਰ ਨੂੰ ਸਦਮਾ, ਛੋਟਾ ਭਰਾ ਸਵਰਗਵਾਸ : ਢੋਸੀਵਾਲ

**ਪੈ.ਗਾਮ-ਏ-ਜਗਤ**
**ਫਰੀਦਕੋਟ, 29 ਸਤੰਬਰ (ਸ਼ਿਵਨਾਥ)**

ਸਥਾਨਕ ਲਾਇਨ ਬਜ਼ਾਰ ਸਥਿਤ ਐੱਸ. ਕੁਮਾਰ ਆਪਟੀਕਲਜ਼ ਦੇ ਮਾਲਕ ਅਤੇ ਲਾਰਡ ਬੁੱਧਾ ਚੈਰੀਟੇਬਲ ਟਰੱਸਟ ਦੇ ਸਹਿਯੋਗੀ ਸੁਨੀਲ ਕੁਮਾਰ ਦੇ ਛੋਟੇ ਭਰਾ ਅਰੁਣ ਕੁਮਾਰ (42) ਬੀਤੀ 24 ਸਤੰਬਰ ਨੂੰ ਅਕਾਲ ਚਲਾਣਾ ਕਰ ਗਏ ਸਨ। ਉਨ੍ਹਾਂ ਦੀ ਸਿਹਤ ਪਿਛਲੇ ਕੁਝ ਸਮੇਂ ਤੋਂ ਠੀਕ ਨਹੀਂ ਚੱਲ ਰਹੀ ਸੀ।

ਉਹ ਆਪਣੇ ਪਿੱਛੇ ਪਤਨੀ ਮੋਨਿਕਾ ਅਤੇ ਬਾਰਾਂ ਕੁ ਸਾਲਾ ਦਾ ਛੋਟਾ ਬੇਟਾ ਯੁਵਰਾਜ ਛੱਡ ਗਏ ਹਨ। ਸਵ: ਅਰੁਣ ਕੁਮਾਰ ਦੀ ਮੌਤ 'ਤੇ ਸ਼ਹਿਰ ਦੀਆਂ ਵੱਖ-ਵੱਖ ਰਾਜਨੀਤਕ, ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਆਗੂਆਂ ਨੇ ਸੁਨੀਲ ਕੁਮਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ

**• ਟਰੱਸਟ ਆਗੂਆਂ ਵੱਲੋਂ ਦੁੱਖ ਪ੍ਰਗਟ**



ਕੀਤਾ ਹੈ। ਇਸੇ ਤਰ੍ਹਾਂ ਐਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਸੰਸਥਾਪਕ ਚੇਅਰਮੈਨ ਜਗਦੀਸ਼ ਰਾਏ ਢੋਸੀਵਾਲ, ਚੀਫ ਪੈਟਰਨ ਮੈਡਮ ਹੀਰਾਵਤੀ, ਚੇਅਰਮੈਨ ਡਾ. ਹਰਪਾਲ ਸਿੰਘ, ਜਿਲ੍ਹਾ ਪ੍ਰਧਾਨ ਇੰਸ. ਰਾਮੇਸ਼ ਕੁਮਾਰ ਬਾਰੋਲੀਆ, ਸਾਬਕਾ ਪ੍ਰਧਾਨ ਡੀ.ਪੀ.ਐੱਸ. ਭੋਲਾ, ਉਪ ਪ੍ਰਧਾਨ ਨਿਰਮਲ ਸਿੰਘ ਸੰਧੂ, ਜਨਰਲ ਸਕੱਤਰ ਪ੍ਰੋ. ਮਲਕੀਅਤ ਸਿੰਘ ਮੰਮਨ, ਲੀਗਲ ਅਡਵਾਇਜ਼ਰ ਐਡਵੋਕੇਟ ਪ੍ਰਦੀਪ ਸਿੰਘ ਅਟਵਾਲ,ਚੀਫ ਐਡਵਾਇਜਰ ਸ੍ਰੀ ਕ੍ਰਿਸ਼ਨ ਆਰ.ਏ.ਪ੍ਰੈਸ ਸਕੱਤਰ ਸ਼ਿਵ ਨਾਥ ਦਰਦੀ,ਅਤੇ ਸੀਨੀਅਰ ਮੈਂਬਰ ਅਮਰਬੀਰ ਸਿੰਘ ਰਾਣਾ ਸਮੇਤ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਪ੍ਰਧਾਨ ਢੋਸੀਵਾਲ ਨੇ ਅੱਜ ਸਮੁੱਚੀ ਸੰਸਥਾ ਵੱਲੋਂ ਸੁਨੀਲ ਕੁਮਾਰ ਨਾਲ ਉਨ੍ਹਾਂ ਦੇ ਭਰਾ ਦੀ ਮੌਤ ਉਪਰ ਫੋਨ 'ਤੇ ਦੁੱਖ ਸਾਂਝਾ ਕੀਤਾ ਹੈ। ਸਵ: ਅਰੁਣ ਕੁਮਾਰ ਨਮਿਤ ਅੰਤਿਮ ਅਰਦਾਸ ਅਤੇ ਸ੍ਰੀ ਗਰੁੜ ਪੁਰਾਣ ਪਾਠ ਦਾ ਭੋਗ ਆਉਂਦੀ 02 ਅਕਤੂਬਰ ਸ਼ੁੱਕਰਵਾਰ ਨੂੰ ਸਥਾਨਕ ਰੋਜ਼ ਐਨਕਲੇਵ (ਸੁਖੀਜਾ ਕਲੋਨੀ) ਸਥਿਤ ਸ੍ਰੀ ਮਹਾਮ੍ਰਿਤੰਜਯ ਮਹਾਂ ਦੇਵ ਮੰਦਰ ਵਿਖੇ ਦੁਪਹਿਰ 12:00 ਤੋਂ 1:00 ਵਜੇ ਤੱਕ ਪਵੇਗਾ।

# ਧੂਲਕੋਟ ਹਾਦਸੇ ਵਿਚ ਜਾਨਾਂ ਗੁਆਉਣ ਵਾਲੇ ਜ਼ਖ਼ਮੀਆਂ ਦਾ ਹਾਲ ਜਾਣਨ ਲਈ ਹਸਪਤਾਲ ਪਹੁੰਚੇ ਸਾਬਕਾ ਮੰਤਰੀ ਅਸੀਮ ਗੋਇਲ

**ਪੈ.ਗਾਮ-ਏ-ਜਗਤ/ਅੰਬਾਲਾ**
**29 ਸਤੰਬਰ (ਆਰ.ਸਿੰਘ)**

ਸਾਬਕਾ ਮੰਤਰੀ ਅਸੀਮ ਗੋਇਲ ਧੂਲਕੋਟ ਹਾਦਸੇ ਵਿੱਚ ਜਾਨਾਂ ਗੁਆਉਣ ਵਾਲੇ ਪਰਿਵਾਰਾਂ ਅਤੇ ਜ਼ਖ਼ਮੀਆਂ ਪ੍ਰਤੀ ਡੂੰਘੀ ਸੰਵੇਦਨਾ ਪ੍ਰਗਟ ਕਰਨ ਲਈ ਸਿਵਲ ਹਸਪਤਾਲ ਪਹੁੰਚੇ। ਉਨ੍ਹਾਂ ਕਿਹਾ ਕਿ ਇਹ ਇੱਕ ਬਹੁਤ ਹੀ ਦੁਖਦਾਈ ਅਤੇ ਦਿਲ ਦਹਿਲਾ ਦੇਣ ਵਾਲੀ ਘਟਨਾ ਸੀ। ਇਸ ਦੁਖਾਂਤ ਵਿੱਚ ਆਪਣੇ ਅਜ਼ੀਜ਼ਾਂ ਨੂੰ ਗੁਆਉਣ ਵਾਲੇ ਪਰਿਵਾਰਾਂ ਨੂੰ ਹੋਏ ਨੁਕਸਾਨ ਦੀ ਕਦੇ ਵੀ ਭਰਪਾਈ ਨਹੀਂ ਕੀਤੀ ਜਾ ਸਕਦੀ। ਇਸ ਦੁੱਖ ਦੀ ਘੜੀ ਵਿੱਚ ਰਾਜ ਸਰਕਾਰ ਪੂਰੀ ਸੰਵੇਦਨਸ਼ੀਲਤਾ ਨਾਲ ਪ੍ਰਭਾਵਿਤ ਪਰਿਵਾਰਾਂ ਦੇ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਅਤੇ ਰਾਹਤ ਪ੍ਰਦਾਨ ਕਰਨ ਲਈ ਵਚਨਬੱਧ ਹੈ।

ਸਿਵਲ ਹਸਪਤਾਲ ਵਿਚ ਉਨ੍ਹਾਂ ਹਾਦਸੇ ਵਿੱਚ ਜ਼ਖ਼ਮੀਆਂ ਦਾ ਹਾਲ-ਚਾਲ ਪੁੱਛਿਆ ਅਤੇ ਇਲਾਜ ਅਧੀਨ ਪਰਿਵਾਰਾਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਜ਼ਖ਼ਮੀਆਂ ਨੂੰ ਸਭ ਤੋਂ ਵਧੀਆ ਇਲਾਜ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਹਾਦਸੇ ਦੀ ਜਾਣਕਾਰੀ ਮਿਲਦੇ ਹੀ ਤੁਰੰਤ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਐਨਡੀਆਰਐਫ ਟੀਮਾਂ ਨੂੰ ਘਟਨਾ ਸਥਾਨ 'ਤੇ ਭੇਜ ਦਿੱਤਾ। ਮੁੱਖ ਮੰਤਰੀ ਨੇ ਖ਼ੁਦ ਪੂਰੀ ਘਟਨਾ ਅਤੇ ਰਾਹਤ ਤੇ ਬਚਾਅ ਕਾਰਜਾਂ ਦੀ ਨਿਗਰਾਨੀ ਕੀਤੀ। ਉਨ੍ਹਾਂ ਕਿਹਾ ਕਿ ਹਾਦਸੇ ਦੀ ਜਾਣਕਾਰੀ ਮਿਲਣ 'ਤੇ ਜ਼ਿਲ੍ਹਾ ਪ੍ਰਧਾਨ ਮਨਦੀਪ ਰਾਣਾ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਘਟਨਾ ਸਥਾਨ 'ਤੇ ਪਹੁੰਚਣ ਵਾਲੇ ਸਭ ਤੋਂ ਪਹਿਲੇ ਸਨ। ਮੇਅਰ ਅਕਸ਼ਿਤਾ ਸੈਣੀ ਵੀ ਸਥਿਤੀ ਦਾ ਜਾਇਜ਼ਾ ਲੈਣ ਲਈ ਘਟਨਾ ਸਥਾਨ 'ਤੇ ਪਹੁੰਚੀ ਅਤੇ ਪ੍ਰਭਾਵਿਤ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ।

ਅਸੀਮ ਗੋਇਲ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਪ੍ਰਭਾਵਿਤ ਪਰਿਵਾਰਾਂ ਨੂੰ ਦਿੱਤੀ ਗਈ ਵਿੱਤੀ ਸਹਾਇਤਾ ਉਨ੍ਹਾਂ ਦੇ ਅਜ਼ੀਜ਼ਾਂ ਦੇ ਦਰਦ ਅਤੇ ਨਾ ਪੂਰਾ ਹੋਣ ਵਾਲੇ ਨੁਕਸਾਨ ਦੀ ਭਰਪਾਈ ਨਹੀਂ ਕਰ ਸਕਦੀ ਪਰ ਇਸ ਮੁਸ਼ਕਲ ਸਮੇਂ ਦੌਰਾਨ ਪ੍ਰਭਾਵਿਤ ਪਰਿਵਾਰਾਂ ਨੂੰ ਕੁਝ ਰਾਹਤ ਪ੍ਰਦਾਨ ਕਰਨ ਦਾ ਇੱਕ ਸੰਵੇਦਨਸ਼ੀਲ ਯਤਨ ਹੈ। ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਪ੍ਰਭਾਵਿਤ ਪਰਿਵਾਰਾਂ ਨੂੰ ਕੋਈ ਮੁਸ਼ਕਲ ਨਾ ਆਵੇ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇ।

ਪਰਿਵਾਰਕ ਮੈਂਬਰਾਂ ਨਾਲ ਗੱਲਬਾਤ ਦੌਰਾਨ ਸਾਹਮਣੇ ਆਏ ਹਾਲਤਾਂ ਨੂੰ ਦੇਖਦੇ ਹੋਏ ਉਨ੍ਹਾਂ ਨੇ ਸਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਪ੍ਰਭਾਵਿਤ ਪਰਿਵਾਰਾਂ ਨੂੰ ਰਾਹਤ ਅਤੇ ਸਹਾਇਤਾ ਪ੍ਰਦਾਨ ਕਰਨ ਵਿੱਚ ਕੋਈ ਢਿੱਲ ਨਾ ਵਰਤੀ ਜਾਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਹਾਦਸੇ ਵਿੱਚ ਲਾਪਰਵਾਹੀ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਜਨਤਕ ਜੀਵਨ ਅਤੇ ਜਨਤਕ ਸੁਰੱਖਿਆ ਨਾਲ ਸਬੰਧਿਤ ਮਾਮਲਿਆਂ ਵਿੱਚ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਪੂਰੇ ਮਾਮਲੇ ਨੂੰ ਗੰਭੀਰਤਾ ਨਾਲ ਲੈ ਰਹੀ ਹੈ ਅਤੇ ਪ੍ਰਭਾਵਿਤ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਲਈ ਵਚਨਬੱਧ ਹੈ।

ਸਾਬਕਾ ਮੰਤਰੀ ਅਸੀਮ ਗੋਇਲ ਨੇ ਸਾਰੀਆਂ ਰਾਜਨੀਤਿਕ ਪਾਰਟੀਆਂ ਅਤੇ ਜਨਤਾ ਨੂੰ ਅਪੀਲ ਕੀਤੀ ਕਿ ਉਹ ਇਸ ਦੁਖਦਾਈ ਹਾਦਸੇ ਦਾ ਰਾਜਨੀਤੀਕਰਨ ਕਰਨ ਤੋਂ ਗੁਰੇਜ਼ ਕਰਨ। ਇਹ ਸਮਾਂ ਦੋਸ਼ਾਂ ਅਤੇ ਜਵਾਬੀ ਦੋਸ਼ਾਂ ਦਾ ਨਹੀਂ ਹੈ, ਸਗੋਂ ਮਨੁੱਖੀ ਹਮਦਰਦੀ ਨਾਲ ਪ੍ਰਭਾਵਿਤ ਪਰਿਵਾਰਾਂ ਦੇ ਦੁੱਖ ਨੂੰ ਸਾਂਝਾ ਕਰਨ ਦਾ ਹੈ। ਉਨ੍ਹਾਂ ਕਿਹਾ ਕਿ ਸਾਰਿਆਂ ਨੂੰ ਇੱਕਜੁੱਟ ਹੋ ਕੇ ਪ੍ਰਭਾਵਿਤ ਪਰਿਵਾਰਾਂ ਦਾ ਸਮਰਥਨ ਕਰਨਾ ਚਾਹੀਦਾ ਹੈ। ਸੂਬਾ ਸਰਕਾਰ ਇਸ ਮੁਸ਼ਕਲ ਸਮੇਂ ਵਿੱਚ ਪ੍ਰਭਾਵਿਤ ਪਰਿਵਾਰਾਂ ਦੇ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਦੀ ਰਹੇਗੀ।



# ਲੁਵਾਸ ਵਿੱਚ 11ਵੇਂ ਆਯੁਰਵੇਦ ਦਿਵਸ 'ਤੇ ਵਿਸ਼ੇਸ਼ ਮਾਹਿਰ ਲੈਕਚਰ ਆਯੋਜਿਤ

**ਪੈ.ਗਾਮ-ਏ-ਜਗਤ**
**ਹਿਸਾਰ (ਦਿਨਕਰ ਗਾਵੜੀ)**

ਲਾਲਾ ਲਾਜਪਤ ਰਾਏ ਪਸ਼ੂ ਚਿਕਿਤਸਾ ਅਤੇ ਪਸ਼ੂ ਵਿਗਿਆਨ ਯੂਨੀਵਰਸਿਟੀ (ਲੁਵਾਸ), ਹਿਸਾਰ ਵਿੱਚ 11ਵੇਂ ਆਯੁਰਵੇਦ ਦਿਵਸ ਦੇ ਮੌਕੇ 'ਤੇ ਭਾਰਤੀ ਗਿਆਨ ਪ੍ਰਣਾਲੀ ਸੈੱਲ ਅਤੇ ਮਾਨਵ ਸੰਸਾਧਨ ਪ੍ਰਬੰਧਨ ਨਿਦੇਸ਼ਾਲੇ ਵੱਲੋਂ 'ਆਯੁਰਵੇਦ: ਸਿਹਤਮੰਦ ਕੱਲ੍ਹ ਦਾ ਆਧਾਰ' ਵਿਸ਼ੇ 'ਤੇ ਵਿਸ਼ੇਸ਼ ਮਾਹਿਰ ਲੈਕਚਰ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਅਤੇ ਯੂਨੀਵਰਸਿਟੀ ਭਾਈਚਾਰੇ ਨੂੰ ਆਯੁਰਵੇਦ ਦੀ ਅਮੀਰ ਗਿਆਨ ਪਰੰਪਰਾ, ਮੂਲ ਸਿਧਾਂਤਾਂ ਅਤੇ ਵਰਤਮਾਨ ਸਮੇਂ ਵਿੱਚ ਇਸ ਦੀ ਪ੍ਰਸੰਗਿਕਤਾ ਤੋਂ ਜਾਣੂ ਕਰਵਾਉਣਾ ਰਿਹਾ। ਪ੍ਰੋਗਰਾਮ ਦਾ ਆਯੋਜਨ ਯੂਨੀਵਰਸਿਟੀ ਦੇ ਕੁਲਪਤੀ ਪ੍ਰੋ. (ਡਾ.) ਵਿਨੋਦ ਕੁਮਾਰ ਵਰਮਾ ਦੀ ਅਗਵਾਈ ਹੇਠ ਕੀਤਾ ਗਿਆ। ਇਸ ਮੌਕੇ 'ਤੇ ਪਸ਼ੂ ਚਿਕਿਤਸਾ ਵਿਗਿਆਨ ਮਹਾਵਿਦਿਆਲੇ ਦੇ ਡੀਨ ਡਾ. ਅਨੀਸ਼ ਯਾਦਵ ਮੁੱਖ ਮਹਿਮਾਨ ਵਜੋਂ ਹਾਜ਼ਰ ਰਹੇ।

ਮਾਹਿਰ ਬੁਲਾਰੇ ਡਾ. ਗੋਪੇਸ਼ ਕੁਮਾਰ ਸ਼ਰਮਾ, ਪ੍ਰੋਫੈਸਰ, ਦ੍ਰਵਯਗੁਣ ਵਿਗਿਆਨ ਵਿਭਾਗ, ਐਮ.ਐਸ.ਐਮ. ਇੰਸਟੀਚਿਊਟ ਆਫ ਆਯੁਰਵੇਦ, ਭਗਤ ਫੂਲ ਸਿੰਘ ਮਹਿਲਾ ਯੂਨੀਵਰਸਿਟੀ, ਖਾਨਪੁਰ ਕਲਾਂ, ਸੋਨੀਪਤ ਨੇ ਆਯੁਰਵੇਦ ਦੇ ਵੱਖ-ਵੱਖ ਪਹਿਲੂਆਂ, ਔਸ਼ਧੀ ਪੌਦਿਆਂ ਦੇ ਮਹੱਤਵ ਅਤੇ ਸਿਹਤ ਸੰਭਾਲ ਵਿੱਚ ਆਯੁਰਵੇਦ ਦੀ ਭੂਮਿਕਾ 'ਤੇ ਵਿਸਥਾਰ ਨਾਲ ਚਾਨਣਾ ਪਾਇਆ। ਉਨ੍ਹਾਂ ਨੇ ਆਯੁਰਵੇਦਿਕ ਗਿਆਨ ਨੂੰ ਵਿਗਿਆਨਕ ਦ੍ਰਿਸ਼ਟੀਕੋਣ ਅਤੇ ਆਧੁਨਿਕ ਖੋਜ ਨਾਲ ਜੋੜਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਵਿਦਿਆਰਥੀਆਂ ਨੂੰ ਭਾਰਤੀ ਗਿਆਨ ਪਰੰਪਰਾ ਦੇ ਵਿਗਿਆਨਕ ਅਤੇ ਵਿਹਾਰਕ ਪੱਖਾਂ ਦੇ ਅਧਿਐਨ ਲਈ ਪ੍ਰੇਰਿਤ ਕੀਤਾ। ਮੁੱਖ ਮਹਿਮਾਨ ਡਾ. ਅਨੀਸ਼ ਯਾਦਵ ਨੇ ਆਪਣੇ ਸੰਬੋਧਨ ਵਿੱਚ ਭਾਰਤੀ ਗਿਆਨ ਪਰੰਪਰਾ ਵਿੱਚ ਆਯੁਰਵੇਦ ਦੇ ਮਹੱਤਵ ਨੂੰ ਰੇਖਾਂਕਿਤ ਕਰਦਿਆਂ ਕਿਹਾ ਕਿ ਪਰੰਪਰਾਗਤ ਗਿਆਨ ਨੂੰ ਆਧੁਨਿਕ ਵਿਗਿਆਨਕ ਖੋਜ ਨਾਲ ਜੋੜ ਕੇ ਮਨੁੱਖੀ ਅਤੇ ਪਸ਼ੂ ਸਿਹਤ ਦੇ ਖੇਤਰ ਵਿੱਚ ਨਵੇਂ ਮੌਕੇ ਵਿਕਸਤ ਕੀਤੇ ਜਾ ਸਕਦੇ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਾਰਤੀ ਗਿਆਨ ਪ੍ਰਣਾਲੀਆਂ ਦੇ ਵਿਗਿਆਨਕ ਅਧਿਐਨ, ਸੰਭਾਲ ਅਤੇ ਪ੍ਰਚਾਰ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਦੀ ਮੁੱਖ ਪ੍ਰਬੰਧਕ ਅਤੇ ਨਿਦੇਸ਼ਕ, ਮਾਨਵ ਸੰਸਾਧਨ ਪ੍ਰਬੰਧਨ ਨਿਦੇਸ਼ਾਲੇ, ਲੁਵਾਸ, ਡਾ. ਸੋਨੀਆ ਸਿੰਧੂ ਨੇ ਮਾਹਿਰ ਬੁਲਾਰੇ ਡਾ. ਗੋਪੇਸ਼ ਕੁਮਾਰ ਸ਼ਰਮਾ ਨੂੰ ਯਾਦਗਾਰੀ ਚਿੰਨ੍ਹ ਭੇਟ ਕਰ ਸਨਮਾਨਿਤ ਕੀਤਾ। ਪ੍ਰੋਗਰਾਮ ਦਾ ਸੰਚਾਲਨ ਡਾ. ਵਿਜੇਤਾ ਤਿਵਾੜੀ ਨੇ ਕੀਤਾ। ਉਨ੍ਹਾਂ ਨੇ ਪ੍ਰੋਗਰਾਮ ਦੀ ਰੂਪ-ਰੇਖਾ ਪੇਸ਼ ਕਰਨ ਦੇ ਨਾਲ-ਨਾਲ ਮਾਹਿਰ ਬੁਲਾਰੇ ਦੀ ਜਾਣ-ਪਛਾਣ ਕਰਵਾਈ ਅਤੇ ਪ੍ਰੋਗਰਾਮ ਦੇ ਵੱਖ-ਵੱਖ ਪੜਾਵਾਂ ਦਾ ਸੁਚਾਰੂ ਸੰਚਾਲਨ ਕੀਤਾ। ਅੰਤ ਵਿੱਚ ਡਾ. ਅਮਨ ਸਿਨਹਾ ਨੇ ਧੰਨਵਾਦ ਕਰਦਿਆਂ ਮੁੱਖ ਮਹਿਮਾਨ, ਮਾਹਿਰ ਬੁਲਾਰੇ, ਯੂਨੀਵਰਸਿਟੀ ਪ੍ਰਸ਼ਾਸਨ, ਆਈ ਕੇ ਐਸ ਸੈੱਲ ਦੇ ਮੈਂਬਰਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਪ੍ਰਤੀ ਧੰਨਵਾਦ ਪ੍ਰਗਟ ਕੀਤਾ। ਇਸ ਮੌਕੇ 'ਤੇ ਆਈ ਕੇ ਐਸ ਸੈੱਲ ਦੇ ਮੈਂਬਰਾਂ ਸਮੇਤ ਯੂਨੀਵਰਸਿਟੀ ਦੇ ਅਧਿਕਾਰੀ, ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਰਹੇ। ਪ੍ਰੋਗਰਾਮ ਵਿੱਚ ਆਯੁਰਵੇਦ ਅਤੇ ਭਾਰਤੀ ਗਿਆਨ ਪਰੰਪਰਾ ਦੀ ਸੰਭਾਲ, ਪ੍ਰਚਾਰ ਅਤੇ ਵਿਗਿਆਨਕ ਖੋਜ ਰਾਹੀਂ ਇਸ ਦੀ ਪ੍ਰਭਾਵੀ ਵਰਤੋਂ ਦੀ ਲੋੜ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।



# ਮੋਹਾਲੀ 'ਚ 500 ਡਰੋਨਾਂ ਦੇ ਸ਼ਾਨਦਾਰ ਸ਼ੋਅ ਨੇ ਸੰਗਤਾਂ ਨੂੰ ਗੁਰੂ ਰਵਿਦਾਸ ਜੀ ਦੇ ਜੀਵਨ, ਬਾਣੀ ਤੇ ਫ਼ਲਸਫ਼ੇ ਤੋਂ ਕਰਵਾਇਆ ਜਾਣੂ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ**
**29 ਸਤੰਬਰ (ਪੈ.ਗਾਮ-ਏ-ਜਗਤ)**

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਕਰਵਾਏ ਜਾ ਰਹੇ ਵਿਸ਼ੇਸ਼ ਸਮਾਗਮਾਂ ਦੀ ਲੜੀ ਤਹਿਤ ਅੱਜ ਦੇਰ ਸ਼ਾਮ ਦੁਸਹਿਰਾ ਗਰਾਊਂਡ, ਸੈਕਟਰ 79, ਮੋਹਾਲੀ ਵਿਖੇ 500 ਡਰੋਨਾਂ ਦਾ ਸ਼ਾਨਦਾਰ ਸ਼ੋਅ ਕਰਵਾਇਆ ਗਿਆ। ਰਾਤ ਦੇ ਅਸਮਾਨ ਵਿੱਚ ਰੌਸ਼ਨੀਆਂ ਨਾਲ ਚਮਕ ਰਹੇ ਸੈਂਕੜੇ ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ, ਵਿਚਾਰਧਾਰਾ ਅਤੇ ਮਹਾਨ ਫ਼ਲਸਫ਼ੇ ਨੂੰ ਦਿਲਕਸ਼ ਢੰਗ ਨਾਲ ਪੇਸ਼ ਕੀਤਾ ਗਿਆ, ਜਿਸ ਨੇ ਹਾਜ਼ਰ ਸੰਗਤ ਨੂੰ ਰੂਹਾਨੀ ਅਨੰਦ ਨਾਲ ਭਰ ਦਿੱਤਾ।

ਇਸ ਮੌਕੇ ਵਿਧਾਨ ਸਭਾ ਹਲਕਾ ਐੱਸ ਏ ਐੱਸ ਨਗਰ ਦੇ ਵਿਧਾਇਕ ਕੁਲਵੰਤ ਸਿੰਘ

**• ਭਗਵੰਤ ਮਾਨ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਮਹਾਨ ਸਿੱਖਿਆਵਾਂ ਨੂੰ ਹਰ ਘਰ ਤੱਕ ਪਹੁੰਚਾਉਣ ਲਈ ਯਤਨਸ਼ੀਲ : ਵਿਧਾਇਕ ਕੁਲਵੰਤ ਸਿੰਘ**

ਮੋਹਾਲੀ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਪਰਸਨ ਇੰਜ. ਪ੍ਰਭਜੋਤ ਕੌਰ, ਏ ਡੀ ਸੀ (ਜ) ਗੀਤਿਕਾ ਸਿੰਘ, ਐਸ.ਡੀ.ਐਮ. ਮੋਹਾਲੀ ਦਮਨਦੀਪ ਕੌਰ, ਡੀ ਐਸ ਪੀ ਹਰਸਿਮਰਨ ਸਿੰਘ ਬੱਲ, ਸੀਨੀਅਰ ਡਿਪਟੀ ਮੇਅਰ ਰਾਜਿੰਦਰ ਪ੍ਰਸਾਦ ਸ਼ਰਮਾ, ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ। ਸੰਗਤ ਨੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਇਸ ਵਿਲੱਖਣ ਡਰੋਨ ਸ਼ੋਅ ਦਾ ਆਨੰਦ ਮਾਣਿਆ। ਵਿਧਾਇਕ ਸ. ਕੁਲਵੰਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਦਿਆਂ ਸਮਾਜ ਦੇ ਹਰ ਵਰਗ ਦੀ ਭਲਾਈ ਅਤੇ ਬਰਾਬਰੀ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਡਰੋਨ ਸ਼ੋਅ ਵਰਗੀ ਆਧੁਨਿਕ ਡਿਜੀਟਲ ਤਕਨੀਕ ਰਾਹੀਂ ਗੁਰੂ ਸਾਹਿਬ ਦੇ ਜੀਵਨ, ਬਾਣੀ ਅਤੇ ਸਿੱਖਿਆਵਾਂ ਨੂੰ ਨੌਜਵਾਨ ਪੀੜ੍ਹੀ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਦਾ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਸਮੁੱਚੀ ਮਨੁੱਖਤਾ ਨੂੰ ਬਰਾਬਰੀ, ਭਾਈਚਾਰੇ, ਮਿਹਨਤ, ਸੱਚੇ ਆਚਰਣ ਅਤੇ ਸਾਂਝੀਵਾਲਤਾ ਦਾ ਸੰਦੇਸ਼ ਦਿੰਦੀ ਹੈ। ਗੁਰੂ ਸਾਹਿਬ ਦਾ ਫ਼ਲਸਫ਼ਾ ਕਿਸੇ ਇੱਕ ਵਰਗ ਜਾਂ ਭਾਈਚਾਰੇ ਤੱਕ ਸੀਮਤ ਨਹੀਂ, ਸਗੋਂ ਸਮੁੱਚੀ ਮਨੁੱਖਤਾ ਲਈ ਬਰਾਬਰੀ, ਆਜ਼ਾਦੀ ਅਤੇ ਭਾਈਚਾਰੇ ਦਾ ਮਹਾਨ ਸੰਦੇਸ਼ ਹੈ। ਉਨ੍ਹਾਂ ਜਾਤ-ਪਾਤ, ਊਚ-ਨੀਚ ਅਤੇ ਸਮਾਜਿਕ ਵਿਤਕਰੇ ਵਿਰੁੱਧ ਆਵਾਜ਼ ਬੁਲੰਦ ਕਰਦਿਆਂ ਮਨੁੱਖ ਨੂੰ ਚੰਗੇ ਕਰਮਾਂ ਅਤੇ ਉੱਚੇ ਆਚਰਣ ਦਾ ਮਾਰਗ ਦਿਖਾਇਆ।

ਵਿਧਾਇਕ ਮੋਹਾਲੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਸਾਲ ਤੱਕ ਚੱਲਣ ਵਾਲੇ ਸਮਾਗਮਾਂ ਲਈ 100 ਕਰੋੜ ਰੁਪਏ ਤੋਂ ਵੱਧ ਦਾ ਬਜਟ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮਾਗਮਾਂ ਦਾ ਉਦੇਸ਼ ਗੁਰੂ ਸਾਹਿਬ ਦੇ ਮਹਾਨ ਵਿਚਾਰਾਂ ਅਤੇ ਮਨੁੱਖਤਾ ਦੀ ਭਲਾਈ ਦੇ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਆਧੁਨਿਕ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣਾ ਹੈ।

ਸਮਾਗਮ ਦੌਰਾਨ ਭਾਈ ਜਸਪਾਲ ਸਿੰਘ ਜੀ(ਹਜ਼ੂਰੀ ਰਾਗੀ ਗੁਰਦੁਆਰਾ ਅੰਬ ਸਾਹਿਬ) ਦੇ ਰਾਗੀ ਜੱਥੇ ਨੇ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੀ ਸੰਗਤ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਇਸ ਵਿਲੱਖਣ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਤਹਿਸੀਲਦਾਰ ਮੋਹਾਲੀ ਗੁਰਪ੍ਰੀਤ ਸਿੰਘ ਢਿੱਲੋਂ, ਨਾਇਬ ਤਹਿਸੀਲਦਾਰ ਰਵਿੰਦਰ ਸਿੰਘ, ਸਬ ਰਜਿਸਟਰਾਰ ਹਰਸ਼ ਗਰਗ ਅਤੇ ਹਰਮਨਜੋਤ ਚੀਮਾ ਤੇ ਵੱਡੀ ਗਿਣਤੀ ਵਿੱਚ ਸੰਗਤ ਵੀ ਮੌਜੂਦ ਸੀ।



# ਵਿਸ਼ਵ ਸੈਰ-ਸਪਾਟਾ ਦਿਵਸ ਮੌਕੇ ਬੀ.ਐਸਸੀ. ਮੈਡੀਕਲ ਫੋਟੋਗ੍ਰਾਫੀ ਦੇ ਵਿਦਿਆਰਥੀਆਂ ਨੇ ਕੁਦਰਤ ਫੋਟੋਗ੍ਰਾਫੀ ਵਰਕਸ਼ਾਪ ਵਿੱਚ ਲਿਆ ਭਾਗ

**ਚੰਡੀਗੜ੍ਹ, 27 ਸਤੰਬਰ (ਪੈ.ਗਾਮ-ਏ-ਜਗਤ)**

ਪੀ.ਜੀ.ਆਈ.ਐਮ.ਈ.ਆਰ., ਚੰਡੀਗੜ੍ਹ ਦੇ ਬੀ.ਐਸਸੀ. ਮੈਡੀਕਲ ਫੋਟੋਗ੍ਰਾਫੀ ਵਿਭਾਗ ਦੇ ਵਿਦਿਆਰਥੀਆਂ ਨੇ ਵਿਸ਼ਵ ਸੈਰ-ਸਪਾਟਾ ਦਿਵਸ ਅਤੇ ਬਿਗ ਬਟਰਫਲਾਈ ਮੰਥ ਦੇ ਮੌਕੇ 'ਤੇ ਨਵਾਂ ਗਾਓਂ ਸਥਿਤ ਫੌਰੈਸਟ ਹਿੱਲ ਗੋਲਫ ਐਂਡ ਕੰਟਰੀ ਕਲੱਬ ਰਿਜ਼ੌਰਟ ਵਿਖੇ ਕਰਵਾਈ ਗਈ ਨੇਚਰ ਫੋਟੋ ਵਾਕ ਅਤੇ ਫੋਟੋਗ੍ਰਾਫੀ ਵਰਕਸ਼ਾਪ ਵਿੱਚ ਭਾਗ ਲਿਆ। ਇਸ ਸਮਾਗਮ ਦਾ ਉਦੇਸ਼ ਕੁਦਰਤ ਫੋਟੋਗ੍ਰਾਫੀ, ਜੈਵ ਵਿਭਿੰਨਤਾ ਪ੍ਰਤੀ ਜਾਗਰੂਕਤਾ, ਸੰਭਾਲ ਅਤੇ ਜ਼ਿੰਮੇਵਾਰ ਸੈਰ-ਸਪਾਟੇ ਨੂੰ ਉਤਸ਼ਾਹਿਤ ਕਰਨਾ ਸੀ। ਵਿਦਿਆਰਥੀਆਂ ਨੇ ਤਿਤਲੀਆਂ, ਪੰਛੀਆਂ, ਬਨਸਪਤੀ, ਕੁਦਰਤੀ ਦ੍ਰਿਸ਼ਾਂ ਅਤੇ ਵਾਤਾਵਰਣ ਦੇ ਹੋਰ



ਤੱਤਾਂ ਦੀਆਂ ਤਸਵੀਰਾਂ ਖਿੱਚੀਆਂ ਅਤੇ ਕੁਦਰਤ ਤੇ ਜੰਗਲੀ ਜੀਵ ਫੋਟੋਗ੍ਰਾਫੀ ਦੀਆਂ ਵਿਹਾਰਕ ਤਕਨੀਕਾਂ ਸਿੱਖੀਆਂ।

ਵਰਕਸ਼ਾਪ ਦੀ ਅਗਵਾਈ ਡਾ. ਅਭਿਜੀਤ ਸਿੰਘ ਨੇ ਕੀਤੀ। ਉਨ੍ਹਾਂ ਨੇ ਨੇਚਰ ਫੋਟੋ ਵਾਕ ਦੌਰਾਨ ਵਿਦਿਆਰਥੀਆਂ ਨੂੰ ਮਾਰਗਦਰਸ਼ਨ ਦਿੱਤਾ ਅਤੇ ਫੋਟੋਗ੍ਰਾਫਿਕ ਨਿਰੀਖਣ, ਤਸਵੀਰਾਂ ਦੀ ਬਣਤਰ, ਜੈਵ ਵਿਭਿੰਨਤਾ ਦੇ ਦਸਤਾਵੇਜ਼ੀਕਰਨ ਅਤੇ ਕੁਦਰਤ ਫੋਟੋਗ੍ਰਾਫੀ ਵਿੱਚ ਨੈਤਿਕ ਤਰੀਕਿਆਂ ਬਾਰੇ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਸਮਾਗਮ ਦੌਰਾਨ ਕੁਦਰਤ ਫੋਟੋਗ੍ਰਾਫੀ ਪ੍ਰਦਰਸ਼ਨੀ ਵੀ ਲਗਾਈ ਗਈ, ਜਿਸ ਵਿੱਚ ਭਾਗੀਦਾਰਾਂ ਨੇ ਸਮਾਗਮ ਦੌਰਾਨ ਖਿੱਚੀਆਂ ਤਸਵੀਰਾਂ ਪ੍ਰਦਰਸ਼ਿਤ ਕੀਤੀਆਂ। ਇਸ ਗਤੀਵਿਧੀ ਰਾਹੀਂ ਵਿਦਿਆਰਥੀਆਂ ਨੂੰ ਖੇਤਰ ਆਧਾਰਿਤ ਵਿਹਾਰਕ ਤਜਰਬਾ ਮਿਲਿਆ ਅਤੇ ਉਨ੍ਹਾਂ ਨੇ ਸਮਝਿਆ ਕਿ ਫੋਟੋਗ੍ਰਾਫੀ ਦੀ ਵਰਤੋਂ ਦਸਤਾਵੇਜ਼ੀਕਰਨ, ਸਿੱਖਿਆ, ਵਿਗਿਆਨਕ ਸੰਚਾਰ ਅਤੇ ਸੰਭਾਲ ਪ੍ਰਤੀ ਜਾਗਰੂਕਤਾ ਦੇ ਮਾਧਿਅਮ ਵਜੋਂ ਕਿਵੇਂ ਕੀਤੀ ਜਾ ਸਕਦੀ ਹੈ।

ਵਿਦਿਆਰਥੀਆਂ ਦੀ ਭਾਗੀਦਾਰੀ ਨੇ ਤਕਨੀਕੀ ਫੋਟੋਗ੍ਰਾਫੀ ਹੁਨਰਾਂ ਦੇ ਨਾਲ ਵਿਹਾਰਕ ਸਿੱਖਿਆ ਅਤੇ ਦ੍ਰਿਸ਼ ਦਸਤਾਵੇਜ਼ੀਕਰਨ 'ਤੇ ਵਿਭਾਗ ਦੇ ਜ਼ੋਰ ਨੂੰ ਦਰਸਾਇਆ।

ਇਹ ਸਮਾਗਮ ਸੋਸ਼ਲ ਸਬਸਟੈਂਸ ਅਤੇ ਨੈਚੁਰਲ ਬਾਇਓਡਾਇਵਰਸਿਟੀ ਦੇ ਸਹਿਯੋਗ ਨਾਲ ਕਰਵਾਇਆ ਗਿਆ, ਜਿਸ ਵਿੱਚ ਫੋਟੋਗ੍ਰਾਫੀ ਅਤੇ ਕੁਦਰਤ ਪ੍ਰੇਮੀਆਂ ਨੇ ਵੀ ਭਾਗ ਲਿਆ।

# ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਈ.ਐਲ.ਸੀ. ਕਲੱਬ ਵੋਟਰ ਪੰਜੀਕਰਨ ਵਿੱਚ ਨਿਭਾਉਣਗੇ ਅਹਿਮ ਭੂਮਿਕਾ: ਗੀਤਿਕਾ ਸਿੰਘ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, 29 ਸਤੰਬਰ (ਪੈ.ਗਾਮ-ਏ-ਜਗਤ)**

ਜ਼ਿਲ੍ਹੇ ਦੇ ਨੌਜਵਾਨਾਂ ਵਿੱਚ ਵੋਟਰ ਜਾਗਰੂਕਤਾ ਪੈਦਾ ਕਰਨ ਅਤੇ ਯੋਗ ਨੌਜਵਾਨਾਂ ਨੂੰ ਵੋਟਰ ਸੂਚੀ ਵਿੱਚ ਸ਼ਾਮਲ ਕਰਨ ਦੇ ਉਦੇਸ਼ ਨਾਲ ਜ਼ਿਲ੍ਹੇ ਦੀਆਂ ਵੱਖ-ਵੱਖ ਯੂਨੀਵਰਸਿਟੀਆਂ, ਕਾਲਜਾਂ ਅਤੇ ਸਕੂਲਾਂ ਦੇ ਈ.ਐਲ.ਸੀ (ਚੋਣ ਸਾਖਰਤਾ ਕਲੱਬ) ਦੇ ਨੋਡਲ ਅਫਸਰਾਂ ਦੀ ਮੀਟਿੰਗ ਵਧੀਕ ਜ਼ਿਲ੍ਹਾ ਚੋਣ ਅਫਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਗੀਤਿਕਾ ਸਿੰਘ ਦੀ ਅਗਵਾਈ ਹੇਠ ਹੋਈ।

ਮੀਟਿੰਗ ਵਿੱਚ ਜ਼ਿਲ੍ਹੇ ਦੇ ਸਮੂਹ ਸਰਕਾਰੀ, ਸੀ.ਬੀ.ਐਸ.ਈ., ਆਈ.ਸੀ.ਐਸ.ਈ. ਜਵਾਹਰ ਨਵੋਦਿਆ ਵਿਦਿਆਲਿਆ ਅਤੇ ਕੇਂਦਰੀ ਵਿਦਿਆਲਿਆ ਸਮੇਤ ਵੱਖ-ਵੱਖ ਸਕੂਲਾਂ ਦੇ ਈ.ਐਲ.ਸੀ (ਚੋਣ ਸਾਖਰਤਾ ਕਲੱਬ) ਨੋਡਲ ਅਫਸਰਾਂ ਤੋਂ ਇਲਾਵਾ ਸਮੂਹ ਯੂਨੀਵਰਸਿਟੀਆਂ ਅਤੇ ਕਾਲਜਾਂ ਦੇ ਨੋਡਲ ਅਫਸਰਾਂ ਨੇ ਸ਼ਮੂਲੀਅਤ ਕੀਤੀ।

ਇਸ ਮੌਕੇ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਗੀਤਿਕਾ ਸਿੰਘ ਨੇ ਕਿਹਾ ਕਿ ਨੌਜਵਾਨਾਂ ਵਿੱਚ ਵੋਟਰ ਜਾਗਰੂਕਤਾ ਪੈਦਾ ਕਰਨ ਅਤੇ ਉਨ੍ਹਾਂ ਨੂੰ ਮਜ਼ਬੂਤ ਲੋਕਤੰਤਰ ਦਾ ਸਰਗਰਮ ਹਿੱਸਾ ਬਣਾਉਣ ਲਈ



ਈ.ਐਲ.ਸੀ (ਚੋਣ ਸਾਖਰਤਾ ਕਲੱਬ) ਕਲੱਬਾਂ ਨੂੰ ਹੋਰ ਮਜ਼ਬੂਤ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਈ.ਐਲ.ਸੀ (ਚੋਣ ਸਾਖਰਤਾ ਕਲੱਬ) ਕਲੱਬ ਵਿਦਿਆਰਥੀਆਂ ਨੂੰ ਚੋਣ ਪ੍ਰਕਿਰਿਆ, ਵੋਟ ਦੇ ਅਧਿਕਾਰ ਅਤੇ ਜ਼ਿੰਮੇਵਾਰ ਨਾਗਰਿਕਤਾ ਬਾਰੇ ਜਾਗਰੂਕ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ। ਇਸੇ ਲੜੀ ਤਹਿਤ ਅੱਜ ਦੀ ਮੀਟਿੰਗ ਕਰਵਾਈ ਗਈ ਹੈ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਵੋਟਰ ਜਾਗਰੂਕਤਾ ਅਤੇ ਪੰਜੀਕਰਨ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ।

ਇਸ ਮੌਕੇ ਜ਼ਿਲ੍ਹਾ ਨੋਡਲ ਅਫਸਰ ਸਵੀਪ ਗੁਰਬਖਸ਼ੀਸ਼ ਸਿੰਘ ਵੱਲੋਂ ਈ.ਐਲ.ਸੀ (ਚੋਣ ਸਾਖਰਤਾ ਕਲੱਬ) ਕਲੱਬਾਂ ਦੀ ਸਥਾਪਨਾ, ਉਨ੍ਹਾਂ ਦੀ ਕਾਰਗੁਜ਼ਾਰੀ ਅਤੇ ਵੋਟਰ ਜਾਗਰੂਕਤਾ ਨਾਲ ਸਬੰਧਿਤ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਵੱਲੋਂ ਈ.ਐਲ.ਸੀ (ਚੋਣ ਸਾਖਰਤਾ ਕਲੱਬ) ਨੋਡਲ ਅਫਸਰਾਂ ਨੂੰ ਇਹ ਵੀ ਸਿਖਲਾਈ ਦਿੱਤੀ ਗਈ ਕਿ ਕਲੱਬਾਂ ਵੱਲੋਂ ਕੀਤੀਆਂ ਜਾਣ ਵਾਲੀਆਂ ਵੱਖ-ਵੱਖ ਗਤੀਵਿਧੀਆਂ ਨੂੰ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਕਿਵੇਂ ਅਪਲੋਡ ਅਤੇ ਪ੍ਰਚਾਰਿਤ ਕੀਤਾ ਜਾ ਸਕਦਾ ਹੈ।

ਮੀਟਿੰਗ ਦੌਰਾਨ ਵੱਖ-ਵੱਖ ਸੰਸਥਾਵਾਂ ਦੇ ਨੋਡਲ ਅਫਸਰਾਂ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਆਪਣੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਈ.ਐਲ.ਸੀ (ਚੋਣ ਸਾਖਰਤਾ ਕਲੱਬ) ਕਲੱਬ ਸਥਾਪਿਤ ਕੀਤੇ ਜਾ ਚੁੱਕੇ ਹਨ। ਇਸ ਤੋਂ ਇਲਾਵਾ ਵਿਦਿਆਰਥੀਆਂ ਦੀ ਭਾਗੀਦਾਰੀ ਵਧਾਉਣ ਲਈ ਹਰੇਕ ਸੰਸਥਾ ਵਿੱਚ ਇੱਕ ਲੜਕੇ ਅਤੇ ਇੱਕ ਲੜਕੀ ਨੂੰ ਕੈਂਪਸ ਅੰਬੈਸਡਰ ਵਜੋਂ ਨਿਯੁਕਤ ਕੀਤਾ ਗਿਆ ਹੈ।

ਇਨ੍ਹਾਂ ਕੈਂਪਸ ਅੰਬੈਸਡਰਜ਼ ਅਤੇ ਈ.ਐਲ.ਸੀ (ਚੋਣ ਸਾਖਰਤਾ ਕਲੱਬ) ਕਲੱਬਾਂ ਰਾਹੀਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੱਕ ਵੱਖ-ਵੱਖ ਚੋਣ ਜਾਗਰੂਕਤਾ ਗਤੀਵਿਧੀਆਂ, ਵੋਟਰ ਰਜਿਸਟ੍ਰੇਸ਼ਨ ਮੁਹਿੰਮਾਂ, ਸਵੀਪ ਗਤੀਵਿਧੀਆਂ ਅਤੇ ਹੋਰ ਪ੍ਰੋਗਰਾਮ ਕਰਵਾਏ ਜਾਣਗੇ। ਇਸ ਦੌਰਾਨ 18 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਸਾਰੇ ਯੋਗ ਨੌਜਵਾਨਾਂ ਨੂੰ ਵੋਟਰ ਵਜੋਂ ਰਜਿਸਟਰ ਕਰਨ ਲਈ ਪ੍ਰੇਰਿਤ ਕੀਤਾ ਜਾਵੇਗਾ ਅਤੇ ਉਨ੍ਹਾਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਜਾਗਰੂਕ ਕੀਤਾ ਜਾਵੇਗਾ।

ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਇਸ ਸਮੇਂ 126 ਈ.ਐਲ.ਸੀ (ਚੋਣ ਸਾਖਰਤਾ ਕਲੱਬ) ਕਲੱਬ ਸਰਗਰਮ ਹਨ, ਜੋ ਲਗਾਤਾਰ ਵੱਖ-ਵੱਖ ਵੋਟਰ ਜਾਗਰੂਕਤਾ ਅਤੇ ਚੋਣ ਸਾਖਰਤਾ ਗਤੀਵਿਧੀਆਂ ਕਰਵਾ ਰਹੇ ਹਨ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਕਲੱਬਾਂ ਦੀਆਂ ਗਤੀਵਿਧੀਆਂ ਨੂੰ ਹੋਰ ਸੁਚਾਰੂ ਅਤੇ ਪ੍ਰਭਾਵਸ਼ਾਲੀ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

ਇਸ ਮੌਕੇ ਚੋਣ ਤਹਿਸੀਲਦਾਰ ਹਰਪ੍ਰੀਤ ਕੌਰ, ਚੋਣ ਕਾਨੂੰਗੋ ਸਰਿੰਦਰ ਬੱਤਰਾ ਤੋਂ ਇਲਾਵਾ ਸਵੀਪ ਟੀਮ ਦੇ ਵਰਿੰਦਰ ਕੌਰ, ਗੁਰਮੀਤ ਕੌਰ, ਹਰਿੰਦਰ ਸਿੰਘ ਅਤੇ ਚਰਨਜੀਤ ਕੌਰ, ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਰਾਸ਼ਟਰੀ ਘੱਟਗਿਣਤੀ ਕਮਿਸ਼ਨ ਦੇ ਚੇਅਰਮੈਨ ਸਰਦਾਰ ਹਰਜੀਤ ਸਿੰਘ ਗਰੇਵਾਲ ਨਾਲ ਹਰਮਨਦੀਪ ਸਿੰਘ ਉੱਭਾ ਦੀ ਮੁਲਾਕਾਤ

**ਪੈ.ਗਾਮ-ਏ-ਜਗਤ/ਚੰਡੀਗੜ੍ਹ 28 ਸਤੰਬਰ (ਹਰਮਿੰਦਰ ਸਿੰਘ ਨਾਗਪਾਲ)**

ਅੱਜ ਨਵੀਂ ਦਿੱਲੀ ਵਿਖੇ ਭਾਜਪਾ ਦੇ ਸੀਨੀਅਰ ਆਗੂ ਹਰਦੇਵ ਸਿੰਘ ਉੱਭਾ ਅਤੇ ਵਾਰਡ ਨੰਬਰ 41, ਮੋਹਾਲੀ ਦੀ ਨਗਰ ਕੌਂਸਲਰ ਗੁਰਪ੍ਰੀਤ ਕੌਰ ਉੱਭਾ ਦੇ ਪੁੱਤਰ ਅਤੇ ਯੁਵਾ ਭਾਜਪਾ ਆਗੂ ਹਰਮਨਦੀਪ ਸਿੰਘ ਉੱਭਾ ਨੇ ਰਾਸ਼ਟਰੀ ਘੱਟਗਿਣਤੀ ਕਮਿਸ਼ਨ ਦੇ ਚੇਅਰਮੈਨ ਸਰਦਾਰ ਹਰਜੀਤ ਸਿੰਘ ਗਰੇਵਾਲ ਜੀ ਨਾਲ ਮੁਲਾਕਾਤ ਕੀਤੀ। ਇਸ ਮੌਕੇ ਐਡਵੋਕੇਟ ਗੁਰਜੋਤ ਸਿੰਘ ਜੀ ਅਤੇ ਐਡਵੋਕੇਟ ਤਲਵਿੰਦਰ ਸਿੰਘ ਜੀ ਵੀ ਮੌਜੂਦ ਰਹੇ।

ਮੁਲਾਕਾਤ ਦੌਰਾਨ ਪੰਜਾਬ, ਖਾਸ ਕਰਕੇ ਚੰਡੀਗੜ੍ਹ ਅਤੇ ਮੋਹਾਲੀ ਸਮੇਤ ਵੱਖ-ਵੱਖ ਖੇਤਰਾਂ ਵਿੱਚ ਘੱਟਗਿਣਤੀ ਭਾਈਚਾਰਿਆਂ ਨਾਲ ਸਬੰਧਤ ਮੁੱਦਿਆਂ, ਨੌਜਵਾਨਾਂ ਦੀ ਸਿੱਖਿਆ, ਰੋਜ਼ਗਾਰ, ਹੁਨਰ ਵਿਕਾਸ ਅਤੇ ਸਮਾਜਿਕ ਭਾਗੀਦਾਰੀ ਸਮੇਤ ਕਈ ਮਹੱਤਵਪੂਰਨ ਵਿਸ਼ਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

ਹਰਮਨਦੀਪ ਸਿੰਘ ਉੱਭਾ ਨੇ ਪੰਜਾਬ ਦੇ ਨੌਜਵਾਨਾਂ ਲਈ ਖੇਡਾਂ ਨੂੰ ਉਤਸ਼ਾਹਿਤ ਕਰਨ, ਖੇਡ ਸਹੂਲਤਾਂ ਦਾ ਵਿਸਥਾਰ ਕਰਨ ਅਤੇ ਖੇਡ ਗਤੀਵਿਧੀਆਂ ਲਈ ਵੱਧ ਤੋਂ ਵੱਧ ਫੰਡ ਮੁਹੱਈਆ ਕਰਵਾਉਣ ਦੀ ਲੋੜ 'ਤੇ ਵੀ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਉਨ੍ਹਾਂ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਦੇਣ ਲਈ ਖੇਡਾਂ, ਸਿੱਖਿਆ, ਹੁਨਰ ਵਿਕਾਸ ਅਤੇ ਰੋਜ਼ਗਾਰ ਦੇ ਮੌਕਿਆਂ ਨੂੰ ਮਜ਼ਬੂਤ ਕਰਨਾ ਮਹੱਤਵਪੂਰਨ ਹੈ।

ਇਸ ਦੇ ਨਾਲ ਹੀ ਘੱਟਗਿਣਤੀ ਭਾਈਚਾਰਿਆਂ ਦੇ ਵਿਦਿਆਰਥੀਆਂ ਲਈ ਸਿੱਖਿਆ ਅਤੇ ਸਕਾਲਰਸ਼ਿਪ ਦੇ ਮੌਕੇ, ਹੁਨਰ ਵਿਕਾਸ, ਰੋਜ਼ਗਾਰ, ਉਦਮਸ਼ੀਲਤਾ ਅਤੇ ਸਮਾਜਿਕ ਤੇ ਆਰਥਿਕ ਵਿਕਾਸ ਨਾਲ ਸਬੰਧਤ ਵਿਸ਼ੇ ਵੀ ਵਿਚਾਰ-ਵਟਾਂਦਰੇ ਵਿੱਚ ਰਹੇ।

ਰਾਸ਼ਟਰੀ ਘੱਟਗਿਣਤੀ ਕਮਿਸ਼ਨ ਦੇ ਪੱਧਰ 'ਤੇ ਪੰਜਾਬ, ਚੰਡੀਗੜ੍ਹ ਅਤੇ ਮੋਹਾਲੀ ਨਾਲ ਸਬੰਧਤ ਉਚਿਤ ਮੁੱਦਿਆਂ ਨੂੰ ਸਬੰਧਤ ਮੰਚਾਂ ਤੱਕ ਪਹੁੰਚਾਉਣ ਅਤੇ ਲੋੜੀਂਦੇ ਸਹਿਯੋਗ ਬਾਰੇ ਵੀ ਗੱਲਬਾਤ ਹੋਈ।

ਹਰਮਨਦੀਪ ਸਿੰਘ ਉੱਭਾ ਨੇ ਸਰਦਾਰ ਹਰਜੀਤ ਸਿੰਘ ਗਰੇਵਾਲ ਜੀ ਵੱਲੋਂ ਦਿੱਤੇ ਗਏ ਕੀਮਤੀ ਸਮੇਂ, ਮਾਰਗਦਰਸ਼ਨ ਅਤੇ ਸਕਾਰਾਤਮਕ ਵਿਚਾਰ-ਵਟਾਂਦਰੇ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਅਤੇ ਘੱਟਗਿਣਤੀ ਭਾਈਚਾਰਿਆਂ ਨਾਲ ਸਬੰਧਤ ਮੁੱਦਿਆਂ ਨੂੰ ਸਕਾਰਾਤਮਕ ਅਤੇ ਰਚਨਾਤਮਕ ਢੰਗ ਨਾਲ ਸਬੰਧਤ ਮੰਚਾਂ ਤੱਕ ਪਹੁੰਚਾਉਣਾ ਉਨ੍ਹਾਂ ਦੀਆਂ ਪ੍ਰਮੁੱਖ ਤਰਜੀਹਾਂ ਵਿੱਚ ਸ਼ਾਮਲ ਰਹੇਗਾ।

# ਸ਼ਹਿਰੀ ਸਥਾਨਕ ਸਰਕਾਰ ਮੰਤਰੀ ਵਿਪੁਲ ਗੋਇਲ ਦੀ ਪ੍ਰਧਾਨਗੀ ਹੇਠ ਹੋਈ ਕਾਰਜ ਕਮੇਟੀ ਦੀ ਮੀਟਿੰਗ

**ਚੰਡੀਗੜ੍ਹ, 29 ਸਤੰਬਰ (ਪੈ.ਗਾਮ-ਏ-ਜਗਤ)**

ਹਰਿਆਣਾ ਦੇ ਸ਼ਹਿਰੀ ਸਥਾਨਕ ਸਰਕਾਰ ਮੰਤਰੀ ਵਿਪੁਲ ਗੋਇਲ ਦੀ ਪ੍ਰਧਾਨਗੀ ਹੇਠ ਮੰਗਲਵਾਰ ਨੂੰ ਹਰਿਆਣਾ ਸਿਵਲ ਸਕੱਤਰੇਤ, ਚੰਡੀਗੜ੍ਹ ਸਥਿਤ ਉਨ੍ਹਾਂ ਦੇ ਦਫ਼ਤਰ ਵਿੱਚ ਕਾਰਜ ਕਮੇਟੀ ਦੀ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਵੱਖ-ਵੱਖ ਨਗਰ ਨਿਕਾਏ ਵਿੱਚ ਵਿਕਾਸ ਅਤੇ ਜਨ-ਸਹੂਲਤਾਂ ਨਾਲ ਜੁੜੇ ਕਾਰਜਾਂ ਲਈ ਟੈਂਡਰ ਦਰਾਂ ਦੀ ਪ੍ਰਵਾਨਗੀ ਨਾਲ ਸੰਬੰਧਿਤ ਪ੍ਰਸਤਾਵਾਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਵਧੀਕ ਮੁੱਖ ਸਕੱਤਰ ਅਸ਼ੋਕ ਮੀਣਾ ਸਮੇਤ ਹੋਰ ਅਧਿਕਾਰੀ ਅਤੇ ਸੰਬੰਧਿਤ ਨਗਰ ਪਾਲਿਕਾ ਤੇ ਨਿਗਮਾਂ ਦੇ ਚੇਅਰਮੈਨ ਵੀ ਮੌਜੂਦ ਰਹੇ।

ਮੀਟਿੰਗ ਵਿੱਚ ਨਗਰ ਨਿਗਮ ਹਿਸਾਰ, ਹਾਂਸੀ, ਬਰਵਾਲਾ, ਉਕਲਾਣਾ, ਨਾਰਨੌਂਦ ਅਤੇ ਸਿਵਾਨੀ ਲਈ 3 ਸਾਲ ਦੀ ਮਿਆਦ ਲਈ ਠੋਸ ਕਚਰੇ ਦੇ ਪ੍ਰਬੰਧਨ ਨਾਲ ਸੰਬੰਧਿਤ ਪ੍ਰਸਤਾਵ 'ਤੇ ਵਿਚਾਰ ਕੀਤਾ ਗਿਆ। ਇਸ ਦੇ ਨਾਲ ਹੀ ਨਾਰਾਇਣਗੜ੍ਹ ਅਤੇ ਨਗਰ ਪਾਲਿਕਾ ਬਰਾੜਾ ਵਿੱਚ ਠੋਸ ਕਚਰੇ ਦੇ ਡੋਰ ਟੂ ਡੋਰ ਕਲੈਕਸ਼ਨ ਨਾਲ ਸੰਬੰਧਿਤ ਕਾਰਜਾਂ ਨੂੰ ਵੀ ਮੀਟਿੰਗ ਦੇ ਏਜੰਡੇ ਵਿੱਚ ਸ਼ਾਮਲ ਕੀਤਾ ਗਿਆ। ਮੀਟਿੰਗ ਵਿੱਚ ਦਿਵਿਆ ਨਗਰ ਯੋਜਨਾ ਦੇ ਤਹਿਤ ਪਲਵਲ ਵਿੱਚ ਬੱਚਿਆਂ ਦੇ ਪਾਰਕ ਦੇ ਨਿਰਮਾਣ ਅਤੇ ਨਗਰ ਪਾਲਿਕਾ ਕਮੇਟੀ ਮਹਿਮ ਦੇ ਪੁਰਾਣੇ ਦਫ਼ਤਰ ਵਿੱਚ ਡਿਜੀਟਲ ਲਾਇਬ੍ਰੇਰੀ ਦੇ ਨਿਰਮਾਣ ਨਾਲ ਸੰਬੰਧਿਤ ਪ੍ਰਸਤਾਵਾਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਸ਼ਹਿਰੀ ਸਥਾਨਕ ਸਰਕਾਰ ਮੰਤਰੀ ਨੇ ਸੰਬੰਧਿਤ ਅਧਿਕਾਰੀਆਂ ਤੋਂ ਵੱਖ-ਵੱਖ ਪ੍ਰਸਤਾਵਾਂ ਨਾਲ ਜੁੜੇ ਪਹਿਲੂਆਂ ਦੀ ਜਾਣਕਾਰੀ ਲਈ ਅਤੇ ਕਾਰਜਾਂ ਦੇ ਲਾਗੂਕਰਨ ਵਿੱਚ ਨਿਰਧਾਰਤ ਨੀਤੀਆਂ ਅਤੇ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ।

# ਜੈਨ ਪੈਰੋਕਾਰਾਂ ਦਾ ਜੱਥਾ ਦਰਸ਼ਨ ਕਰ ਲਾਡਨੂੰ ਤੋਂ ਹਾਂਸੀ ਪਰਤਿਆ



**ਪੈ.ਗਾਮ-ਏ-ਜਗਤ/ਹਾਂਸੀ (ਦਿਨਕਰ ਗਾਵੜੀ)**

ਤੇਰਾਪੰਥ ਸਭਾ ਮੀਡੀਆ ਇੰਚਾਰਜ ਸਚਿਨ ਜੈਨ ਨੇ ਦੱਸਿਆ ਕਿ ਬੀਤੇ ਦਿਨ ਤੇਰਾਪੰਥ ਸਭਾ ਦੀ ਅਗਵਾਈ ਤੇ ਸਮਾਜ ਸੇਵੀ ਵਿਨੈ ਜੈਨ ਦੇ ਸਹਿਯੋਗ ਨਾਲ ਜੈਨ ਪੈਰੋਕਾਰਾਂ ਦਾ ਇੱਕ ਜੱਥਾ ਬੱਸ ਰਾਹੀਂ ਆਚਾਰੀਆ ਸ੍ਰੀ ਮਹਾਸ਼ਰਮਣ ਦੇ ਦਰਸ਼ਨ ਕਰ ਲਾਡਨੂੰ ਤੋਂ ਹਾਂਸੀ ਪਰਤਿਆ ਸਭਾ ਦੇ ਪ੍ਰਧਾਨ ਸੁਭਾਸ਼ ਜੈਨ ਨੇ ਦੱਸਿਆ ਕਿ ਨਿਰੰਤਰ ਅੰਤਰਾਲ 'ਤੇ ਤੇਰਾਪੰਥ ਸਮਾਜ ਗੁਰੂਆਂ ਦੇ ਦਰਸ਼ਨ ਕਰਦਾ ਹੈ ਅਤੇ ਇਸ ਵਾਰ ਮੁੜ ਸਮਾਜ ਦੇ ਲੋਕ ਆਚਾਰੀਆ ਸ੍ਰੀ ਦੇ ਦਰਸ਼ਨਾਂ ਲਈ ਲਾਡਨੂੰ ਗਏ ਅਤੇ ਉੱਥੇ ਪਹੁੰਚ ਕੇ ਸਾਰੇ ਸ਼ਰਧਾਲੂਆਂ ਨੇ ਆਚਾਰੀਆ ਵਰ ਦੇ ਪ੍ਰਵਚਨ ਦਾ ਧਰਮ ਲਾਭ ਲਿਆ

ਵਿਨੈ ਜੈਨ ਨੇ ਦੱਸਿਆ ਕਿ ਸਮਾਜ ਨੂੰ ਇੱਕਜੁੱਟ ਅਤੇ ਸੰਸਕਾਰਵਾਨ ਬਣਾਈ ਰੱਖਣ ਲਈ ਗੁਰੂ ਦਾ ਸਾਨਿੱਧ ਜ਼ਰੂਰੀ ਹੈ ਅਤੇ ਇਸੇ ਲੜੀ ਵਿੱਚ ਇਸ ਵਾਰ ਸਾਰਿਆਂ ਨੂੰ ਦਰਸ਼ਨ ਲਾਭ ਕਰਵਾਉਣ ਦਾ ਸੁਭਾਗ ਗੁਰੂ ਦੇ ਆਸ਼ੀਰਵਾਦ ਨਾਲ ਉਨ੍ਹਾਂ ਨੂੰ ਮਿਲਿਆ ਅਤੇ ਉਹ ਭਵਿੱਖ ਵਿੱਚ ਵੀ ਜਦੋਂ ਵੀ ਗੁਰੂ ਅਤੇ ਸਮਾਜ ਦਾ ਆਦੇਸ਼ ਹੋਵੇਗਾ ਸਦੈਵ ਤਤਪਰ ਰਹਿਣਗੇ।

# ਸੱਥ ਵੱਲੋਂ ਰਾਹੀ ਦਾ ਗ਼ਜ਼ਲ ਸੰਗ੍ਰਹਿ "ਚੀਸ" ਲੋਕ ਅਰਪਣ

**ਖਰੜ, 29 ਸਤੰਬਰ (ਪੈ.ਗਾਮ-ਏ-ਜਗਤ)**

ਸਾਹਿਤਕ ਸੱਥ ਖਰੜ ਵੱਲੋ ਸਥਾਨਕ ਜੋਤੀ ਸਰੂਪ ਕੰਨਿਆ ਆਸਰਾ (ਰਜਿ.) ਵਿੱਚ ਆਯੋਜਿਤ ਸਾਹਿਤਕ ਪ੍ਰੋਗਰਾਮ ਵਿਚ ਪੰਜਾਬੀ ਦੇ ਨਾਮਵਰ ਸ਼ਾਇਰ ਪਿਆਰਾ ਸਿੰਘ ਰਾਹੀਂ ਦੇ ਨਵੇਂ ਛਪੇ ਗ਼ਜ਼ਲ ਸੰਗ੍ਰਹਿ "ਚੀਸ ਦਾ ਲੋਕ ਅਰਪਣ ਕੀਤਾ ਗਿਆ। ਇਸ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਡਾ. ਦਵਿੰਦਰ ਸਿੰਘ ਬੋਹਾ, ਸਾਬਕਾ ਜ਼ਿਲ੍ਹਾ ਭਾਸ਼ਾ ਅਫ਼ਸਰ, ਮੋਹਾਲੀ, ਵਿਸ਼ੇਸ਼ ਮਹਿਮਾਨ, ਡਾ. ਹਰਮਿੰਦਰ ਸਿੰਘ, ਸੰਸਥਾਪਕ, ਕੰਨਿਆ ਆਸਰਾ ਅਤੇ ਸਮਾਜ ਸੇਵੀ ਇੰਜ. ਸ਼ੌਕਇੰਦਰ ਸਿੰਘ ਕੋਰਾ ਨੇ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਪ੍ਰਧਾਨਗੀ ਮੰਡਲ ਵਿਚ ਪੁਸਤਕ ਦੇ ਲੇਖਕ ਪਿਆਰਾ ਸਿੰਘ ਰਾਹੀ ਸ਼ਾਮਿਲ ਹੋਏ।ਸਭ ਤੋਂ ਪਹਿਲਾਂ ਸੱਥ ਦੇ ਸਰਪ੍ਰਸਤ ਰਾਜਵਿੰਦਰ ਸਿੰਘ ਗੱਡੂ ਵੱਲੋਂ ਸਾਰਿਆਂ ਨੂੰ ਜੀ ਆਇਆਂ ਆਖਿਆ ਗਿਆ।

ਤਰਸੇਮ ਸਿੰਘ ਕਾਲੇਵਾਲ ਵੱਲੋਂ ਧਾਰਮਿਕ ਗੀਤ ਨਾਲ ਸ਼ੁਰੂਆਤ ਕਰਨ ਉਪਰੰਤ ਪ੍ਰਧਾਨਗੀ ਮੰਡਲ ਵੱਲੋਂ ਗ਼ਜ਼ਲ ਸੰਗ੍ਰਹਿ ÷ਚੀਸ÷ ਦਾ ਲੋਕ ਅਰਪਣ ਕੀਤਾ ਗਿਆ। ਜਸਵਿੰਦਰ ਸਿੰਘ ਕਾਈਨੌਰ ਵੱਲੋਂ ਵਿਸਥਾਰਪੂਰਵਕ ਪੇਪਰ ਪੜ੍ਹਿਆ ਗਿਆ ਜਿਸ ਵਿੱਚ ਉਨ੍ਹਾਂ ਕਿਹਾ ਕਿ ਇਹ ਗ਼ਜ਼ਲ ਸੰਗ੍ਰਹਿ ਪੰਜਾਬੀ ਗ਼ਜ਼ਲ ਦੇ ਖੇਤਰ ਵਿੱਚ ਇੱਕ ਨਵਾਂ ਸਾਰਥਕ ਅਤੇ ਪ੍ਰਗਤੀਸ਼ੀਲ ਕਦਮ ਹੈ। ਸੁਰਜੀਤ ਸੁਮਨ ਨੇ ਵਿਚਾਰ ਚਰਚਾ ਵਿੱਚ ਹਿੱਸਾ ਲੈਂਦਿਆਂ ਕਿਹਾ ਕਿ ਇਸ ਗ਼ਜ਼ਲ ਸੰਗ੍ਰਹਿ ਦੀਆਂ ਗ਼ਜ਼ਲਾਂ ਸਾਡੇ ਜੀਵਨ ਨੂੰ ਹਰ ਪੱਖਾਂ ਤੋਂ ਮਿਲਣ ਵਾਲੇ ਦੁੱਖਾਂ ਦਰਦਾਂ ਦੀ ਚੀਸ ਦਾ ਪ੍ਰਗਟਾਵਾ ਕਰਦੀਆਂ ਹਨ। ਇੰਜ. ਸ਼ੌਕਇੰਦਰ ਸਿੰਘ ਕੋਰਾ ਨੇ ਕਿਹਾ ਕਿ ਪੁਸਤਕ ਦਾ ਟਾਈਟਲ "ਚੀਸ" ਰੱਖ ਕੇ 'ਰਾਹੀ' ਨੇ ਠੀਕ ਕੀਤਾ ਹੈ ਅਤੇ ਉਨ੍ਹਾਂ ਪੁਸਤਕ ਵਿੱਚੋਂ ਆਪਣੀ ਮਨ ਪਸੰਦ ਇੱਕ ਗ਼ਜ਼ਲ ਵੀ ਪੇਸ਼ ਕੀਤੀ।

ਪ੍ਰਸਿੱਧ ਗਾਇਕ ਕਲਾਕਾਰ ਗੁਰਵਿੰਦਰ ਸਿੰਘ ਗੁਰੀ ਨੇ 'ਲੋਕਾਂ ਦਾ ਜਾਂ ਫਿਰ ਜੋਕਾਂ ਦਾ ,ਕਿਹੜੀ ਧਿਰ ਨਾ' ਖੜ੍ਹਨਾ ਹੈ, ਕਲਮ ਤੇਰੀ ਨੂੰ ਦੋਹਾਂ ਵਿੱਚੋਂ ਇੱਕ ਤਾਂ ਚੁਣਨਾ ਪੈਣਾ ਹੈ", ਕ੍ਰਿਸ਼ਨ ਰਾਹੀ ਨੇ "ਕਿਸ ਨੇ ਕੀ ਕੀ ਕੀਤੀ ਇਹ ਹੁਣ ਫੇਰ ਸਹੀ । ਸਾਡੇ 'ਤੇ ਜੋ ਬੀਤੀ, ਇਹ ਹੁਣ ਫੇਰ ਸਹੀ ।" ਰਤਨ ਬਾਬਕ ਵਾਲਾ ਨੇ, ਵਾਂਗ ਹਵਾ ਦੇ ਆ ਕੇ, ਛੇਤੀ ਮੁੜ ਜਾਨੈਂ।

ਖੋਹਣ ਨੂੰ ਫਿਰਦੇ ਨੇ"ਪੁਸਤਕ ਵਿੱਚੋਂ ਗ਼ਜ਼ਲਾਂ ਪੇਸ਼ ਕਰ ਕੇ ਵਾਹ-ਵਾਹ ਖੱਟੀ। ਪਿਆਰਾ ਸਿੰਘ ਰਾਹੀ ਨੇ ਆਪਣੇ ਗ਼ਜ਼ਲ ਲਿਖਣ ਦੇ ਸਫ਼ਰ ਦੀ ਗੱਲ ਸਾਂਝੀ ਕਰਦਿਆਂ ਦਿੱਤੇ ਸਹਿਯੋਗ ਲਈ ਸਭ ਦਾ ਧੰਨਵਾਦ ਕੀਤਾ ਅਤੇ ਤਰੰਨਮ ਵਿੱਚ ਇੱਕ ਗ਼ਜ਼ਲ "ਘਰ ਦੇ ਵਿੱਚ ਹੈ ਕੂੜਾ ਬਹੁਕਰ ਮਾਰ ਕੁੜੇ। ਅੰਦਰ ਮੈਲ਼?ਾ ਹੋਵੇ ਨਹੀਂ ਸਤਿਕਾਰ ਕੁੜੇ।"ਪੇਸ਼ ਕੀਤੀ। ਡਾ. ਦਵਿੰਦਰ ਸਿੰਘ ਬੋਹਾ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਕਿਹਾ ਕਿ ਇਹ ਗ਼ਜ਼ਲਾਂ ਸਾਡੇ ਪਰਿਵਾਰਕ, ਸਮਾਜਿਕ, ਰਾਜਨੀਤਿਕ, ਧਾਰਮਿਕ ਆਦਿ ਖੇਤਰਾਂ ਦੇ ਵਰਤਾਰੇ ਵਿੱਚ ਆਏ ਨਿਘਾਰ 'ਚੋਂ ਉਪਜੇ ਦੁੱਖਾਂ ਦਰਦਾਂ ਦੀ ਚੀਸ ਦਾ ਪ੍ਰਗਟਾਵਾ ਕਰਦੀਆਂ ਹਨ। ਇਸ ਲਈ ਲੇਖਕ ਵਧਾਈ ਦਾ ਹੱਕਦਾਰ ਹੈ। ਸੱਥ ਵੱਲੋਂ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਅਤੇ ਪੁਸਤਕ ਦੇ ਲੇਖਕ ਦਾ ਸਨਮਾਨ ਚਿੰਨ੍ਹ ਦੇ ਕੇ ਸਨਮਾਨ ਕੀਤਾ ਗਿਆ।ਕੈਨੇਡਾ ਤੋਂ ਵਿਸ਼ੇਸ਼ ਤੌਰ 'ਤੇ ਆਏ ਪਿਆਰਾ ਸਿੰਘ ਰਾਹੀ ਦੀ ਬੇਟੀ ਰੁਪਿੰਦਰ ਕੌਰ, ਦਾਮਾਦ ਕਰਮਨਜੀਤ ਸਿੰਘ ਦਾ ਵੀ ਸੱਥ ਵੱਲੋਂ ਗਿਫਟ ਦੇ ਕੇ ਸਨਮਾਨ ਕੀਤਾ ਗਿਆ ।ਚੱਲੇ ਕਵੀ ਦਰਬਾਰ ਵਿੱਚ ਦਲਬੀਰ ਸਿੰਘ ਸਰੋਆ, ਇੰਦਰਜੀਤ ਕੌਰ ਵਡਾਲਾ, ਅਮਰਜੀਤ ਕੌਰ ਮੋਰਿੰਡਾ, ਖ਼ੁਸ਼ੀ ਰਾਮ ਨਿਮਾਣਾ, ਭੁਪਿੰਦਰ ਸਿੰਘ ਭਾਗੋਮਾਜਰਾ, ਬੰਤ ਸਿੰਘ ਦੀਪ, ਗੁਰਸ਼ਰਨ ਸਿੰਘ ਕਾਕਾ, ਸੁਮਿੱਤਰ ਸਿੰਘ ਦੋਸਤ, ਰਾਜੂ ਨਾਹਰ, ਮੰਦਿਰ ਗਿੱਲ ਸਾਹਿਬਚੰਦੀਆ, ਮਨਜੀਤਪਾਲ ਸਿੰਘ, ਬਾਬੂ ਰਾਮ ਦੀਵਾਨਾ, ਹਰਜੀਤ ਕੌਰ ਮਾਵੀ, ਜਸ਼ਨਦੀਪ ਸਿੱਧੂ, ਮਹਿੰਦਰ ਸਿੰਘ ਗੋਸਲਾਂ, ਕੇਸਰ ਸਿੰਘ ਇੰਸਪੈਕਟਰ, ਹਾਕਮ ਸਿੰਘ ਨੱਤਿਆਂ, ਪ੍ਰੋ.ਕੇਵਲਜੀਤ ਸਿੰਘ ਕੰਵਲ, ਰਣਜੀਤ ਕੌਰ ਕੰਗ, ਐਡਵੋਕੇਟ ਨੀਲਮ ਨਾਰੰਗ, ਸਰਬਜੀਤ ਸਿੰਘ ਪੱਡਾ, ਅੰਮ੍ਰਿਤਜੀਤ ਕੌਰ, ਸੁਰਿੰਦਰ ਕੌਰ ਬਾੜਾ ਅਤੇ ਧਿਆਨ ਸਿੰਘ ਕਾਹਲੋਂ ਆਦਿ ਨੇ ਰਚਨਾਵਾਂ ਪੇਸ਼ ਕੀਤੀਆਂ ।ਸਟੇਜ ਸਕੱਤਰ ਦੇ ਫਰਜ਼ ਜਸਵਿੰਦਰ ਸਿੰਘ ਕਾਈਨੌਰ ਵੱਲੋਂ ਬਾਖੂਬੀ ਨਿਭਾਏ ਗਏ।ਉਪਰੋਕਤ ਤੋਂ ਇਲਾਵਾ ਹੋਰ ਵੀ ਸਾਹਿਤ ਪ੍ਰੇਮੀਆਂ ਨੇ ਹਿੱਸਾ ਲਿਆ।ਅਖੀਰ ਵਿੱਚ ਹਾਕਮ ਸਿੰਘ ਨੱਤਿਆਂ ਨੇ ਸੱਥ ਵੱਲੋਂ ਸਭ ਦਾ ਧੰਨਵਾਦ ਕੀਤਾ ਗਿਆ।



# ਐਸ.ਸੀ. ਸਿਖਿਆਰਥੀਆਂ ਲਈ 2 ਹਫ਼ਤੇ ਦੀ ਮੁਫ਼ਤ ਡੇਅਰੀ ਸਿਖਲਾਈ 02 ਨਵੰਬਰ ਤੋਂ ਸ਼ੁਰੂ

- **ਸਿਖਲਾਈ ਉਪਰੰਤ ਦਿੱਤਾ ਜਾਵੇਗਾ 3500 ਰੁਪਏ ਵਜੀਵਾ**
- **ਮੁਫ਼ਤ ਸਿਖਲਾਈ ਲਈ ਸਿਰਫ਼ ਐਸ.ਸੀ. ਨੌਜਵਾਨਾਂ ਦੀ ਹੋਵੇਗੀ ਪਾਤਰਤਾ**

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, 29 ਸਤੰਬਰ (ਪੈ.ਗਾਮ-ਏ-ਜਗਤ)**

ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾਇਰੈਕਟਰ ਡੇਅਰੀ ਵਿਕਾਸ ਵਿਭਾਗ ਪੰਜਾਬ ਵਰਿਆਮ ਸਿੰਘ ਦੀ ਅਗਵਾਈ ਹੇਠ ਡੇਅਰੀ ਵਿਕਾਸ ਵਿਭਾਗ/ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਐਸ.ਸੀ ਲਾਭਪਾਤਰੀਆਂ ਨੂੰ 2 ਹਫ਼ਤਿਆਂ ਦਾ ਮੁਫ਼ਤ ਡੇਅਰੀ ਸਿਖਲਾਈ ਕੋਰਸ 02 ਨਵੰਬਰ 2026 ਨੂੰ ਡੇਅਰੀ ਸਿਖਲਾਈ ਕੇਂਦਰ, ਚਤਾਮਲੀ ਵਿਖੇ ਚਲਾਇਆ ਜਾ ਰਿਹਾ ਹੈ।

ਇਹ ਜਾਣਕਾਰੀ ਦਿੰਦਿਆਂ ਹਰਵੰਤ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਐਸ.ਏ.ਐਸ ਨਗਰ ਨੇ ਦੱਸਿਆ ਕਿ ਇਸ ਸਿਖਲਾਈ ਸਕੀਮ ਤਹਿਤ ਸਿਖਲਾਈ ਉਨ੍ਹਾਂ ਵਿਅਕਤੀਆਂ ਨੂੰ ਹੀ ਦਿੱਤੀ ਜਾਵੇਗੀ, ਜਿਨ੍ਹਾਂ ਦੀ ਉਮਰ 18 ਸਾਲ ਤੋਂ 55 ਸਾਲ ਦੇ ਦਰਮਿਆਨ ਹੋਵੇ, ਘੱਟੋ ਘੱਟ ਪੰਜਵੀਂ ਪਾਸ ਹੋਵੇ, ਅਨੁਸੂਚਿਤ ਜਾਤੀ ਨਾਲ ਸੰਬੰਧ ਰੱਖਦਾ ਹੋਵੇ। ਪੰਜਾਬ ਸਰਕਾਰ ਵੱਲੋਂ ਇਹ ਸਿਖਲਾਈ ਮੁਫ਼ਤ ਕਰਵਾਈ ਜਾ ਰਹੀ ਹੈ, ਜਿਸਦੀ ਕਿ ਕੋਈ ਵੀ ਫ਼ੀਸ ਨਹੀਂ ਹੈ। ਬਲਕਿ ਸਿਖਿਆਰਥੀਆਂ ਨੂੰ ਸਿਖਲਾਈ ਉਪਰੰਤ 3500 ਰੁਪਏ ਪ੍ਰਤੀ ਸਿਖਿਆਰਥੀ ਵਜੀਫਾ ਵੀ ਦਿੱਤਾ ਜਾਵੇਗਾ। ਡੇਅਰੀ ਇੰਸਪੈਕਟਰ ਮਿਸ ਗੁਰਪ੍ਰੀਤ ਅਤੇ ਮਿਸ ਵਰਤਿਕਾ ਨੇ ਅਨੁਸੂਚਿਤ ਜਾਤੀ ਨਾਲ ਸਬੰਧ ਰੱਖਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਇਸ ਡੇਅਰੀ ਸਿਖਲਾਈ ਨੂੰ ਪ੍ਰਾਪਤ ਕਰਕੇ ਵਿਭਾਗ ਦੀਆਂ ਸਕੀਮਾਂ ਦਾ ਪੂਰਨ ਲਾਹਾ ਲੈ ਕੇ ਆਪਣੇ ਡੇਅਰੀ ਧੰਦੇ ਨੂੰ ਵਪਾਰਕ ਲੀਹਾਂ ਤੇ ਲੈ ਕੇ ਜਾਣਾ ਚਾਹੀਦਾ ਹੈ। ਅੱਜ ਦੇ ਸਮੇਂ ਦੌਰਾਨ ਖੇਤੀਬਾੜੀ ਦੇ ਫਸਲੀ ਚੱਕਰ ਦੇ ਬਦਲਾਅ ਲਈ ਡੇਅਰੀ ਦਾ ਧੰਦਾ ਅਪਨਾਉਣਾ ਚਾਹੀਦਾ ਹੈ। ਚਾਹਵਾਨ ਐਸ.ਸੀ. ਲਾਭਪਾਤਰੀ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਮਾਰਫਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਐਸ.ਏ.ਐਸ ਨਗਰ ਦੇ ਕਮਰਾ ਨੰਬਰ 434, ਤੀਜੀ ਮੰਜਿਲ 'ਤੇ ਕਿਸੇ ਵੀ ਕੰਮ ਵਾਲੇ ਦਿਨ ਆ ਕੇ ਅਰਜ਼ੀ ਦੇ ਸਕਦੇ ਹਨ। ਵਧੇਰੇ ਜਾਣਕਾਰੀ ਲਈ ਫੋਨ ਨੰਬਰਾਂ (7009982900, 8221024797) ਤੇ ਸੰਪਰਕ ਕਰ ਸਕਦੇ ਹੋ।

# ਡੀਟੀਐਫ ਬਲਾਕ ਕਪੂਰਥਲਾ ਦੀ ਹੋਈ ਮੀਟਿੰਗ : ਮਾਸਟਰ ਮਲਕੀਤ ਸਿੰਘ

**ਕਪੂਰਥਲਾ/ਪੈਗਾਮ-ਏ-ਜਗਤ (ਜੱਸਪ੍ਰੀਤ ਸਿੰਘ "ਧਿੰਜਣ)**

ਡੀਟੀਐਫ ਬਲਾਕ ਕਪੂਰਥਲਾ-3 ਦੇ ਬਲਾਕ ਪ੍ਰਧਾਨ ਮਲਕੀਤ ਸਿੰਘ ਹੈੱਡ ਟੀਚਰ ਝੱਲ ਠੀਕਰੀਵਾਲ, ਬਲਾਕ ਸਕੱਤਰ ਅਵਤਾਰ ਸਿੰਘ ਉੱਚਾ ਬੇਟ, ਬਲਾਕ ਪ੍ਰੈੱਸ ਸਕੱਤਰ ਸੁਖਪਾਲ ਸਿੰਘ ਮਿਆਣੀ ਬੋਲਾਂ ਵੱਲੋਂ ਸ਼੍ਰੀ ਰਾਜੇਸ਼ ਕੁਮਾਰ ਜੀ, ਬੀ.ਪੀ.ਈ.ਓ. ਕਪੂਰਥਲਾ-3 ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਅਧਿਆਪਕਾਂ ਨਾਲ ਸਬੰਧਤ ਕਈ ਅਹਿਮ ਮਸਲਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮਿੱਡ-ਡੇ-ਮੀਲ ਦੇ ਬਕਾਏ ਜਲਦ ਤੋਂ ਜਲਦ ਜਾਰੀ



ਕਰਨ ਅਤੇ ਬਿੱਲ SUBMIT ਕਰਨ ਦੀ ਪੂਰੀ ਪ੍ਰਕਿਰਿਆ DETAIL ਵਿੱਚ ਅਧਿਆਪਕਾਂ / ਸਕੂਲ ਮੁੱਖੀਆਂ ਨਾਲ ਸਾਂਝੀ ਕਰਨ ਬਾਰੇ ਗੱਲਬਾਤ ਕੀਤੀ ਗਈ।

Pay Commission ਦੇ ਬਕਾਏ ਨਾਲ ਸਬੰਧਤ ਬਿੱਲਾਂ ਬਾਰੇ ਗਲਬਾਤ ਕੀਤੀ ਗਈ। BPEO ਸਾਹਿਬ ਵੱਲੋਂ ਦੱਸਿਆ ਗਿਆ ਕਿ ਬਿੱਲ ਤਿਆਰ ਹੋ ਚੁੱਕੇ ਹਨ।

ਐਚ.ਟੀ./ਸੀ.ਐਚ.ਟੀ. ਦੀਆਂ ਤਰੱਕੀਆਂ ਸਬੰਧੀ ਮੌਜੂਦਾ STATUS ਬਾਰੇ ਵਿਸਥਾਰ ਨਾਲ ਗੱਲਬਾਤ ਕੀਤੀ ਗਈ ਅਤੇ ਜਲਦ ਕਾਰਵਾਈ ਦੀ ਮੰਗ ਰੱਖੀ ਗਈ।

ਆਰਜ਼ੀ ਪ੍ਰਬੰਧ ਅਧੀਨ ਚੱਲ ਰਹੇ ਸਕੂਲਾਂ ਦਾ ਪੱਕਾ ਅਤੇ ਸਥਾਈ ਹੱਲ ਕੱਢਣ ਸਬੰਧੀ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।

ਬੀ.ਪੀ.ਈ.ਓ. ਸਾਹਿਬ ਵੱਲੋਂ ਉਪਰੋਕਤ ਸਾਰੇ ਮਸਲਿਆਂ ਨੂੰ ਜਲਦ ਤੋਂ ਜਲਦ ਹੱਲ ਕਰਨ ਦਾ ਭਰੋਸਾ ਦਿਵਾਇਆ ਗਿਆ। ਡੀਟੀਐਫ ਬਲਾਕ ਕਪੂਰਥਲਾ-3 ਦੇ ਆਗੂਆਂ ਵੱਲੋਂ ਅਧਿਆਪਕ ਹਿੱਤਾਂ ਲਈ ਨਿਰੰਤਰ ਯਤਨ ਜਾਰੀ ਰੱਖਣ ਦਾ ਭਰੋਸਾ ਦਿਵਾਇਆ ਗਿਆ।

# ਮੂੰਹ-ਖੁਰ ਰੋਗ ਨਿਯੰਤਰਣ ਲਈ ਲੁਵਾਸ ਦਾ ਜਾਗਰੂਕਤਾ ਮੁਹਿੰਮ, 200 ਪਸ਼ੂ ਚਿਕਿਤਸਕਾਂ ਅਤੇ ਵਿਦਿਆਰਥੀਆਂ ਨੂੰ ਦਿੱਤੀ ਜਾਣਕਾਰੀ

**ਪੈ.ਗਾਮ-ਏ-ਜਗਤ ਹਿਸਾਰ (ਦਿਨਕਰ ਗਾਵੜੀ)**

ਲਾਲਾ ਲਾਜਪਤ ਰਾਏ ਪਸ਼ੂ ਚਿਕਿਤਸਾ ਅਤੇ ਪਸ਼ੂ ਵਿਗਿਆਨ ਯੂਨੀਵਰਸਿਟੀ (ਲੁਵਾਸ), ਹਿਸਾਰ ਦੇ ਪਸ਼ੂ ਚਿਕਿਤਸਾ ਸੂਖਮ ਜੀਵ ਵਿਗਿਆਨ ਵਿਭਾਗ ਸਥਿਤ ਖੇਤਰੀ ਮੂੰਹ-ਖੁਰ ਰੋਗ ਖੋਜ ਕੇਂਦਰ ਵੱਲੋਂ ਸਤੰਬਰ 2026 ਨੂੰ ਮੂੰਹ-ਖੁਰ ਰੋਗ ਜਾਗਰੂਕਤਾ ਮਹੀਨੇ ਵਜੋਂ ਮਨਾਇਆ ਜਾ ਰਿਹਾ ਹੈ। ਆਈਸੀਏਆਰ-ਰਾਸ਼ਟਰੀ ਮੂੰਹ-ਖੁਰ ਰੋਗ ਸੰਸਥਾਨ, ਭੁਵਨੇਸ਼ਵਰ ਦੇ ਉਤਸ਼ਾਹ ਨਾਲ ਆਯੋਜਿਤ ਮੁਹਿੰਮ ਤਹਿਤ ਪਸ਼ੂ ਚਿਕਿਤਸਕਾਂ, ਵਿਦਿਆਰਥੀਆਂ ਅਤੇ ਹੋਰ ਸਬੰਧਤ ਲੋਕਾਂ ਨੂੰ ਰੋਗ ਦੀ ਰੋਕਥਾਮ, ਪਛਾਣ, ਟੀਕਾਕਰਨ ਅਤੇ ਨਿਯੰਤਰਣ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।



ਮੁਹਿੰਮ ਦਾ ਉਦੇਸ਼ ਮੂੰਹ-ਖੁਰ ਰੋਗ ਦੀ ਰੋਕਥਾਮ ਅਤੇ ਨਿਯੰਤਰਣ ਲਈ ਜ਼ਰੂਰੀ ਜਾਣਕਾਰੀ ਉਪਲਬਧ ਕਰਵਾਉਣਾ ਅਤੇ ਫੀਲਡ ਪੱਧਰ 'ਤੇ ਰੋਗ ਦੀ ਨਿਗਰਾਨੀ ਅਤੇ ਸਮੇਂ ਸਿਰ ਨਿਦਾਨ ਨੂੰ ਮਜ਼ਬੂਤ ਕਰਨਾ ਹੈ। ਇਹ ਮੁਹਿੰਮ ਸਤੰਬਰ 2019 ਵਿੱਚ ਸ਼ੁਰੂ ਕੀਤੇ ਗਏ ਰਾਸ਼ਟਰੀ ਪਸ਼ੂ ਰੋਗ ਨਿਯੰਤਰਣ ਪ੍ਰੋਗਰਾਮ ਦੇ ਸ਼ੁਭਾਰੰਭ ਦੀ ਯਾਦ ਵਿੱਚ ਆਯੋਜਿਤ ਕੀਤੀ ਜਾ ਰਹੀ ਹੈ। ਲੁਵਾਸ ਦੇ ਕੁਲਪਤੀ ਦੀ ਅਗਵਾਈ ਹੇਠ ਆਯੋਜਿਤ ਗਤੀਵਿਧੀਆਂ ਵਿੱਚ ਨਿਦੇਸ਼ਕ ਖੋਜ ਡਾ. ਰਜਤ ਗਰਗ ਅਤੇ ਪਸ਼ੂ ਚਿਕਿਤਸਾ ਸੂਖਮ ਜੀਵ ਵਿਗਿਆਨ ਵਿਭਾਗ ਦੇ ਪ੍ਰਧਾਨ ਡਾ. ਰਾਜੇਸ਼ ਛਾਬੜਾ ਦਾ ਸਹਿਯੋਗ ਰਿਹਾ। ਹਰਿਆਣਾ ਪਸ਼ੂ ਪਾਲਣ ਅਤੇ ਡੇਅਰੀ ਵਿਭਾਗ ਨੇ ਵੀ ਸਮਰੱਥਾ ਨਿਰਮਾਣ ਗਤੀਵਿਧੀਆਂ ਵਿੱਚ ਸਹਿਯੋਗ ਦਿੱਤਾ। ਹਰਿਆਣਾ ਦੇ ਪਸ਼ੂ ਚਿਕਿਤਸਕਾਂ ਲਈ 'ਮੂੰਹ-ਖੁਰ ਰੋਗ ਦਾ ਨਿਦਾਨ: ਮੂਲ ਗੱਲਾਂ ਵੱਲ ਵਾਪਸੀ ਵਿਸ਼ੇ 'ਤੇ ਆਨਲਾਈਨ ਜਾਗਰੂਕਤਾ ਅਤੇ ਸਮਰੱਥਾ ਨਿਰਮਾਣ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਵਿੱਚ ਖੇਤਰੀ ਮੂੰਹ-ਖੁਰ ਰੋਗ ਖੋਜ ਕੇਂਦਰ ਦੇ ਵਿਗਿਆਨੀਆਂ ਨੇ ਲਗਭਗ 100 ਪਸ਼ੂ ਚਿਕਿਤਸਕਾਂ ਅਤੇ ਉਪ ਨਿਦੇਸ਼ਕਾਂ ਨੂੰ ਰੋਗ ਦੀ ਪਛਾਣ, ਮੁੱਢਲੇ ਨਿਦਾਨ ਅਤੇ ਢੁਕਵੇਂ ਨਮੂਨਾ ਇਕੱਠਾ ਕਰਨ ਦੀ ਜਾਣਕਾਰੀ ਦਿੱਤੀ। ਫੀਲਡ ਪੱਧਰ 'ਤੇ ਸਹੀ ਪਛਾਣ, ਨਿਗਰਾਨੀ ਅਤੇ ਸਮੇਂ ਸਿਰ ਨਮੂਨਾ ਭੇਜਣ ਦੇ ਮਹੱਤਵ 'ਤੇ ਜ਼ੋਰ ਦਿੱਤਾ ਗਿਆ।ਮੁਹਿੰਮ ਤਹਿਤ 25 ਸਤੰਬਰ 2026 ਨੂੰ ਰਾਜਕੀ ਹਾਈ ਸਕੂਲ, ਤੀਤਰਮ, ਕੈਥਲ ਵਿੱਚ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ, ਜਿਸ ਵਿੱਚ ਲਗਭਗ 100 ਵਿਦਿਆਰਥੀਆਂ ਨੇ ਭਾਗ ਲਿਆ। ਡਾ. ਅੰਸ਼ੁਲ ਲਾਠਰ ਨੇ ਵਿਦਿਆਰਥੀਆਂ ਨੂੰ ਰੋਗ ਦੇ ਪ੍ਰਮੁੱਖ ਲੱਛਣਾਂ, ਫੈਲਣ ਦੇ ਤਰੀਕਿਆਂ, ਰੋਕਥਾਮ, ਟੀਕਾਕਰਨ ਅਤੇ ਸ਼ੱਕੀ ਮਾਮਲਿਆਂ ਦੀ ਸਮੇਂ ਸਿਰ ਸੂਚਨਾ ਦੇਣ ਬਾਰੇ ਜਾਣਕਾਰੀ ਦਿੱਤੀ।

ਕੇਂਦਰ ਦੀ ਇੰਚਾਰਜ ਅਤੇ ਸੀਨੀਅਰ ਵਿਗਿਆਨੀ ਡਾ. ਸਵਾਤੀ ਦਹੀਆ ਨੇ ਕਿਹਾ ਕਿ ਨਿਯਮਤ ਟੀਕਾਕਰਨ, ਪ੍ਰਭਾਵੀ ਨਿਗਰਾਨੀ ਅਤੇ ਸਮੇਂ ਸਿਰ ਪਛਾਣ ਨਾਲ ਮੂੰਹ-ਖੁਰ ਰੋਗ ਨਿਯੰਤਰਣ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਪਸ਼ੂ ਚਿਕਿਤਸਕਾਂ, ਪਸ਼ੂ ਪਾਲਕਾਂ, ਵਿਦਿਆਰਥੀਆਂ ਅਤੇ ਹੋਰ ਸਬੰਧਤ ਧਿਰਾਂ ਦੇ ਸਮੂਹਿਕ ਯਤਨਾਂ ਨੂੰ ਮਹੱਤਵਪੂਰਨ ਦੱਸਿਆ। ਗਤੀਵਿਧੀਆਂ ਦਾ ਤਾਲਮੇਲ ਡਾ. ਸਵਾਤੀ ਦਹੀਆ ਵੱਲੋਂ ਕੀਤਾ ਗਿਆ।

# ਯੂ.ਡੀ.ਆਈ.ਡੀ. ਕਾਰਡ ਬਣਾਉਣ ਲਈ ਸਕੂਲ ਆਫ਼ ਐਮੀਨੈਂਸ ਵਿਖੇ ਲਗਾਇਆ ਵਿਸ਼ੇਸ਼ ਕੈਂਪ

**ਸੰਗਰੂਰ, 29 ਸਤੰਬਰ (ਪੈ.ਗਾਮ-ਏ-ਜਗਤ)**

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸੰਗਰੂਰ ਵੱਲੋਂ ਸਕੂਲ ਆਫ਼ ਐਮੀਨੈਂਸ, ਸੰਗਰੂਰ (ਨੀਲ ਕੋਠੀ) ਵਿਖੇ ਬੱਚਿਆਂ ਦੇ ਦਿਵਿਆਂਗਤਾ ਸਰਟੀਫਿਕੇਟ ਅਤੇ ਯੂ.ਡੀ.ਆਈ.ਡੀ. ਕਾਰਡ ਬਣਾਉਣ ਲਈ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਮੌਕੇ ਸਿਵਲ ਜੱਜ (ਸੀਨੀਅਰ ਡਿਵੀਜ਼ਨ)/ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸੰਗਰੂਰ ਸ੍ਰੀ ਆਸ਼ੀਸ਼ ਠਠਈ, ਪੀ.ਸੀ.ਐੱਸ. ਨੇ ਦੱਸਿਆ ਕਿ ਕੈਂਪ ਦਾ ਮੁੱਖ ਉਦੇਸ਼ ਦਿਵਿਆਂਗ ਬੱਚਿਆਂ ਨੂੰ ਸਰਕਾਰੀ ਭਲਾਈ ਸਕੀਮਾਂ ਦਾ ਲਾਭ ਯਕੀਨੀ ਬਣਾਉਣ ਦੇ ਨਾਲ-ਨਾਲ ਉਨ੍ਹਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਦਿਵਿਆਂਗਤਾ ਸਰਟੀਫਿਕੇਟ ਅਤੇ ਯੂ.ਡੀ.ਆਈ.ਡੀ. ਕਾਰਡ ਬਣਵਾਉਣ ਦੀ ਪ੍ਰਕਿਰਿਆ ਨੂੰ ਸੁਖਾਲਾ ਅਤੇ ਪਹੁੰਚਯੋਗ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ



ਯੂ.ਡੀ.ਆਈ.ਡੀ. ਕਾਰਡ ਦਿਵਿਆਂਗ ਵਿਅਕਤੀਆਂ ਦੀ ਪਛਾਣ ਅਤੇ ਤਸਦੀਕ ਲਈ ਇੱਕ ਇਕਹਿਰੇ ਦਸਤਾਵੇਜ਼ ਵਜੋਂ ਕੰਮ ਕਰਦਾ ਹੈ, ਜਿਸ ਰਾਹੀਂ ਉਹ ਵੱਖ-ਵੱਖ ਸਰਕਾਰੀ ਭਲਾਈ ਸਕੀਮਾਂ ਅਤੇ ਸਹੂਲਤਾਂ ਦਾ ਲਾਭ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ (ਨਾਲਸਾ) (ਮਾਨਸਿਕ ਤੌਰ 'ਤੇ ਦਿਵਿਆਂਗ ਵਿਅਕਤੀਆਂ ਅਤੇ ਬੌਧਿਕ ਦਿਵਿਆਂਗਤਾ ਵਾਲੇ ਵਿਅਕਤੀਆਂ ਲਈ ਕਾਨੂੰਨੀ ਸੇਵਾਵਾਂ) ਸਕੀਮ, 2024 ਅਤੇ ਨਾਲਸਾ (ਬੱਚਿਆਂ ਲਈ ਬਾਲ-ਮਿੱਤਰ ਕਾਨੂੰਨੀ ਸੇਵਾਵਾਂ) ਸਕੀਮ, 2024 ਤਹਿਤ ਇਹ ਕੈਂਪ ਲਗਾਇਆ ਗਿਆ ਹੈ। ਕੈਂਪ ਦੌਰਾਨ ਦਿਵਿਆਂਗਤਾ ਸਰਟੀਫਿਕੇਟ/ਯੂ.ਡੀ.ਆਈ.ਡੀ. ਕਾਰਡ ਲਈ ਕੁੱਲ 35 ਅਰਜ਼ੀਆਂ ਪ੍ਰਾਪਤ ਹੋਈਆਂ ਹਨ। ਸਿਵਲ ਸਰਜਨ ਦਫ਼ਤਰ ਤੋਂ ਡਾਕਟਰਾਂ ਦੀ ਟੀਮ ਅਤੇ ਲੋੜੀਂਦੀਆਂ ਸਹੂਲਤਾਂ ਨਾਲ ਸੇਵਾ ਕੇਂਦਰ ਦਾ ਸਟਾਫ਼ ਬਿਨੈਕਾਰਾਂ ਦੀ ਸਹਾਇਤਾ ਲਈ ਮੌਜੂਦ ਰਿਹਾ। ਜ਼ਿਲ੍ਹਾ ਸਿੱਖਿਆ ਅਫ਼ਸਰ ਦੇ ਦਫ਼ਤਰ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਨੂੰ ਕੈਂਪ ਸਬੰਧੀ ਜਾਣਕਾਰੀ ਮੁਹੱਈਆ ਕਰਵਾਈ ਗਈ ਤਾਂ ਜੋ ਯੋਗ ਵਿਦਿਆਰਥੀ ਇਸ ਦਾ ਲਾਭ ਲੈ ਸਕਣ। ਇਸ ਤੋਂ ਇਲਾਵਾ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸੰਗਰੂਰ ਦੇ ਪੈਰਾ-ਲੀਗਲ ਵਲੰਟੀਅਰਾਂ ਅਤੇ ਪੈਨਲ ਵਕੀਲਾਂ ਵੱਲੋਂ ਬਿਨੈਕਾਰਾਂ ਨੂੰ ਲੋੜੀਂਦੀ ਜਾਣਕਾਰੀ ਦੇਣ ਦੇ ਨਾਲ-ਨਾਲ ਕਾਨੂੰਨੀ ਸਹਾਇਤਾ ਵੀ ਪ੍ਰਦਾਨ ਕੀਤੀ ਗਈ। ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਕਿਹਾ ਕਿ ਅਥਾਰਟੀ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਕੋਈ ਵੀ ਦਿਵਿਆਂਗ ਬੱਚਾ ਸਰਕਾਰੀ ਭਲਾਈ ਸਕੀਮਾਂ ਦੇ ਲਾਭ ਤੋਂ ਵਾਂਝਾ ਨਾ ਰਹੇ।

